# ਨਹਮਯਾਹ

## ਨਹਮਯਾਹ ਦੀ ਪ੍ਰਾਰਥਨਾ

1 [1]ਇਹ ਸ਼ਬਦ ਹਕਲਯਾਹ ਦੇ ਪੁੱਤਰ ਨਹਮਯਾਹ ਦੇ ਹਨ।
ਕਿਸਲੇਵ ਦੇ ਮਹੀਨੇ, ਮੈਂ (ਨਹਮਯਾਹ) ਸ਼ੂਸ਼ਨ ਦੇ ਕਿਲੇ ਵਿੱਚ
ਸੀ। ਇਹ ਅਰਤਹਸ਼ਸ਼ਤਾ ਦੇ ਰਾਜ ਦੇ 20ਵੇਂ ਵਰ੍ਹੇ 'ਚ ਸੀ। [2]ਜਦੋਂ ਮੈਂ
ਸ਼ੂਸ਼ਨ ਵਿੱਚ ਸੀ, ਮੇਰੇ ਭਰਾਵਾਂ ਵਿੱਚੋਂ ਹਨਾਨੀ ਅਤੇ ਯਹੂਦਾਹ ਤੋਂ ਕੁਝ
ਆਦਮੀ ਮੇਰੇ ਕੋਲ ਆਏ। ਮੈਂ ਉਨ੍ਹਾਂ ਨੂੰ ਉੱਥੇ ਰਹਿੰਦੇ ਯਹੂਦੀਆਂ ਬਾਰੇ
ਪੁੱਛਿਆ ਜੋ ਕਿ ਬਚ ਨਿੱਕਲੇ ਸਨ ਅਤੇ ਦੇਸ ਨਿਕਾਲਾ ਝੱਲਿਆ ਸੀ।
ਮੈਂ ਉਨ੍ਹਾਂ ਨੂੰ ਯਰੂਸ਼ਲਮ ਦੇ ਸ਼ਹਿਰ ਬਾਰੇ ਵੀ ਪੁੱਛਿਆ।
[3]ਉਨ੍ਹਾਂ ਨੇ ਮੈਨੂੰ ਆਖਿਆ, "ਉਹ ਜਿਨ੍ਹਾਂ ਨੇ ਦੇਸ ਨਿਕਾਲੇ ਨੂੰ
ਝੱਲਿਆ ਅਤੇ ਉਹ ਜਿਹੜੇ ਯਹੂਦਾਹ ਦੀ ਧਰਤੀ ਤੇ ਰਹਿ ਰਹੇ ਹਨ
ਬਹੁਤ ਵੱਡੀ ਮੁਸੀਬਤ ਵਿੱਚ ਹਨ ਅਤੇ ਸ਼ਰਮਿੰਦਗੀ ਨਾਲ ਭਰੇ ਹੋਏ
ਹਨ ਕਿਉਂਕਿ ਯਰੂਸ਼ਲਮ ਦੀਆਂ ਕੰਧਾਂ ਢਹਿ ਚੁੱਕੀਆਂ ਹਨ ਤੇ ਇਸ
ਦੇ ਫ਼ਾਟਕ ਅੱਗ ਨਾਲ ਸਾੜੇ ਗਏ ਹਨ।"
[4]ਜਦੋਂ ਮੈਂ ਇੰਝ ਸੁਣਿਆ, ਮੈਂ ਹੇਠਾਂ ਬੈਠ ਗਿਆ ਅਤੇ ਕਈ ਦਿਨਾਂ
ਤਾਈਂ ਸੋਗ ਮਨਾਇਆ। ਮੈਂ ਅਕਾਸ਼ ਦੇ ਪਰਮੇਸ਼ੁਰ ਅੱਗੇ ਪ੍ਰਾਰਥਨਾ
ਕੀਤੀ ਅਤੇ ਵਰਤ ਰੱਖਿਆ। [5]ਫਿਰ ਮੈਂ ਇਹ ਪ੍ਰਾਰਥਨਾ ਕੀਤੀ:

"ਹੇ ਯਹੋਵਾਹ, ਅਕਾਸ਼ ਦੇ ਪਰਮੇਸ਼ੁਰ, ਮਹਾਨ ਅਤੇ
ਭੈ ਜੋਗ ਪਰਮੇਸ਼ੁਰ, ਜੋ ਆਪਣਾ ਇਕਰਾਰਨਾਮਾ ਅਤੇ
ਵਫ਼ਾਦਾਰੀ ਉਨ੍ਹਾਂ ਨਾਲ ਰੱਖਦਾ ਹੈ ਜੋ ਉਸ ਨੂੰ ਪਿਆਰ ਕਰਦੇ
ਹਨ ਅਤੇ ਉਸ ਦੇ ਹੁਕਮਾਂ ਦਾ ਪਾਲਣ ਕਰਦੇ ਹਨ।
[6]"ਹੇ ਪਰਮੇਸ਼ੁਰ, ਤੇਰੇ ਕੰਨ ਅਤੇ ਅੱਖਾਂ ਖੁੱਲੀਆਂ
ਰਹਿਣ ਤਾਂ ਜੋ ਤੇਰੇ ਸੇਵਕ ਵੱਲ ਜੋ ਦਿਨ ਰਾਤ ਤੇਰੇ ਅੱਗੇ
ਪ੍ਰਾਰਥਨਾ ਕਰ ਰਿਹਾ ਹੈ ਉਸ ਵੱਲ ਤੇਰਾ ਧਿਆਨ ਹੋਵੇ। ਮੈਂ
ਤੇਰੇ ਸੇਵਕਾਂ ਭਾਵ ਇਸਰਾਏਲ ਦੇ ਲੋਕਾਂ ਲਈ ਪ੍ਰਾਰਥਨਾ
ਕਰ ਰਿਹਾ ਹਾਂ ਅਤੇ ਮੈਂ ਕਬੂਲ ਕਰਦਾ ਹਾਂ ਕਿ ਅਸੀਂ
ਇਸਰਾਏਲੀਆਂ ਨੇ ਤੇਰੇ ਵਿਰੁੱਧ ਪਾਪ ਵੀ ਕੀਤੇ ਹਨ। ਮੈਂ
ਇਹ ਵੀ ਮੰਨਦਾ ਹਾਂ ਕਿ ਮੈਂ ਵੀ ਤੇਰੇ ਵਿਰੁੱਧ ਪਾਪ ਕੀਤਾ
ਅਤੇ ਮੇਰੇ ਘਰਾਣੇ ਨੇ ਵੀ ਤੇਰੇ ਵਿਰੁੱਧ ਪਾਪ ਕੀਤੇ ਹਨ।
[7]ਅਸਲ 'ਚ ਅਸੀਂ ਇਸਰਾਏਲੀਆਂ ਨੇ ਤੇਰੇ ਨਾਲ ਬਹੁਤ
ਬੁਰਾ ਕੀਤਾ ਹੈ। ਅਸੀਂ ਤੇਰੀਆਂ ਬਿਧੀਆਂ ਅਤੇ ਹੁਕਮਾਂ ਨੂੰ
ਜਿਹੜੇ ਤੂੰ ਆਪਣੇ ਸੇਵਕ ਮੂਸਾ ਨੂੰ ਦਿੱਤੇ ਸਨ, ਉਨ੍ਹਾਂ ਨੂੰ
ਨਹੀਂ ਮੰਨਿਆ।
[8]"ਉਸ ਗੱਲ ਨੂੰ ਯਾਦ ਕਰ ਜਿਸ ਦਾ ਤੂੰ ਆਪਣੇ ਦਾਸ
ਮੂਸਾ ਨੂੰ ਹੁਕਮ ਦਿੱਤਾ ਸੀ ਕਿ 'ਜੇਕਰ ਤੁਸੀਂ ਬੇਈਮਾਨੀ
ਕੋਰੋਗੇ ਤਾਂ ਮੈਂ ਤੁਹਾਨੂੰ ਦੂਜੇ ਰਾਜਾਂ ਵਿੱਚ ਖਿੰਡਾ ਦੇਵਾਂਗਾ। [9]ਤੇ
ਜੇਕਰ ਤੁਸੀਂ ਇਸਰਾਏਲੀਆਂ ਨੇ ਮੇਰੇ ਆਦੇਸ਼ ਦੀ ਪਾਲਣਾ
ਕੀਤੀ ਅਤੇ ਮੇਰੇ ਵੱਲ ਮੁੜ ਆਏ ਤਾਂ ਮੈਂ ਇਉਂ ਕਰਾਂਗਾ।
ਭਾਵੇਂ ਤੁਸੀਂ ਅਕਾਸ਼ ਦੇ ਅੰਤ ਤੀਕ ਵੀ ਖਿੰਡੇ ਹੋਵੋ ਮੈਂ ਤੁਹਾਨੂੰ
ਇਕੱਠੇ ਕਰਕੇ ਇਸ ਥਾਵੇਂ ਲਿਆਵਾਂਗਾ, ਜਿਸ ਨੂੰ ਮੈਂ
ਆਪਣਾ ਨਾਉਂ ਵਸਾਉਣ ਲਈ ਚੁਣਿਆ ਹੈ।'
[10]"ਇਸਰਾਏਲੀ ਤੇਰੇ ਦਾਸ ਅਤੇ ਤੇਰੀ ਪਰਜਾ ਹਨ,
ਜਿਨ੍ਹਾਂ ਨੂੰ ਤੂੰ ਆਪਣੇ ਵੱਡੇ ਜੋਰ ਅਤੇ ਬਲ ਤੇ ਤਕੜੇ ਹੱਥਾਂ
ਨਾਲ ਛੁਟਕਾਰਾ ਦਿੱਤਾ। [11]ਇਸ ਲਈ ਹੇ ਪ੍ਰਭੂ, ਕਿਰਪਾ
ਕਰਕੇ ਮੇਰੀ ਬਿਨਤੀ ਨੂੰ ਸੁਣ। ਮੈਂ ਤੇਰਾ ਦਾਸ ਹਾਂ, ਸੋ ਤੂੰ
ਕਿਰਪਾ ਕਰਕੇ ਆਪਣੇ ਸੇਵਕ ਦੀਆਂ ਪ੍ਰਾਰਥਨਾਵਾਂ ਨੂੰ ਸੁਣ
ਜੋ ਤੇਰੇ ਨਾਉਂ ਦੀ ਇੱਜਤ ਕਰਨ ਦੀ ਇੱਛਾ ਰੱਖਦਾ ਹੈ।
ਇਸ ਆਦਮੀ ਅੱਗੇ ਕਿਰਪਾ ਕਰਕੇ ਆਪਣੇ ਸੇਵਕ ਦੀ
ਸਹਾਇਤਾ ਕਰ।"

ਮੈਂ ਪਾਤਸ਼ਾਹ ਦਾ ਸਾਕੀ ਸੀ।

## ਪਾਤਸ਼ਾਹ ਦਾ ਨਹਮਯਾਹ ਨੂੰ ਯਰੂਸ਼ਲਮ 'ਚ ਭੇਜਣਾ

2 [1]ਅਰਤਹਸ਼ਸ਼ਤਾ ਪਾਤਸ਼ਾਹ ਦੇ 20ਵੇਂ, ਵਰ੍ਹੇ ਨੀਸਾਨ ਦੇ ਮਹੀਨੇ
ਵਿੱਚ ਕੁਝ ਮੈਅ ਪਾਤਸ਼ਾਹ ਕੋਲ ਲਿਆਈ ਗਈ। ਮੈਂ ਮੈਅ
ਚੁੱਕ ਕੇ ਪਾਤਸ਼ਾਹ ਨੂੰ ਦਿੱਤੀ। ਪਹਿਲਾਂ ਜਦੋਂ ਵੀ ਮੈਂ ਪਾਤਸ਼ਾਹ ਸਾਹਮਣੇ
ਹੁੰਦਾ ਸੀ ਕਦੇ ਇੰਨਾ ਉਦਾਸ ਨਹੀਂ ਸੀ ਹੋਇਆ, ਪਰ ਹੁਣ ਮੈਂ ਬੜਾ
ਉਦਾਸ ਸੀ। [2]ਤਾਂ ਪਾਤਸ਼ਾਹ ਨੇ ਮੈਨੂੰ ਪੁੱਛਿਆ, "ਕੀ ਤੂੰ ਬੀਮਾਰ ਹੈਂ?
ਤੂੰ ਉਦਾਸ ਕਿਉਂ ਦਿਖ ਰਿਹਾ ਹੈਂ? ਮੈਨੂੰ ਲੱਗਦਾ ਹੈ ਤੇਰੇ ਮਨ ਵਿੱਚ
ਕੋਈ ਦੁੱਖ ਹੈ।"
ਫ਼ੇਰ ਮੈਂ ਬਹੁਤ ਡਰ ਗਿਆ। [3]ਭਾਵੇਂ ਮੈਂ ਬੜਾ ਡਰਿਆਂ ਹੋਇਆ
ਸੀ ਤਾਂ ਵੀ ਮੈਂ ਪਾਤਸ਼ਾਹ ਨੂੰ ਕਿਹਾ, "ਪਾਤਸ਼ਾਹ, ਜੁੱਗੋ-ਜੁੱਗ ਜੀਉਂਦਾ
ਰਹੇ। ਮੇਰਾ ਦਿਲ ਇਸ ਲਈ ਉਦਾਸ ਹੈ ਕਿਉਂਕਿ ਉਹ ਸ਼ਹਿਰ ਜਿੱਥੇ
ਮੇਰੇ ਪੁਰਖਿਆਂ ਦੀਆਂ ਕਬਰਾਂ ਹਨ ਉਹ ਥੇਹ ਹੋਇਆ ਪਿਆ ਹੈ ਅਤੇ
ਉਸ ਸ਼ਹਿਰ ਦੇ ਫਾਟਕ ਅੱਗ ਨਾਲ ਝੁਲਸੇ ਫਨਾਹ ਹੋਏ ਪਏ ਹਨ।"
[4]ਤਦ ਪਾਤਸ਼ਾਹ ਨੇ ਮੈਨੂੰ ਕਿਹਾ, "ਤੂੰ ਮੇਰੇ ਤੋਂ ਕੀ ਚਾਹੁੰਦਾ ਹੈਂ?"
ਮੈਂ ਪਾਤਸ਼ਾਹ ਨੂੰ ਕੁਝ ਆਖਣ ਤੋਂ ਪਹਿਲਾਂ ਅਕਾਸ਼ ਦੇ ਪਰਮੇਸ਼ੁਰ
ਅੱਗੇ ਪ੍ਰਾਰਥਨਾ ਕੀਤੀ। [5]ਫਿਰ ਮੈਂ ਪਾਤਸ਼ਾਹ ਨੂੰ ਆਖਿਆ, "ਜੇ
ਪਾਤਸ਼ਾਹ ਨੂੰ ਚੰਗਾ ਲੱਗੇ ਅਤੇ ਜੇਕਰ ਤੇਰੀ ਨਿਗਾਹ ਵਿੱਚ ਤੇਰਾ
ਸੇਵਕ ਪ੍ਰਸੰਸਾ ਯੋਗ ਹੈ, ਮੈਨੂੰ ਯਹੂਦਾਹ ਦੇ ਸ਼ਹਿਰ (ਯਰੂਸ਼ਲਮ) ਜਿੱਥੇ
ਮੇਰੇ ਪੁਰਖਿਆਂ ਦੀਆਂ ਕਬਰਾਂ ਹਨ, ਭੇਜ ਦੇਵੋ। ਮੈਂ ਉੱਥੇ ਜਾ ਕੇ ਉਸ
ਸ਼ਹਿਰ ਨੂੰ ਮੁੜ ਤੋਂ ਬਣਾਉਣਾ ਚਾਹੁੰਦਾ ਹਾਂ।"
[6]ਪਾਤਸ਼ਾਹ ਦੇ ਕੋਲ ਹੀ ਮਹਾਰਾਣੀ ਵੀ ਬੈਠੀ ਹੋਈ ਸੀ। ਉਨ੍ਹਾਂ
ਦੋਨਾਂ ਨੇ ਮੈਨੂੰ ਪੁੱਛਿਆ, "ਤੇਰਾ ਸਫ਼ਰ ਕਿੰਨਾ ਚਿਰ ਰਹੇਗਾ ਅਤੇ ਤੂੰ
ਕਦੋਂ ਵਾਪਸ ਮੁੜੇਂਗਾ?"
ਪਾਤਸ਼ਾਹ ਮੈਨੂੰ ਭੇਜਣ ਲਈ ਪ੍ਰਸੰਨ ਸੀ ਤਾਂ ਮੈਂ ਉਸ ਨੂੰ ਵਾਪਸੀ
ਦਾ ਸਮਾਂ ਠਹਿਰਾ ਦਿੱਤਾ। [7]ਮੈਂ ਪਾਤਸ਼ਾਹ ਨੂੰ ਇਹ ਵੀ ਕਿਹਾ, "ਜੇਕਰ

ਪਾਤਸ਼ਾਹ ਨੂੰ ਚੰਗਾ ਲੱਗੇ, ਤਾਂ ਮੈਂ ਕੁਝ ਹੋਰ ਅਰਜ਼ ਕਰਾਂ। ਜੇਕਰ
ਪਾਤਸ਼ਾਹ ਹਾਮੀ ਭਰੇ ਤਾਂ ਉਹ ਮੈਨੂੰ ਫ਼ਰਾਤ ਦਰਿਆ ਦੇ ਪੱਛਮੀ ਪਾਸੇ
ਦੇ ਰਾਜਪਾਲਾਂ ਦੇ ਨਾਵਾਂ ਤੇ ਚਿੱਠੀਆਂ ਦੇਵੇ। ਉਨ੍ਹਾਂ ਨੂੰ ਇਹ ਚਿੱਠੀਆਂ
ਵਿਖਾ ਕੇ, ਮੈਂ ਉਨ੍ਹਾਂ ਦੇ ਇਲਾਕੇ ਵਿੱਚੋਂ ਸ਼ਾਂਤੀ ਅਤੇ ਸੁਰੱਖਿਆ ਨਾਲ
ਜਾ ਸਕਦਾ ਹਾਂ ਜਦ ਤੀਕ ਕਿ ਮੈਂ ਯਹੂਦਾਹ ਵਿੱਚ ਨਹੀਂ ਪਹੁੰਚ ਜਾਂਦਾ।
**8**ਅਤੇ ਇੱਕ ਚਿੱਠੀ ਆਸਾਫ ਲਈ ਮਿਲੇ ਜਿਹੜਾ ਕਿ ਜੰਗਲ ਦਾ
ਰਖਵਾਲਾ ਹੈ, ਤਾਂ ਜੋ ਉਹ ਮੈਨੂੰ ਮੰਦਰ ਦੇ ਕਿਲ੍ਹੇ ਦੇ ਫਾਟਕਾਂ ਲਈ,
ਨਗਰ ਦੀਆਂ ਕੰਧਾਂ ਲਈ, ਅਤੇ ਮੇਰੇ ਘਰ ਲਈ ਮੈਨੂੰ ਲੱਕੜ ਲੈਣ
ਦੀ ਮਨਜ਼ੂਰੀ ਦੇ ਦੇਵੇ ਜਿੱਥੇ ਮੈਂ ਰਹਿ ਸਕਦਾ ਹੋਵਾਂ।”

ਜੋ ਕੁਝ ਵੀ ਮੈਂ ਮੰਗਿਆ ਪਾਤਸ਼ਾਹ ਨੇ ਮੈਨੂੰ ਦੇ ਦਿੱਤਾ। ਪਾਤਸ਼ਾਹ
ਨੇ ਇਹ ਸਭ ਇਸ ਲਈ ਕੀਤਾ ਕਿਉਂਕਿ ਪਰਮੇਸ਼ੁਰ ਮੇਰੇ ਤੇ ਕ੍ਰਿਪਾਲੂ
ਸੀ।

**9**ਮੈਂ ਫ਼ਰਾਤ ਦਰਿਆ ਦੇ ਪੱਛਮੀ ਪਾਸੇ ਦੇ ਰਾਜਪਾਲਾਂ ਕੋਲ ਗਿਆ
ਤੇ ਉਨ੍ਹਾਂ ਨੂੰ ਪਾਤਸ਼ਾਹ ਵਲੋਂ ਦਿੱਤੇ ਖਤ ਦਿਖਾਏ। ਪਾਤਸ਼ਾਹ ਨੇ
ਮੇਰੇ ਨਾਲ ਫੌਜੀ ਅਧਿਕਾਰੀ ਅਤੇ ਘੁੜ ਸਵਾਰ ਵੀ ਭੇਜੇ ਸਨ।
**10**ਸਨਬੱਲਟ ਅਤੇ ਟੋਬੀਯਾਹ ਨੂੰ ਜਦੋਂ ਮੇਰੇ ਕੰਮਾਂ ਬਾਰੇ ਪਤਾ ਲੱਗਾ
ਤਾਂ ਉਹ ਬੜੇ ਪਰੇਸ਼ਾਨ ਅਤੇ ਗੁੱਸੇ ਹੋਏ ਕਿ ਕੋਈ ਇਸਰਾਏਲੀਆਂ ਦੀ
ਮਦਦ ਲਈ ਆਇਆ ਸੀ। ਹੋਰੋਨ ਤੋਂ ਸਨਬੱਲਟ ਅਤੇ ਟੋਬੀਯਾਹ
ਅੰਮੋਨੀ ਅਧਿਕਾਰੀ ਸਨ।



## ਨਹਮਯਾਹ ਵਲੋਂ ਦੀਵਾਰਾਂ ਦੀ ਜਾਂਚ

**11-12**ਮੈਂ ਯਰੂਸ਼ਲਮ ਨੂੰ ਆਇਆ ਅਤੇ ਉੱਥੇ ਤਿੰਨ ਦਿਨ ਰਿਹਾ। ਫ਼ੇਰ
ਰਾਤ ਵੇਲੇ, ਮੈਂ ਕੁਝ ਆਦਮੀਆਂ ਨਾਲ ਨਿੱਕਲ ਪਿਆ, ਪਰ ਮੈਂ ਕਿਸੇ
ਨੂੰ ਵੀ ਮੇਰੇ ਪਰਮੇਸ਼ੁਰ ਦੁਆਰਾ, ਯਰੂਸ਼ਲਮ ਬਾਰੇ, ਮੇਰੇ ਦਿਲ ਵਿੱਚ
ਪਾਈਆਂ ਯੋਜਨਾਵਾਂ ਬਾਰੇ ਨਹੀਂ ਦੱਸਿਆ। ਉੱਥੇ ਜਿਸ ਘੋੜੇ ਤੇ ਮੈਂ
ਸਵਾਰ ਸੀ ਉਸ ਤੇ ਇਲਾਵਾ ਮੇਰੇ ਕੋਲ ਕੋਈ ਹੋਰ ਘੋੜਾ ਨਹੀਂ ਸੀ।
**13**ਰਾਤ ਵੇਲੇ, ਮੈਂ ਵਾਦੀ ਦੇ ਫਾਟਕ ਤੋਂ ਬਾਹਰ ਨਿੱਕਲ ਕੇ ਅਜਗਰ ਦੇ
ਖੂਹ ਨੂੰ ਅਤੇ ਕੂੜੇ ਦੇ ਫਾਟਕ ਨੂੰ ਗਿਆ। ਇਉਂ ਮੈਂ ਯਰੂਸ਼ਲਮ ਦੀਆਂ
ਢਹੀਆਂ ਹੋਈਆਂ ਕੰਧਾਂ ਦਾ ਮੁਆਇਨਾ ਕਰ ਰਿਹਾ ਸੀ ਅਤੇ ਉਨ੍ਹਾਂ
ਫਾਟਕਾਂ ਦਾ ਵੀ ਜਿਹੜੇ ਕਿ ਅੱਗ ਨਾਲ ਸੜ ਗਏ ਸਨ। **14**ਉਸ ਤੋਂ
ਬਾਦ ਮੈਂ ਫੁਵਾਰੇ ਵਾਲੇ ਫਾਟਕ ਅਤੇ ਪਾਤਸ਼ਾਹ ਦੇ ਤਲਾਬ ਵੱਲ ਨੂੰ
ਸਵਾਰ ਹੋਇਆ ਪਰ ਜਦੋਂ ਹੀ ਮੈਂ ਨੇੜੇ ਪਹੁੰਚਿਆ ਤਾਂ ਮੈਂ ਵੇਖਿਆ ਕਿ
ਉੱਥੇ ਮੇਰੇ ਘੋੜੇ ਦੇ ਲੰਘਣ ਜਿੰਨੀ ਥਾਂ ਵੀ ਨਹੀਂ ਸੀ। **15**ਤਾਂ ਫਿਰ ਇਉਂ
ਮੈਂ ਕੰਧਾਂ ਦਾ ਮੁਆਇਨਾ ਕਰਦਾ ਹੋਇਆ ਹਨੇਰੇ ’ਚ ਹੀ ਵਾਦੀ ਨੂੰ ਚੜ੍ਹ
ਆਇਆ। ਅਖੀਰ ਵਿੱਚ ਮੈਂ ਵਾਦੀ ਦੇ ਫਾਟਕ ਰਾਹੀਂ ਮੁੜ ਆਇਆ।
**16**ਅਧਿਕਾਰੀ ਨਹੀਂ ਜਾਣਦੇ ਸਨ ਕਿ ਮੈਂ ਕਿੱਥੇ ਗਿਆ ਸੀ ਤੇ ਨਾ ਹੀ
ਇਹ ਪਤਾ ਸੀ ਕਿ ਮੈਂ ਕੀ ਕਰ ਰਿਹਾ ਸੀ। ਮੈਂ ਅਜੇ ਤੀਕ ਯਹੂਦੀਆਂ,
ਜਾਜਕਾਂ, ਸੱਜਣਾ, ਅਧਿਕਾਰੀਆਂ ਅਤੇ ਦੂਸਰਿਆਂ ਨੂੰ ਜੋ ਕੰਮ ਕਰਦੇ
ਸਨ, ਕੁਝ ਵੀ ਨਹੀਂ ਦੱਸਿਆ ਸੀ।

**17**ਫ਼ਿਰ ਮੈਂ ਉਨ੍ਹਾਂ ਸਾਰੇ ਲੋਕਾਂ ਨੂੰ ਆਖਿਆ, “ਤੁਸੀਂ ਦੇਖ ਰਹੇ ਹੋ ਕਿ
ਅਸੀਂ ਇੱਥੇ ਕਿੰਨੀ ਮੁਸੀਬਤ ਵਿੱਚ ਹਾਂ। ਯਰੂਸ਼ਲਮ ਉੱਜੜ ਕੇ ਖੰਡਰ
ਹੋ ਗਿਆ ਹੈ ਤੇ ਇਸ ਦੇ ਫਾਟਕ ਅੱਗ ’ਚ ਝੁਲਸ ਗਏ ਹਨ। ਚਲੋ
ਆਪਾਂ ਮੁੜ ਤੋਂ ਯਰੂਸ਼ਲਮ ਦੀ ਕੰਧ ਉਸਾਰੀਏ, ਫਿਰ ਸਾਨੂੰ ਹੋਰ ਵਧੇਰੇ
ਸ਼ਰਮਸਾਰ ਨਹੀਂ ਹੋਣਾ ਪਵੇਗਾ।”

**18**ਮੈਂ ਉਨ੍ਹਾਂ ਲੋਕਾਂ ਨੂੰ ਇਹ ਵੀ ਆਖਿਆ ਕਿ ਮੇਰਾ ਪਰਮੇਸ਼ੁਰ ਮੇਰੇ
ਉੱਪਰ ਦਯਾਲੂ ਸੀ। ਮੈਂ ਉਨ੍ਹਾਂ ਨੂੰ ਪਾਤਸ਼ਾਹ ਦੀਆਂ ਗੱਲਾਂ ਬਾਰੇ ਵੀ
ਦੱਸਿਆ, ਜਿਹੜੀਆਂ ਉਸ ਨੇ ਮੈਨੂੰ ਆਖੀਆਂ ਸਨ। ਤਦ ਉਨ੍ਹਾਂ ਲੋਕਾਂ
ਨੇ ਕਿਹਾ, “ਆਓ, ਹੁਣ ਆਪਾ ਕੰਮ ਸ਼ੁਰੂ ਕਰੀਏ!” ਅਤੇ ਉਨ੍ਹਾਂ ਨੇ
ਆਪਣੇ-ਆਪ ਨੂੰ ਚੰਗੇ ਕੰਮ ਲਈ ਸਮਰਪਿਤ ਕਰ ਦਿੱਤਾ। **19**ਪਰ
ਜਦੋਂ ਹੋਰੋਨ ਦੇ ਸਨਬਲਟ ਅਤੇ ਟੋਬੀਯਾਹ ਅੰਮੋਨੀ ਅਧਿਕਾਰੀ ਅਤੇ
ਅਰਬੀ ਗਸ਼ਮ ਨੇ ਸੁਣਿਆ ਕਿ ਅਸੀਂ ਇਸ ਨੂੰ ਮੁੜ ਤੋਂ ਉਸਾਰ ਰਹੇ
ਹਾਂ, ਤਾਂ ਉਨ੍ਹਾਂ ਨੇ ਬੜੀ ਬਦਤਮੀਜ਼ੀ ਨਾਲ ਸਾਡਾ ਮਖੌਲ ਉਡਾਇਆ
ਅਤੇ ਕਿਹਾ, “ਤੁਸੀਂ ਕੀ ਕਰ ਰਹੇ ਹੋ? ਕੀ ਤੁਸੀਂ ਪਾਤਸ਼ਾਹ ਦੇ ਖਿਲਾਫ਼
ਵਿਦ੍ਰੋਹ ਕਰ ਰਹੇ ਹੋ?”

**20**ਪਰ ਮੈਂ ਉਨ੍ਹਾਂ ਆਦਮੀਆਂ ਨੂੰ ਇੰਝ ਕਿਹਾ, “ਇਸ ਕਾਮਯਾਬੀ
ਲਈ ਅਕਾਸ਼ ਦਾ ਪਰਮੇਸ਼ੁਰ ਸਾਡੀ ਮਦਦ ਕਰੇਗਾ ਅਸੀਂ ਪਰਮੇਸ਼ੁਰ
ਦੇ ਦਾਸ ਹਾਂ ਅਤੇ ਅਸੀਂ ਇਸ ਸ਼ਹਿਰ ਨੂੰ ਮੁੜ ਤੋਂ ਉਸਾਰਾਂਗੇ। ਅਤੇ
ਤੁਸੀਂ ਇਸ ਕੰਮ ਵਿੱਚ ਸਾਡੀ ਸਹਾਇਤਾ ਨਹੀਂ ਕਰ ਸਕਦੇ ਤੇ ਨਾ
ਹੀ ਯਰੂਸ਼ਲਮ ਵਿੱਚ ਰਹਿੰਦੇ ਤੁਹਾਡੇ ਘਰਾਣੇ ਵਿੱਚੋਂ ਕਿਸੇ ਮਨੁੱਖ
ਤੁਹਾਡਾ ਇੱਥੋਂ ਦੀ ਜ਼ਮੀਨ ਵਿੱਚ ਨਾ ਕੋਈ ਹੱਕ ਹੈ ਨਾ ਹਿੱਸਾ। ਤੁਹਾਨੂੰ
ਯਰੂਸ਼ਲਮ ਵਿੱਚ ਰਹਿਣ ਦਾ ਕੋਈ ਅਧਿਕਾਰ ਨਹੀਂ।”

## ਕੰਧ ਦੇ ਉਸਾਰੀਏ

**3** **1**ਪ੍ਰਧਾਨ ਜਾਜਕ ਦਾ ਨਾਂ ਅਲਯਾਸ਼ੀਬ ਸੀ। ਅਲਯਾਸ਼ੀਬ
ਅਤੇ ਉਸ ਦੇ ਭਰਾਵਾਂ ਨੇ ਜੋ ਕਿ ਜਾਜਕ ਸਨ, ਭੇਡ ਫਾਟਕ
ਬਣਾਇਆ ਅਤੇ ਇਸ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ ਇਸ ਤੇ ਬੂਹੇ
ਲਾਏ। ਉਨ੍ਹਾਂ ਨੇ ਹੰਮੇਆਹ ਦੇ ਬੁਰਜ ਤੋਂ ਲੈ ਕੇ ਹਨਨੇਲ ਦੇ ਬੁਰਜ
ਤੀਕ ਯਰੂਸ਼ਲਮ ਦੀ ਕੰਧ ਤੇ ਕੰਮ ਕੀਤਾ ਅਤੇ ਇਸ ਨੂੰ ਯਹੋਵਾਹ
ਲਈ ਪਵਿੱਤਰ ਕੀਤਾ।

**2**ਇਨ੍ਹਾਂ ਜਾਜਕਾਂ ਤੋਂ ਅੱਗੇ, ਯਰੀਹੋ ਦੇ ਲੋਕਾਂ ਨੇ ਕੰਧ ਦੀ ਮੁਰੰਮਤ
ਕੀਤੀ ਅਤੇ ਯਰੀਹੋ ਦੇ ਲੋਕਾਂ ਤੋਂ ਅੱਗੇ, ਇਮਰੀ ਦੇ ਪੁੱਤਰ ਜ਼ੱਕੂਰ ਨੇ
ਕੰਧ ਦੀ ਮੁਰੰਮਤ ਕੀਤੀ।

**3**ਹੱਸਨਾਆਹ ਦੇ ਪੁੱਤਰਾਂ ਨੇ ਮੱਛੀ ਫਾਟਕ ਬਣਾਇਆ। ਉਨ੍ਹਾਂ ਨੇ
ਇਸ ਦੇ ਸ਼ਤੀਰ ਪਾਏ ਅਤੇ ਇਸ ਦੇ ਦਰਵਾਜੇ ਖੜ੍ਹੇ ਕੀਤੇ। ਫਿਰ
ਉਨ੍ਹਾਂ ਨੇ ਦਰਵਾਜ਼ਿਆਂ ਤੇ ਚਿੱਟਕਣੀਆਂ ਅਤੇ ਸਰੀਏ ਲਗਾਏ।

**4**ਉਨ੍ਹਾਂ ਤੋਂ ਅੱਗੇ ਹਕੋਸ ਦੇ ਪੋਤਰੇ ਅਤੇ ਊਰੀਯਾਹ ਦੇ ਪੁੱਤਰ
ਮਰੇਮੋਥ ਨੇ ਮੁੰਰਮਤ ਕੀਤੀ।

ਉਨ੍ਹਾਂ ਤੋਂ ਅੱਗੇ ਬਰਕਯਾਹ ਦੇ ਪੁੱਤਰ ਅਤੇ ਮਸ਼ੇਜ਼ਬੇਲ ਦੇ ਪੋਤਰੇ
ਬਰਕਯਾਹ ਦੇ ਪੁੱਤਰਮਸ਼ੁੱਲਾਮ ਨੇ ਮੁਰੰਮਤ ਕੀਤੀ।

ਅਤੇ ਬਆਨਾ ਦੇ ਪੁੱਤਰ ਸਾਦੋਕ ਨੇ ਕੰਧ ਦੇ ਅਗਲੇ ਹਿੱਸੇ ਦੀ
ਮੁਰੰਮਤ ਕੀਤੀ।

**5**ਉਨ੍ਹਾਂ ਤੋਂ ਅੱਗੇ, ਤਕੋਈ ਦੇ ਆਦਮੀਆਂ ਨੇ ਕੰਧ ਦੇ ਅਗਲੇ ਹਿੱਸੇ
ਦੀ ਮੁਰੰਮਤ ਕੀਤੀ, ਪਰ ਉਨ੍ਹਾਂ ਦੇ ਆਗੂਆਂ ਨੇ ਆਪਣੇ ਸੁਆਮੀ[a]
ਲਈ ਕੰਮ ਕਰਨ ਤੋਂ ਇਨਕਾਰ ਕਰ ਦਿੱਤਾ।

**6**ਯੋਯਾਦਾ ਅਤੇ ਮੱਸ਼ੁਲਾਮ ਨੇ ਪੁਰਾਣੇ ਫਾਟਕ ਦੀ ਮੁਰੰਮਤ ਕੀਤੀ।
ਯੋਯਾਦਾ ਪਾਸੇਆਹ ਦਾ ਪੁੱਤਰ ਅਤੇ ਮੱਸ਼ੁਲਾਮ ਬਸੋਦਯਾਹ ਦਾ ਪੁੱਤਰ
ਸੀ। ਉਨ੍ਹਾਂ ਨੇ ਸ਼ਤੀਰ ਟਿਕਾਏ ਅਤੇ ਇਸ ਦੇ ਬੂਹੇ ਲਗਾਏ। ਫਿਰ
ਉਨ੍ਹਾਂ ਨੇ ਦਰਵਾਜ਼ਿਆਂ ਉੱਤੇ ਚਿੱਟਕਣੀਆਂ ਅਤੇ ਸਰੀਏ ਲਾਏ।

**7**ਉਨ੍ਹਾਂ ਤੋਂ ਅੱਗੇ, ਮਲਟਯਾਹ ਗਿਬਓਨੀ ਅਤੇ ਯਾਦੋਨ ਮੇਰੋਨੋਥੀ
ਅਤੇ ਗਿਬਓਨ ਅਤੇ ਮਿਸਪਾਹ ਦੇ ਲੋਕਾਂ ਨੇ, ਜਿਹੜੇ ਕਿ ਫ਼ਰਾਤ
ਦਰਿਆ ਦੇ ਪੱਛਮੀ ਪਾਸੇ ਦੇ ਰਾਜਪਾਲਾਂ ਦੇ ਨਿਯੰਤ੍ਰਣ ਹੇਠਾਂ ਸਨ,
ਮੁਰੰਮਤ ਦਾ ਕੰਮ ਕੀਤਾ।

---
[a] *3:5* **ਸੁਆਮੀ** ਜਾਂ “ਯਹੋਵਾਹ।”

8ਉਸ ਤੋਂ ਅੱਗੇ ਹਰਹਯਾਹ ਦੇ ਪੁੱਤਰ ਉੱਜ਼ੀਏਲ ਨੇ ਮੁਰੰਮਤ
ਕੀਤੀ। ਉੱਜੀਏਲ ਇੱਕ ਸੁਨਿਆਰਾ ਸੀ। ਉਸ ਤੋਂ ਅੱਗੇ ਹਨਨਯਾਹ
ਅਤਰ ਬਣਾਉਣ ਵਾਲਿਆਂ ਵਿੱਚੋਂ ਇੱਕ ਨੇ ਮੁਰੰਮਤ ਕੀਤੀ। ਉਨ੍ਹਾਂ ਨੇ
ਉਸਾਰੀਆ ਅਤੇ ਚੌੜੀ ਕੰਧ ਤਾਈ ਯਰੂਸ਼ਲਮ ਦੀ ਮੁਰੰਮਤ ਕੀਤੀ।
9ਉਨ੍ਹਾਂ ਤੋਂ ਅੱਗੇ ਹੂਰ ਦੇ ਪੁੱਤਰ ਰਫਾਯਾਹ ਨੇ ਮੁਰੰਮਤ ਕੀਤੀ।
ਰਫਾਯਾਹ ਯਰੂਸ਼ਲਮ ਦੇ ਅੱਧੇ ਜਿਲ੍ਹੇ ਦਾ ਸਰਦਾਰ ਸੀ।

10ਉਨ੍ਹਾਂ ਤੋਂ ਅੱਗੇ ਹਰੂਮਫ ਦੇ ਪੁੱਤਰ ਯਦਾਯਾਹ ਨੇ ਆਪਣੇ ਘਰ
ਦੇ ਸਾਹਮਣੇ ਵਾਲੀ ਕੰਧ ਦੀ ਮੁਰੰਮਤ ਕੀਤੀ ਅਤੇ ਉਸ ਤੋਂ ਅੱਗੇ
ਹਸ਼ਬਨਯਾਹ ਦੇ ਪੁੱਤਰ ਹਟੂਸ਼ ਨੇ ਮੁਰੰਮਤ ਕੀਤੀ। 11ਹਰੀਮ ਦੇ ਪੁੱਤਰ
ਮਲਕੀਯਾਹ ਅਤੇ ਪਹਥ ਮੋਆਬ ਦੇ ਪੁੱਤਰ ਹਸ਼ੂਬ ਨੇ ਬਾਕੀ ਦੇ ਹਿੱਸੇ
ਦੀ ਮੁਰੰਮਤ ਕੀਤੀ। ਉਨ੍ਹਾਂ ਨੇ ਤੰਦੂਰ ਬੁਰਜ ਦੀ ਉਸਾਰੀ ਵੀ ਕੀਤੀ।

12ਉਸ ਤੋਂ ਅੱਗੇ ਹੱਲੋਹੇਸ਼ ਦੇ ਪੁੱਤਰ ਸ਼ੱਲੂਮ ਨੇ, ਜੋ ਯਰੂਸ਼ਲਮ ਦੇ
ਅੱਧੇ ਜਿਲ੍ਹੇ ਦਾ ਸਰਦਾਰ ਸੀ, ਮੁਰੰਮਤ ਕੀਤੀ ਜਿਸ ਵਿੱਚ ਉਸ ਦੀਆਂ
ਧੀਆਂ ਨੇ ਵੀ ਉਸ ਦੀ ਮਦਦ ਕੀਤੀ।

13ਹਨੂਨ ਅਤੇ ਜ਼ਾਨੋਆਹ ਦੇ ਵਾਸੀਆਂ ਨੇ ਵਾਦੀ ਦੇ ਫਾਟਕ
ਦੀ ਮੁਰੰਮਤ ਕੀਤੀ। ਉਨ੍ਹਾਂ ਨੇ ਇਸ ਨੂੰ ਉਸਾਰਿਆ ਅਤੇ ਇਸ ਦੇ
ਦਰਵਾਜ਼ੇ ਲਗਾਏ। ਫ਼ੇਰ ਉਨ੍ਹਾਂ ਨੇ ਦਰਵਾਜ਼ਿਆਂ ਤੇ ਚਿੱਟਕਣੀਆਂ
ਅਤੇ ਸਰੀਏ ਲਾਏ। ਉਨ੍ਹਾਂ ਨੇ 500 ਗਜ਼ ਲੰਬੀ ਕੰਧ ਦੀ ਉਸਾਰੀ
ਕੀਤੀ ਅਤੇ ਕੂੜੇ ਦੇ ਫਾਟਕ ਤੀਕ ਉਨ੍ਹਾਂ ਨੇ ਕੰਧ ਤੇ ਕੰਮ ਕੀਤਾ।

14ਰੇਕਾਬ ਦੇ ਪੁੱਤਰ ਮਲਕੀਯਾਹ ਨੇ ਕੂੜੇ ਦੇ ਫਾਟਕ ਦੀ ਮੁਰੰਮਤ
ਕੀਤੀ। ਉਹ ਬੈਤ ਹੱਕਾਰਮ ਦੇ ਜਿਲ੍ਹੇ ਦਾ ਸਰਦਾਰ ਸੀ। ਉਸ ਨੇ
ਇਸ ਨੂੰ ਉਸਾਰਿਆ ਅਤੇ ਇਸ ਦੇ ਦਰਵਾਜ਼ੇ ਲਗਾਏ ਅਤੇ ਫ਼ੇਰ
ਦਰਵਾਜ਼ਿਆਂ ਤੇ ਚਿੱਟਕਣੀਆਂ ਅਤੇ ਸਰੀਏ ਲਾਏ।

15ਕਾਲਾ ਹੋਜ਼ਾ ਦੇ ਪੁੱਤਰ ਸ਼ੱਲੂਨ ਨੇ ਫੁਵਾਰੇ ਵਾਲੇ ਫਾਟਕ ਦੀ
ਮੁਰੰਮਤ ਕੀਤੀ। ਸ਼ੱਲੂਨ ਮਿਸਪਾਹ ਦੇ ਜਿਲ੍ਹੇ ਦਾ ਸਰਦਾਰ ਸੀ। ਉਸ
ਨੇ ਇਸ ਨੂੰ ਉਸਾਰਿਆ ਅਤੇ ਇਸ ਉੱਪਰ ਛੱਤ ਵੀ ਪਾਈ ਅਤੇ
ਫ਼ੇਰ ਇਸ ਦੇ ਦਰਵਾਜ਼ੇ ਲਗਾਏ। ਫ਼ੇਰ ਉਸ ਨੇ ਦਰਵਾਜ਼ਿਆਂ ਤੇ
ਚਿੱਟਕਣੀਆਂ ਅਤੇ ਸਰੀਏ ਲਗਾਏ। ਉਸ ਨੇ ਪਾਤਸ਼ਾਹ ਦੇ ਬਾਗ਼
ਦੇ ਕੋਲ, ਸਿਲੋਅਮ ਤਲਾਅ ਦੀ ਕੰਧ ਵੀ ਉਸਾਰੀ ਅਤੇ ਉਸ ਨੇ ਕੰਧ
ਉਨ੍ਹਾਂ ਪੌੜੀਆਂ ਤੀਕ ਉਸਾਰੀ ਜਿਹੜੀਆਂ ਦਾਊਦ ਦੇ ਸ਼ਹਿਰ ਵਿੱਚੋਂ
ਹੇਠਾਂ ਨੂੰ ਜਾਂਦੀਆਂ ਸਨ।

16ਉਸ ਤੋਂ ਮਗਰੋਂ, ਅਜ਼ਬੂਕ ਦੇ ਪੁੱਤਰ ਨਹਮਯਾਹ ਨੇ, ਜਿਹੜਾ
ਬੈਤਸੂਰ ਦੇ ਅੱਧੇ ਜਿਲ੍ਹੇ ਦਾ ਸਰਦਾਰ ਸੀ, ਦਾਊਦ ਦੀਆਂ ਕਬਰਾਂ ਦੇ
ਸਾਹਮਣੇ ਦੀ ਜਗ੍ਹਾ ਤੀਕ ਅਤੇ ਆਦਮੀਆਂ ਦੁਆਰਾ ਬਣੇ ਤਲਾਅ
ਤੀਕ ਅਤੇ ਨਾਇਕਾਂ ਦੇ ਘਰ ਤੀਕ ਮੁਰੰਮਤ ਕੀਤੀ।

17ਉਸ ਤੋਂ ਮਗਰੋਂ ਲੇਵੀਆਂ ਦੇ ਪਰਿਵਾਰਾਂ ਦੇ ਲੋਕਾਂ ਨੇ ਮੁਰੰਮਤ
ਕੀਤੀ। ਇਨ੍ਹਾਂ ਵਿੱਚੋਂ ਇੱਕ ਲੇਵੀ ਬਾਨੀ ਦਾ ਪੁੱਤਰ ਰਹੂਮ ਸੀ। ਅਤੇ
ਉਸ ਤੋਂ ਅੱਗੇ, ਹਸ਼ਬਯਾਹ ਇੱਕ ਹੋਰ ਲੇਵੀ ਜਿਸ ਨੇ ਆਪਣੇ ਜਿਲ੍ਹੇ
ਲਈ ਮੁਰੰਮਤ ਕੀਤੀ। ਹਸ਼ਬਯਾਹ ਕਈਲਾਹ ਦੇ ਅੱਧੇ ਜਿਲ੍ਹੇ ਦਾ
ਸਰਦਾਰ ਸੀ।

18ਉਸ ਤੋਂ ਬਾਦ ਉਨ੍ਹਾਂ ਦੇ ਭਾਰਵਾਂ ਨੇ ਮੁਰੰਮਤ ਕੀਤੀ। ਇੱਕ
ਹੇਨਾਦਾਦ ਦਾ ਪੁੱਤਰ ਬੱਵਈ ਸੀ, ਜੋ ਕਿ ਕਈਲਾਹ ਦੇ ਅੱਧੇ ਜਿਲ੍ਹੇ
ਦਾ ਸਰਦਾਰ ਸੀ।

19ਯੇਸ਼ੂਆ ਦੇ ਪੁੱਤਰ ਏਜ਼ਰ ਨੇ, ਜੋ ਕਿ ਮਿਸਪਾਹ ਦਾ ਸਰਦਾਰ
ਸੀ। ਅਗਲੇ ਹਿੱਸੇ ਦੀ ਸ਼ਸਤਰ ਖਾਨੇ ਤੋਂ ਲੈ ਕੇ ਕੰਧ ਦੀ ਨੁੱਕਰ ਤਾਈਂ
ਮੁਰੰਮਤ ਕੀਤੀ। 20ਉਸ ਤੋਂ ਬਾਦ, ਜ਼ੱਬਈ ਦੇ ਪੁੱਤਰ ਬਾਰੂਕ ਨੇ ਕੰਧ
ਦੇ ਅਗਲੇ ਹਿੱਸੇ ਦੀ ਉਸਾਰੀ ਕੀਤੀ ਉਸ ਨੇ ਬੜੀ ਸਖਤ ਮਿਹਨਤ
ਕੀਤੀ ਅਤੇ ਦੂਜੇ ਹਿੱਸੇ ਦੀ ਮੁਰੰਮਤ ਨੁੱਕਰ ਤੋਂ ਲੈ ਕੇ ਪਰਧਾਨ ਜਾਜਕ
ਅਲਯਾਸ਼ੀਬ ਦੇ ਘਰ ਦੇ ਪ੍ਰਵੇਸ਼ ਦੁਆਰ ਤੀਕ ਕੀਤੀ। 21ਉਪਰੰਤ
ਊਰੀਯਾਹ ਦੇ ਪੁੱਤਰ ਮਰੇਮੋਥ ਜੋ ਕਿ ਹੱਕੋਜ਼ ਦਾ ਪੋਤਰਾ ਸੀ ਨੇ ਦੀਵਾਰ
ਦਾ ਅਗਲਾ ਹਿੱਸਾ ਅਲਯਾਸ਼ੀਬ ਦੇ ਘਰ ਦੇ ਪ੍ਰਵੇਸ਼ ਦੁਆਰ ਤੋਂ
ਲੈ ਕੇ ਉਸ ਦੇ ਘਰ ਦੇ ਆਖੀਰ ਤੀਕ ਦੀ ਦੀਵਾਰ ਦੀ ਮੁਰੰਮਤ
ਕੀਤੀ। 22ਅਤੇ ਉਸ ਤੋਂ ਮਗਰੋਂ, ਉਸ ਖੇਤਰ ਵਿੱਚ ਰਹਿੰਦੇ ਜਾਜਕਾਂ
ਨੇ ਮੁਰੰਮਤ ਕੀਤੀ।

23ਉਸ ਤੋਂ ਮਗਰੋਂ ਬਿਨਯਾਮੀਨ ਅਤੇ ਹਸ਼ੂਬ ਨੇ ਆਪਣੇ ਘਰ ਦੇ
ਅੱਗੇ ਮੁਰੰਮਤ ਕੀਤੀ ਅਤੇ ਅਨਨਯਾਹ ਦੇ ਪੋਤਰੇ ਅਤੇ ਅਜ਼ਰਯਾਹ
ਦੇ ਪੁੱਤਰ ਮਆਸ਼ੇਯਾਹ ਨੇ ਆਪਣੇ ਘਰ ਦੇ ਨਾਲ ਦੀ ਕੰਧ ਦੀ
ਮੁਰੰਮਤ ਕੀਤੀ।

24ਉਸ ਤੋਂ ਮਗਰੋਂ, ਹੇਨਾਦਾਦ ਦੇ ਪੁੱਤਰ ਬਿੰਨੂਈ ਨੇ ਅਜ਼ਰਯਾਹ
ਦੇ ਘਰ ਤੋਂ ਲੈ ਕੇ ਕੰਧ ਦੇ ਮੋੜ ਤੀਕ ਅਤੇ ਫ਼ੇਰ ਨੁੱਕਰ ਤੀਕ, ਦੂਜੇ
ਹਿੱਸੇ ਦੀ ਮੁਰੰਮਤ ਕੀਤੀ।

25ਊਜ਼ਈ ਦੇ ਪੁੱਤਰ ਪਲਾਲ ਨੇ ਉਸ ਮੋੜ ਦੇ ਸਾਹਮਣੇ ਤੋਂ ਅਤੇ
ਬੁਰਜ ਦੇ ਸਾਹਮਣੇ ਤੋਂ ਦਰਬਾਨ ਦੇ ਨੇੜੇ ਦੇ ਵਿਹੜੇ ਤੀਕ ਜੋ ਪਾਤਸ਼ਾਹ
ਦੇ ਉਪਰਲੇ ਮਹਿਲ ਦੇ ਅਗੋਂ ਨਿੱਕਲਦਾ ਸੀ ਮੁਰੰਮਤ ਕੀਤੀ। ਪਲਾਲ
ਤੋਂ ਅੱਗੇ, ਪਰੋਸ਼ ਦੇ ਪੁੱਤਰ ਪਦਾਯਾਹ ਨੇ ਮੁਰੰਮਤ ਕੀਤੀ।

26ਮੰਦਰ ਦੇ ਨੌਕਰ ਓਫਲ ਪਹਾੜੀ ਤੇ ਰਹਿੰਦੇ ਸਨ। ਉਨ੍ਹਾਂ ਨੇ ਜਲ
ਫਾਟਕ ਦੇ ਪੂਰਬੀ ਪਾਸੇ ਦੀ ਕੰਧ ਤਾਈ ਅਤੇ ਇਸ ਦੇ ਸਾਹਮਣੇ ਵਾਲੇ
ਫਾਟਕ ਦੀ ਮੁਰੰਮਤ ਕੀਤੀ।

27ਉਸ ਤੋਂ ਬਾਦ, ਤਕੋਈਆਂ ਦੇ ਲੋਕਾਂ ਨੇ ਉਸ ਵੱਡੇ ਬੁਰਜ ਤੋਂ ਲੈ
ਕੇ ਓਫਲ ਦੀ ਕੰਧ ਤੀਕ ਕੰਧ ਦੇ ਦੂਜੇ ਹਿੱਸੇ ਦੀ ਮੁਰੰਮਤ ਕੀਤੀ।
28ਜਾਜਕਾਂ ਨੇ ਘੋੜੇ ਵਾਲੇ ਫਾਟਕ ਦੇ ਉੱਪਰ ਮੁਰੰਮਤ ਕੀਤੀ। ਹਰ
ਜਾਜਕ ਨੇ ਆਪਣੇ ਘਰ ਸਾਹਮਣੀ ਕੰਧ ਦੀ ਮੁਰੰਮਤ ਕੀਤੀ। 29ਉਸ
ਤੋਂ ਬਾਦ, ਇੰਮੇਰ ਦੇ ਪੁੱਤਰ ਸਾਦੋਕ ਨੇ ਆਪਣੇ ਘਰ ਦੇ ਸਾਹਮਣੇ
ਦੀ ਕੰਧ ਦੀ ਮੁਰੰਮਤ ਕੀਤੀ ਤੇ ਇਸ ਤੋਂ ਅਗਲੀ ਮੁਰੰਮਤ, ਪੂਰਬੀ
ਫਾਟਕ ਦੇ ਦਰਬਾਨ ਸਕਨਯਾਹ ਦੇ ਪੁੱਤਰ ਸਮਆਯਾਹ ਨੇ ਕੀਤੀ।

30ਉਸ ਤੋਂ ਬਾਦ, ਸਲਮਯਾਹ ਦੇ ਪੁੱਤਰ ਹਨਨਯਾਹ ਅਤੇ ਹਾਨੂਨ,
ਸਾਲਾਫ ਦੇ ਛੇਵੇਂ ਪੁੱਤਰ ਨੇ, ਦੂਜੇ ਹਿੱਸੇ ਦੀ ਮੁਰੰਮਤ ਕੀਤੀ।

ਉਸ ਤੋਂ ਮਗਰੋਂ, ਬਰਕਯਾਹ ਦੇ ਪੁੱਤਰ ਮੱਸ਼ੁਲਾਮ ਨੇ ਆਪਣੇ ਕਮਰੇ
ਦੇ ਅਗਲੇ ਹਿੱਸੇ ਦੀ ਮੁਰੰਮਤ ਕੀਤੀ। 31ਉਸ ਤੋਂ ਬਾਦ, ਮਲਕੀਯਾਹ,
ਸੁਨਿਆਰਿਆਂ ਵਿੱਚੋਂ ਇੱਕ ਨੇ, ਮੰਦਰ ਦੇ ਨੌਕਰਾਂ ਦੇ ਘਰਾਂ ਦੀ ਅਤੇ
ਨਿਰੀਖਣ ਫਾਟਕ ਦੇ ਅੱਗੇ ਵਪਾਰੀਆਂ ਦੇ ਘਰਾਂ ਦੀ ਅਤੇ ਨੁੱਕਰ ਦੇ
ਉੱਪਰਲੇ ਕਮਰੇ ਦੀ ਮੁਰੰਮਤ ਕੀਤੀ। 32ਸੁਨਿਆਰਾਂ ਅਤੇ ਵਪਾਰੀਆਂ
ਨੇ ਨੁੱਕਰ ਦੇ ਉੱਪਰਲੇ ਕਮਰੇ ਦੇ ਵਿੱਚਕਾਰੋਂ ਭੇਡ ਫ਼ਾਟਕ ਤੀਕ ਮੁਰੰਮਤ
ਕੀਤੀ।

## ਸਨਬੱਲਟ ਅਤੇ ਟੋਬੀਯਾਹ

4 1ਜਦੋਂ ਸਨਬੱਲਟ ਨੂੰ ਇਹ ਪਤਾ ਲੱਗਾ ਕਿ ਅਸੀਂ ਯਰੂਸ਼ਲਮ
ਦੀ ਕੰਧ ਦੀ ਉਸਾਰੀ ਕਰ ਰਹੇ ਹਾਂ ਤਾਂ ਉਹ ਬੜਾ ਪਰੇਸ਼ਾਨ
ਹੋਇਆ ਤੇ ਉਸ ਨੂੰ ਬੜਾ ਗੁੱਸਾ ਆ ਗਿਆ। ਤਾਂ ਉਸ ਨੇ ਯਹੂਦੀਆਂ
ਦਾ ਮਖੌਲ ਉਡਾਉਣਾ ਸ਼ੁਰੂ ਕੀਤਾ। 2ਸਨਬੱਲਟ ਨੇ ਆਪਣੇ ਮਿੱਤਰਾਂ
ਅਤੇ ਸਾਮਰਿਯਾ ਦੀ ਸੈਨਾ ਨਾਲ ਇਸ ਬਾਰੇ ਗੱਲ ਕੀਤੀ। ਉਸ ਨੇ
ਕਿਹਾ, "ਇਹ ਕਮਜ਼ੋਰ ਜਿਹੇ ਯਹੂਦੀ ਇੱਥੇ ਕੀ ਕਰ ਰਹੇ ਹਨ? ਕੀ
ਉਹ ਇਹ ਸੋਚ ਰਹੇ ਹਨ ਕਿ ਅਸੀਂ ਉਨ੍ਹਾਂ ਨੂੰ ਇਕੱਲੇ ਛੱਡ ਦੇਵਾਂਗੇ?
ਕੀ ਉਹ ਸੋਚਦੇ ਹਨ ਕਿ ਉਹ ਬਲੀਆਂ ਚੜ੍ਹਾਉਣਗੇ? ਸ਼ਾਇਦ ਉਹ

ਇਹ ਸੋਚਦੇ ਹਨ ਕਿ ਉਹ ਇੱਕੋ ਦਿਨ ਵਿੱਚ ਸਾਰੀ ਉਸਾਰੀ ਕਰ
ਲੈਣਗੇ। ਉਹ ਇਸ ਸੁਆਹ ਤੇ ਕੂੜੇ ਦੇ ਢੇਰ ਵਿੱਚੋਂ ਪੱਥਰ 'ਚ ਮੁੜ
ਨਵੀਂ ਉਸਾਰੀ 'ਚ ਜਾਨ ਨਹੀਂ ਪਾ ਸਕਦੇ। ਕਿਉਂਕਿ ਇਹ ਤਾਂ ਰਾਖ
ਦੀ ਢੇਰੀ ਹੈ।"
3ਟੋਬੀਯਾਹ ਅੰਮੋਨੀ ਵੀ ਸਨਬੱਲਟ ਦੇ ਨਾਲ ਸੀ। ਟੋਬੀਯਾਹ
ਨੇ ਕਿਹਾ, "ਅਸਲ ਵਿੱਚ ਉਹ ਕੀ ਉਸਾਰ ਰਹੇ ਹਨ। ਜੇਕਰ ਇੱਕ
ਲੂੰਬੜੀ ਵੀ ਇਸ ਉੱਤੇ ਚੜ੍ਹ ਗਈ, ਤਾਂ ਉਹ ਉਨ੍ਹਾਂ ਦੀ ਪੱਥਰ ਦੀ ਇਸ
ਕੰਧ ਨੂੰ ਢਾਹ ਦੇਵੇਗੀ।"
4ਨਹਮਯਾਹ ਨੇ ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ ਤੇ ਕਿਹਾ, "ਹੇ
ਪਰਮੇਸ਼ੁਰ, ਸਾਡੀ ਅਰਜੋਈ ਸੁਣ। ਉਹ ਸਾਨੂੰ ਨਫ਼ਰਤ ਕਰਦੇ ਹਨ।
ਸਨਬੱਲਟ ਅਤੇ ਟੋਬੀਯਾਹ ਸਾਡੀ ਤੌਹੀਨ ਕਰਦੇ ਹਨ। ਪਰਮੇਸ਼ੁਰ,
ਇਨ੍ਹਾਂ ਬੇਇੱਜ਼ਤੀਆਂ ਨੂੰ ਮੁੜ ਉਨ੍ਹਾਂ ਉੱਤੇ ਪਾ ਦੇ। ਉਨ੍ਹਾਂ ਨੂੰ ਉਨ੍ਹਾਂ ਦੇ
ਦੁਸ਼ਮਣਾਂ ਦੁਆਰਾ ਫੜਵਾ ਕੇ ਕੈਦੀਆਂ ਵਾਂਗ ਦੂਸਰੀ ਧਰਤੀ ਤੇ ਲੈ ਜਾ।
5ਉਨ੍ਹਾਂ ਦੇ ਦੋਸ਼ ਨਾ ਲੁਕਾ ਅਤੇ ਉਨ੍ਹਾਂ ਦੇ ਪਾਪ ਮਾਫ ਨਾ ਕਰੀਂ ਜੋ ਉਨ੍ਹਾਂ ਨੇ
ਤੇਰੇ ਸਾਹਮਣੇ ਕੀਤੇ ਹਨ। ਕਿਉਂਕਿ ਉਨ੍ਹਾਂ ਨੇ ਬਣਾਉਣ ਵਾਲਿਆਂ ਦਾ
ਹੌਂਸਲਾ ਢਾਹਿਆ ਹੈ ਅਤੇ ਉਨ੍ਹਾਂ ਦੀ ਬੇਇੱਜ਼ਤੀ ਕੀਤੀ ਹੈ।"
6ਸੋ ਅਸੀਂ ਯਰੂਸ਼ਲਮ ਦੀ ਕੰਧ ਬਣਾਈ। ਅਤੇ ਸਾਰੀ ਕੰਧ ਇਸ
ਦੀ ਸਾਰੀ ਉਚਾਈ ਦੇ ਅੱਧ ਤੱਕ ਜੋੜੀ ਅਤੇ ਉਸਾਰੀ ਗਈ ਸੀ।
ਅਸੀਂ ਇਥੋਂ ਤੀਕ ਤਾਂ ਹੀ ਕਰ ਸਕੇ ਕਿਉਂਕਿ ਲੋਕਾਂ ਨੇ ਤਹਿ ਦਿਲੋਂ
ਕੰਮ ਕੀਤਾ ਸੀ।
7ਪਰ ਸਨਬੱਲਟ, ਟੋਬੀਯਾਹ, ਅਰਬੀਆਂ, ਅੰਮੋਨੀਆਂ ਅਤੇ
ਅਸ਼ਦੋਦੀਆਂ ਨੇ ਜਦੋਂ ਇਹ ਸੁਣਿਆ ਕਿ ਯਰੂਸ਼ਲਮ ਦੀ ਕੰਧ ਦੀ
ਬਹਾਲੀ ਵੱਧ ਰਹੀ ਹੈ ਅਤੇ ਉਹ ਥਾਵਾਂ ਜਿੱਥੇ ਕੰਧ ਟੁੱਟੀ ਹੋਈ ਸੀ
ਜਿੱਥੇ ਦੁਸ਼ਮਣ ਸ਼ਹਿਰ ਵਿੱਚ ਦਾਖਲ ਹੋ ਸਕਦੇ ਸਨ ਬੰਦ ਕੀਤੀਆਂ
ਜਾ ਰਹੀਆਂ ਸਨ। ਤਾਂ ਉਨ੍ਹਾਂ ਨੂੰ ਬਹੁਤ ਕਰੋਧ ਆਇਆ। 8ਤਾਂ
ਉਨ੍ਹਾਂ ਸਾਰੇ ਮਨੁੱਖਾਂ ਨੇ ਇਕੱਠੇ ਹੋ ਕੇ ਯਰੂਸ਼ਲਮ ਦੇ ਵਿਰੁੱਧ ਵਿਉਂਤ
ਬਣਾਈ ਕਿ ਉਨ੍ਹਾਂ ਨੂੰ ਇਕੱਠੇ ਹੋ ਕੇ ਦੁੱਖ ਅਤੇ ਉਲਝਣ ਪੈਦਾ ਕਰਕੇ
ਯਰੂਸ਼ਲਮ ਦੇ ਖਿਲਾਫ਼ ਲੜਨਾ ਚਾਹੀਦਾ ਹੈ। 9ਪਰ ਅਸੀਂ ਆਪਣੇ
ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ ਤੇ ਅਸੀਂ ਦਿਨ-ਰਾਤ ਦੀਵਾਰ ਦੀ
ਰੱਖਵਾਲੀ ਲਈ ਦਰਬਾਨ ਖੜ੍ਹੇ ਕਰ ਦਿੱਤੇ ਤਾਂ ਭਈ ਅਸੀਂ ਉਨ੍ਹਾਂ
ਮਨੁੱਖਾਂ ਦਾ ਸਾਹਮਣਾ ਕਰ ਸਕੀਏ।
10ਅਤੇ ਫਿਰ ਉਸ ਵਕਤ ਯਹੂਦਾਹ ਦੇ ਲੋਕਾਂ ਨੇ ਆਖਿਆ,
"ਮਜ਼ਦੂਰਾਂ ਦਾ ਬਲ ਹੁਣ ਘਟਦਾ ਜਾ ਰਿਹਾ ਹੈ, ਉਹ ਥੱਕ ਗਏ
ਹਨ, ਰਾਹ ਵਿੱਚ ਬਹੁਤ ਹੀ ਮਲਬਾ ਤੇ ਗਰਦ ਹੈ ਤੇ ਅਸੀਂ ਕੰਧ ਨੂੰ
ਬਣਾਉਣ ਦੇ ਹੋਰ ਸਮਰੱਥ ਨਹੀਂ ਰਹੇ। 11ਅਤੇ ਸਾਡੇ ਵੈਰੀ ਆਖ ਰਹੇ
ਹਨ, 'ਇਸ ਤੋਂ ਪਹਿਲਾਂ ਕਿ ਯਹੂਦੀ ਸਾਨੂੰ ਵੇਖ ਲੈਣ ਜਾਂ ਸਾਡੇ ਬਾਰੇ
ਜਾਣ ਲੈਣ, ਅਸੀਂ ਉਨ੍ਹਾਂ ਉੱਪਰ ਚੜ੍ਹ ਆਵਾਂਗੇ ਅਤੇ ਉਨ੍ਹਾਂ ਨੂੰ ਮਾਰ
ਦੇਵਾਂਗੇ। ਇੰਝ ਅਸੀਂ ਕੰਮ ਨੂੰ ਰੋਕ ਦੇਵਾਂਗੇ।' "
12ਇਉਂ ਸਾਡੇ ਵੈਰੀਆਂ ਦੇ ਨੇੜੇ ਰਹਿੰਦੇ ਯਹੂਦੀਆਂ ਨੇ ਸਾਡੇ ਕੋਲ
ਆ ਕੇ ਦਸ ਵਾਰ ਸਾਨੂੰ ਇਹ ਕਿਹਾ, "ਸਾਡੇ ਸਾਰੇ ਪਾਸੇ ਦੁਸ਼ਮਣਾਂ ਦਾ
ਘੇਰਾ ਹੈ, ਜਿੱਧਰ ਵੀ ਮੂੰਹ ਫੇਰੋ ਉੱਧਰ ਹੀ ਸਾਡੇ ਵੈਰੀ ਖੜ੍ਹੇ ਹਨ।"
13ਇਸ ਲਈ ਮੈਂ ਨੀਵਿਆਂ ਥਾਵਾਂ ਵਿੱਚ ਦੀਵਾਰ ਦੇ ਪਿੱਛੇ ਖੁਲਿਆਂ
ਥਾਵਾਂ ਵਿੱਚ ਲੋਕਾਂ ਨੂੰ ਉਨ੍ਹਾਂ ਦੇ ਪਰਿਵਾਰਾਂ ਅਨੁਸਾਰ ਆਪਣੀਆਂ
ਤਲਵਾਰਾਂ ਅਤੇ ਬਰਛੀਆਂ ਅਤੇ ਕਮਾਨਾਂ ਨਾਲ ਖੜ੍ਹੇ ਕੀਤਾ। 14ਮੈਂ
ਸਾਰੀ ਸਥਿਤੀ ਨੂੰ ਪਰਖਿਆ ਤੇ ਫਿਰ ਮੈਂ ਖੜ੍ਹੇ ਹੋ ਕੇ ਸੱਜਣਾਂ, ਹਾਕਮਾਂ
ਅਤੇ ਬਾਕੀ ਦੇ ਲੋਕਾਂ ਨੂੰ ਮੁਖਾਤਬ ਹੋ ਕੇ ਆਖਿਆ, "ਆਪਣੇ
ਵੈਰੀਆਂ ਤੋਂ ਨਾ ਡਰੋ। ਹਮੇਸ਼ਾ ਆਪਣੇ ਪ੍ਰਭੂ ਨੂੰ ਯਾਦ ਰੱਖੋ! ਯਹੋਵਾਹ
ਸੁਆਮੀ ਸ਼ਕਤੀਸ਼ਾਲੀ ਅਤੇ ਮਹਾਨ ਹੈ। ਤੁਹਾਨੂੰ ਆਪਣੇ ਭਰਾਵਾਂ,
ਪੁੱਤਰਾਂ ਅਤੇ ਧੀਆਂ ਖਾਤਰ ਲੜਨਾ ਚਾਹੀਦਾ ਹੈ। ਤੁਹਾਨੂੰ ਆਪਣੇ
ਘਰਾਂ ਅਤੇ ਆਪਣੀਆਂ ਔਰਤਾਂ ਲਈ ਲੜਨਾ ਚਾਹੀਦਾ ਹੈ।"
15ਤਦ ਸਾਡੇ ਵੈਰੀਆਂ ਨੂੰ ਪਤਾ ਲੱਗ ਗਿਆ ਕਿ ਸਾਨੂੰ ਉਨ੍ਹਾਂ ਦੀ
ਵਿਉਂਤ ਬਾਰੇ ਸਭ ਕੁਝ ਪਤਾ ਹੈ। ਉਨ੍ਹਾਂ ਨੂੰ ਪਤਾ ਲੱਗ ਗਿਆ ਕਿ
ਪਰਮੇਸ਼ੁਰ ਨੇ ਉਨ੍ਹਾਂ ਦੀ ਵਿਉਂਤ ਨੂੰ ਨਸ਼ਟ ਕਰ ਦਿੱਤਾ ਸੀ ਇਸ ਲਈ
ਅਸੀਂ ਮੁੜ ਤੋਂ ਦੀਵਾਰ ਉਸਾਰਣ ਦੇ ਕੰਮ ਵਿੱਚ ਲੱਗ ਗਏ। ਇਉਂ
ਹਰ ਮਨੁੱਖ ਆਪੋ-ਆਪਣੇ ਕੰਮ ਜਿਹੜਾ ਉਸ ਦੇ ਜ਼ੁੰਮੇ ਲੱਗਾ ਸੀ,
ਉਸ ਨੂੰ ਕਰਨ ਦੇ ਆਹਰ ਵਿੱਚ ਲੱਗ ਗਿਆ। 16ਉਸ ਦਿਨ ਤੋਂ,
ਮੇਰੇ ਅੱਧੇ ਸੇਵਾਦਾਰ ਕੰਧ ਉੱਤੇ ਕੰਮ ਕਰਨ ਵਿੱਚ ਵਿਅਸਤ ਹੋ ਗਏ
ਅਤੇ ਬਾਕੀਆਂ ਨੇ ਬਰਛਿਆਂ, ਢਾਲਾਂ, ਕਮਾਨਾਂ ਅਤੇ ਕਵਚਾਂ ਨਾਲ
ਆਪਣੇ-ਆਪ ਨੂੰ ਹਥਿਆਰ ਬੰਦ ਕਰ ਲਿਆ। ਅਤੇ ਫੌਜੀ ਸਰਦਾਰ
ਉਨ੍ਹਾਂ ਯਹੂਦੀਆਂ ਦੇ ਪਿੱਛੇ-ਪਿੱਛੇ ਸਨ ਜਿਹੜੇ ਕੰਧ ਉਸਾਰਨ ਦਾ ਕੰਮ
ਕਰ ਰਹੇ ਸਨ। 17ਕੰਧ ਉੱਤੇ ਕੰਮ ਕਰਨ ਵਾਲੇ ਲੋਕਾਂ ਅਤੇ ਉਨ੍ਹਾਂ ਦੇ
ਮਦਦਗਾਰਾਂ ਦੇ ਇੱਕ ਹੱਥ ਵਿੱਚ ਆਪਣਾ ਕੰਮ ਕਰਨ ਲਈ ਔਜ਼ਾਰ
ਅਤੇ ਦੂਜੇ ਵਿੱਚ ਸ਼ਸਤਰ ਰਹਿੰਦੇ ਸਨ। 18ਅਤੇ ਕੰਧ ਉਸਾਰਨ ਵਾਲੇ
ਮਨੁੱਖ ਆਪਣੇ ਕਮਰ ਕੱਸਿਆਂ ਵਿੱਚ ਆਪਣੀਆਂ ਤਲਵਾਰਾਂ ਰੱਖ
ਕੇ ਕੰਧ ਉਸਾਰਦੇ ਸਨ। ਅਤੇ ਲੋਕਾਂ ਨੂੰ ਸਤ੍ਰਕ ਕਰਨ ਲਈ ਤੁਰ੍ਹੀ
ਵਜਾਉਣ ਵਾਲਾ ਆਦਮੀ ਮੇਰੇ ਨਾਲ ਰਹਿੰਦਾ ਸੀ। 19ਫਿਰ ਮੈਂ
ਸੱਜਣਾਂ, ਅਧਿਕਾਰੀਆਂ ਅਤੇ ਬਾਕੀ ਦੇ ਲੋਕਾਂ ਨੂੰ ਆਖਿਆ, "ਇਹ
ਬਹੁਤ ਵੱਡਾ ਕੰਮ ਹੈ ਅਤੇ ਅਸੀਂ ਇੱਕ ਦੂਜੇ ਤੋਂ ਦੂਰ ਕੰਧ ਉੱਪਰ
ਖਿੱਲਰੇ ਹੋਏ ਹਾਂ। 20ਇਸ ਲਈ ਜਦੋਂ ਵੀ ਤੁਸੀਂ ਤੁਰ੍ਹੀਆਂ ਦੀ ਅਵਾਜ਼
ਸੁਣੋ, ਉਸੇ ਵਕਤ ਸਾਡੇ ਕੋਲ ਇਕੱਠੇ ਹੋ ਜਾਵੋ। ਅਸੀਂ ਸਾਰੇ ਉਸੇ
ਥਾਵੇਂ ਇਕੱਠੇ ਹੋ ਜਾਵਾਂਗੇ ਤੇ ਪਰਮੇਸ਼ੁਰ ਸਾਡੇ ਲਈ ਲੜੇਗਾ।"
21ਇਉਂ ਅਸੀਂ ਯਰੂਸ਼ਲਮ ਦੀ ਕੰਧ ਦੀ ਮੁਰੰਮਤ ਦਾ ਕੰਮ ਜਾਰੀ
ਰੱਖਿਆ ਅਤੇ ਅੱਧੇ ਮਨੁੱਖ ਬਰਛੀਆਂ ਥੰਮ੍ਹੀ ਰੱਖਦੇ ਤੇ ਇਉਂ ਅਸੀਂ
ਪ੍ਰਭਾਤ ਦੀ ਪਹਿਲੀ ਕਿਰਣ ਤੋਂ ਲੈ ਕੇ ਤਾਰੇ ਨਿੰਕਲਣ ਤੀਕ ਕੰਮ
ਕਰਦੇ ਰਹਿੰਦੇ।
22ਉਸ ਵਕਤ ਮੈਂ ਲੋਕਾਂ ਨੂੰ ਇਹ ਵੀ ਆਖਿਆ: "ਹਰ ਕੰਧ
ਉਸਾਰਣ ਵਾਲਾ ਵਿਅਕਤੀ ਅਤੇ ਉਸ ਦਾ ਸੇਵਾਦਾਰ ਰਾਤ ਨੂੰ
ਯਰੂਸ਼ਲਮ ਵਿੱਚ ਹੀ ਰਹੇ। ਇਉਂ ਉਹ ਰਾਤ ਨੂੰ ਪਹਿਰਾ ਦੇਣ ਅਤੇ
ਦਿਨ ਨੂੰ ਕੰਮ ਕਰਨ ਦਾ ਕੰਮ ਪੂਰਾ ਹੁੰਦਾ ਰਹੇਗਾ।" 23ਇਉਂ ਸਾਡੇ ਚੋ
ਕੋਈ ਵੀ ਆਪਣੇ ਕੱਪੜੇ ਨਹੀਂ ਉਤਾਰਦਾ ਸੀ। ਨਾ ਹੀ ਮੈਂ ਅਤੇ ਨਾ ਹੀ
ਮੇਰੇ ਭਰਾ, ਮਦਦਗਾਰ ਜਾਂ ਮੇਰਾ ਪਿੱਛਾ ਕਰਨ ਵਾਲੇ ਪਹਿਰੇਦਾਰ ਇਉਂ
ਹਰ ਵਕਤ ਅਸੀਂ ਆਪਣੇ ਸ਼ਸਤਰਾਂ ਸਹਿਤ ਤਿਆਰ ਰਹਿੰਦੇ ਸੀ
ਇੱਥੋਂ ਤੀਕ ਕਿ ਜਦੋਂ ਪਾਣੀ ਵੀ ਲੈਣ ਜਾਣਾ ਹੁੰਦਾ ਤਾਂ ਅਸੀਂ ਸ਼ਸਤਰਾਂ
ਸਮੇਤ ਤੈਨਾਤ ਹੁੰਦੇ ਸੀ।

## ਨਹਮਯਾਹ ਦਾ ਗਰੀਬਾਂ ਦੀ ਮਦਦ ਕਰਨਾ

5 1ਲੋਕਾਂ ਅਤੇ ਉਨ੍ਹਾਂ ਦੀਆਂ ਪਤਨੀਆਂ ਨੇ ਜ਼ੋਰ-ਸ਼ੋਰ ਨਾਲ
ਆਪਣੇ ਯਹੂਦੀ ਭਰਾਵਾਂ ਦੇ ਵਿਰੁੱਧ ਸ਼ਿਕਾਇਤ ਕੀਤੀ। 2ਉਨ੍ਹਾਂ
ਚੋ ਕਈਆਂ ਨੇ ਆਖਿਆ, "ਸਾਡੇ ਪੁੱਤਰ, ਸਾਡੀਆਂ ਧੀਆਂ ਅਤੇ
ਅਸੀਂ ਬਹੁਤ ਸਾਰੇ ਹਾਂ, ਸੋ ਸਾਨੂੰ ਖਾਣ ਲਈ ਅਤੇ ਜੀਉਂਦੇ ਰਹਿਣ
ਲਈ ਕੁਝ ਅੰਨ ਦਿੱਤਾ ਜਾਵੇ।"
3ਹੋਰ ਲੋਕਾਂ ਨੇ ਆਖਿਆ, "ਇਹ ਕਾਲ ਦਾ ਸਮਾਂ ਹੈ। ਸਾਨੂੰ
ਆਪਣੀ ਜ਼ਮੀਨ, ਅੰਗੂਰਾਂ ਦੇ ਬਾਗ਼ ਅਤੇ ਘਰ ਗਿਰਵੀ ਰੱਖ ਦੇਣੇ
ਚਾਹੀਦੇ ਹਨ ਤਾਂ ਜੋ ਸਾਨੂੰ ਅੰਨ ਮਿਲ ਸਕੇ।"

4ਅਤੇ ਕੁਝ ਹੋਰ ਲੋਕ ਇਹ ਵੀ ਆਖ ਰਹੇ ਸਨ, “ਸਾਨੂੰ ਆਪਣੇ
ਖੇਤਾਂ ਤੇ ਅੰਗੂਰਾਂ ਦੇ ਬਾਗ਼ਾਂ ਤੋਂ ਪਾਤਸ਼ਾਹ ਦਾ ਕਰ ਵੀ ਚੁਕਾਣਾ ਹੋਵੇਗਾ
ਜੋ ਕਿ ਅਸੀਂ ਦੇਣ ਤੋਂ ਅਸਮਰੱਥ ਹਾਂ, ਸੋ ਇਸ ਕਰ ਨੂੰ ਅਦਾਅ ਕਰਨ
ਲਈ ਵੀ ਸਾਨੂੰ ਪੈਸਾ ਉਧਾਰ ਲੈਣਾ ਪਵੇਗਾ। 5ਉਨ੍ਹਾਂ ਸ਼ਾਹੂਕਾਰਾਂ ਵੱਲ
ਵੇਖੋ ਅਸੀਂ ਵੀ ਉਨ੍ਹਾਂ ਵਾਂਗ ਹੀ ਭਲੇ ਹਾਂ ਅਤੇ ਸਾਡੇ ਪੁੱਤਰ ਵੀ ਉਨ੍ਹਾਂ
ਦੇ ਪੁੱਤਰਾਂ ਵਾਂਗ ਹੀ ਭਲੇ ਹਨ ਪਰ ਫਿਰ ਵੀ ਸਾਨੂੰ ਆਪਣੇ ਪੁੱਤਰਾਂ
ਧੀਆਂ ਗੁਲਾਮ ਬਣਾ ਕੇ ਵੇਚਣੇ ਪੈਣਗੇ। ਸਾਡੇ ਵਿੱਚੋਂ ਕਈਆਂ ਨੇ ਤਾਂ
ਆਪਣੀਆਂ ਧੀਆਂ ਨੂੰ ਗੁਲਾਮ ਬਣਾ ਕੇ ਵੇਚ ਵੀ ਦਿੱਤਾ ਹੈ। ਅਸੀਂ
ਬਿਲਕੁਲ ਬੇਵੱਸ ਹਾਂ ਅਤੇ ਪਹਿਲਾਂ ਹੀ ਆਪਣੇ ਖੇਤ ਅਤੇ ਅੰਗੂਰਾਂ
ਦੇ ਬਾਗ਼ ਗੁਆ ਚੁੱਕੇ ਹਾਂ।”

6ਜਦੋਂ ਮੈਂ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ ਤਾਂ ਮੈਨੂੰ ਬੜਾ ਕਰੋਧ
ਚੜ੍ਹਿਆ। 7ਪਹਿਲਾਂ ਮੈਂ ਆਪਣੇ-ਆਪ ਤੇ ਕਾਬੂ ਪਾਇਆ ਅਤੇ
ਫਿਰ ਮੈਂ ਸੱਜਣਾਂ ਅਤੇ ਹਾਕਮਾਂ ਦੇ ਖਿਲਾਫ਼ ਦੋਸ਼ ਲਗਾਏ ਅਤੇ ਉਨ੍ਹਾਂ
ਨੂੰ ਆਖਿਆ, “ਤੁਸੀਂ ਆਪਣੇ ਹੀ ਲੋਕਾਂ ਨੂੰ ਕਰਜ਼ਾ ਦੇ ਕੇ ਉਨ੍ਹਾਂ ਨੂੰ
ਵਿਆਜ ਦੇਣ ਲਈ ਮਜ਼ਬੂਰ ਕਰ ਰਹੇ ਹੋ।” ਫਿਰ ਮੈਂ ਸਾਰੇ ਲੋਕਾਂ ਨੂੰ
ਉਨ੍ਹਾਂ ਦੇ ਖਿਲਾਫ਼ ਇੱਕ ਸਭਾ ਲਈ ਇਕੱਠਿਆਂ ਕੀਤਾ। 8ਮੈਂ ਇਨ੍ਹਾਂ
ਲੋਕਾਂ ਨੂੰ ਆਖਿਆ, “ਸਾਡੇ ਯਹੂਦੀ ਭਰਾ ਗੁਲਾਮਾਂ ਵਜੋਂ ਹੋਰਨਾਂ ਕੌਮਾਂ
ਨੂੰ ਵੇਚੇ ਗਏ ਸਨ ਅਤੇ ਅਸੀਂ ਉਨ੍ਹਾਂ ਨੂੰ ਵਾਪਸ ਲਿਆਂਦਾ ਅਤੇ ਉਨ੍ਹਾਂ
ਨੂੰ ਆਜ਼ਾਦ ਕੀਤਾ, ਜਿੰਨਾ ਕੁ ਅਸੀਂ ਕਰ ਸਕੇ ਅਤੇ ਹੁਣ ਇੱਕ ਵਾਰੀ
ਫ਼ੇਰ ਤੁਸੀਂ ਉਨ੍ਹਾਂ ਨੂੰ ਗੁਲਾਮਾਂ ਵਜੋਂ ਵੇਚ ਰਹੇ ਹੋ ਤਾਂ ਜੋ ਸਾਨੂੰ ਉਨ੍ਹਾਂ ਨੂੰ
ਫ਼ਿਰ ਤੋਂ ਵਾਪਸ ਖਰੀਦਣਾ ਪਵੇ।”

ਉਹ ਅਮੀਰ ਲੋਕ ਅਤੇ ਸਰਦਾਰ ਚੁੱਪ ਰਹੇ। ਉਨ੍ਹਾਂ ਨੂੰ ਕਹਿਣ ਲਈ
ਕੁਝ ਨਾ ਸੁੱਝਿਆ। 9ਇਉਂ ਮੈਂ ਬੋਲਣਾ ਜ਼ਾਰੀ ਰੱਖਿਆ ਅਤੇ ਕਿਹਾ,
“ਜੋ ਕੁਝ ਤੁਸੀਂ ਕਰ ਰਹੇ ਹੋ, ਉਹ ਠੀਕ ਨਹੀਂ। ਤੁਸੀਂ ਜਾਣਦੇ ਹੋ ਕਿ
ਤੁਹਾਨੂੰ ਪਰਮੇਸ਼ੁਰ ਤੋਂ ਡਰਨਾ ਤੇ ਉਸ ਦਾ ਸੰਮਾਨ ਕਰਨਾ ਚਾਹੀਦਾ
ਹੈ। ਅਤੇ ਤੁਹਾਨੂੰ ਉਹ ਗੱਲਾਂ ਨਹੀਂ ਕਰਨੀਆਂ ਚਾਹੀਦੀਆਂ ਜੋ ਸਾਡੇ
ਦੁਸ਼ਮਣਾਂ ਦੀਆਂ ਕੌਮਾਂ ਤੋਂ ਬੇਇੱਜ਼ਤੀ ਲਿਆਉਣ। 10ਮੇਰੇ ਭਰਾ, ਮੇਰੇ
ਸੇਵਾਦਾਰ ਅਤੇ ਮੈਂ ਵੀ ਉਨ੍ਹਾਂ ਨੂੰ ਪੈਸੇ ਅਤੇ ਅੰਨ ਉਧਾਰ ਦੇ ਰਹੇ ਹਾਂ।
ਉਸ ਪੈਸੇ ਤੇ ਵਿਆਜ਼ ਲੈਣ ਬਾਰੇ ਭੁੱਲ ਜਾਓ। 11ਤੁਹਾਨੂੰ ਅੱਜ ਹੀ
ਉਨ੍ਹਾਂ ਦੇ ਖੇਤ, ਅੰਗੂਰਾਂ ਦੇ ਬਾਗ਼, ਜ਼ੈਤੂਨ ਦੇ ਬਾਗ਼ ਅਤੇ ਉਨ੍ਹਾਂ ਦੇ ਘਰ
ਵਾਪਸ ਕਰ ਦੇਣੇ ਚਾਹੀਦੇ ਹਨ। ਜਿਹੜਾ ਇੱਕ ਪ੍ਰਤਿਸ਼ਤ ਵਿਆਜ਼
ਤੁਸੀਂ ਪੈਸੇ, ਅੰਨ, ਨਵੀਂ ਮੈਅ ਅਤੇ ਤਾਜ਼ੇ ਤੇਲ ਤੇ ਵਸੂਲ ਕੀਤਾ ਸੀ
ਤੁਹਾਨੂੰ ਉਹ ਵਾਪਸ ਕਰ ਦੇਣਾ ਚਹੀਦਾ ਹੈ।”

12ਤਦ ਅਮੀਰ ਲੋਕਾਂ ਅਤੇ ਸਰਦਾਰਾਂ ਨੇ ਆਖਿਆ, “ਹੇ ਨਹਮਯਾਹ,
ਅਸੀਂ ਉਹ ਸਭ ਕੁਝ ਵਾਪਸ ਕਰ ਦੇਵਾਂਗੇ ਅਤੇ ਉਨ੍ਹਾਂ ਤੋਂ ਕੁਝ ਵੀ ਹੋਰ
ਮੰਗ ਨਹੀਂ ਮੰਗਾਂਗੇ ਅਤੇ ਉਵੇਂ ਹੀ ਕਰਾਂਗੇ ਜਿਵੇਂ ਤੂੰ ਕਹੇਂਗਾ।”

ਫੇਰ ਮੈਂ ਜਾਜਕਾਂ ਨੂੰ ਬੁਲਾਇਆ। ਮੈਂ ਸੱਜਣਾਂ ਅਤੇ ਸਰਦਾਰਾਂ ਨੂੰ
ਪਰਮੇਸ਼ੁਰ ਦੇ ਸਾਹਮਣੇ ਸੌਂਹ ਚੁਕਾਈ ਕਿ ਉਹ ਆਪਣੇ ਇਕਰਾਰਾਂ
ਤੇ ਪੂਰੇ ਉਤਰਣਗੇ। 13ਫ਼ੇਰ ਮੈਂ ਆਪਣੇ ਪੱਲੇ ਝਾੜੇ ਅਤੇ ਆਖਿਆ,
“ਬਿਲਕੁਲ ਇੰਝ ਹੀ ਪਰਮੇਸ਼ੁਰ, ਹਰ ਆਦਮੀ ਨੂੰ ਆਪਣੇ ਘਰੋਂ ਅਤੇ
ਆਪਣੀ ਕਮਾਈ ਵਿੱਚੋਂ ਝਾੜ ਦੇਵੇ, ਜੋ ਇਸ ਇਕਰਾਰ ਨੂੰ ਪੂਰਿਆਂ
ਨਹੀਂ ਕਰਦਾ। ਅਤੇ ਬਿਲਕੁਲ ਇੰਝ ਹੀ, ਉਹ ਝਾੜਿਆ ਜਾਵੇ ਅਤੇ
ਖਾਲੀ ਕੀਤਾ ਜਾਵੇ।”

ਮੈਂ ਇਹ ਆਖ ਕੇ ਆਪਣੀ ਗੱਲ ਪੂਰੀ ਕੀਤੀ ਅਤੇ ਸਾਰੇ ਲੋਕਾਂ ਨੇ
ਇਸ ਨੂੰ ਮੰਨਿਆ ਅਤੇ ਮਿਲ ਕੇ ਕਿਹਾ, “ਆਮੀਨ!” ਅਤੇ ਯਹੋਵਾਹ
ਦੀਆਂ ਉਸਤਤਾਂ ਗਾਈਆਂ ਅਤੇ ਇਉਂ ਉਨ੍ਹਾਂ ਲੋਕਾਂ ਨੇ ਆਪਣੇ
ਇਕਰਾਰ ਨੂੰ ਪੂਰਿਆਂ ਕੀਤਾ।

14ਜਦੋਂ ਮੈਂ ਯਹੂਦਾਹ ਦੀ ਧਰਤੀ ਤੇ ਰਾਜਪਾਲ ਨਿਯੁਕਤ ਕੀਤਾ
ਗਿਆ ਸਾਂ, ਉਦੋਂ ਤੋਂ ਨਾ ਹੀ ਮੈਂ ਅਤੇ ਨਾ ਹੀ ਮੇਰੇ ਭਾਈਆਂ ਨੇ
ਰਾਜਪਾਲ ਵਾਲੇ ਭੋਜਨ ਨੂੰ ਖਾਧਾ। ਤੇ ਮੈਂ ਅਰਤਹਸ਼ਸ਼ਤਾ ਦੇ ਰਾਜ
ਦੇ 20 ਵੇਂ ਵਰ੍ਹੇ ਤੋਂ ਲੈ ਕੇ 32 ਵੇਂ ਵਰ੍ਹੇ ਤੀਕ ਯਹੂਦਾਹ ਵਿੱਚ 12ਵਰ੍ਹੇ
ਰਾਜਪਾਲ ਕਿਹਾ। 15ਪਰ ਉਹ ਰਾਜਪਾਲ ਜਿਨ੍ਹਾਂ ਨੇ ਮੇਰੇ ਤੋਂ ਪਹਿਲਾਂ
ਉੱਥੇ ਹੁਕਮ ਚਲਾਇਆ, ਉੱਥੋਂ ਦੇ ਲੋਕਾਂ ਦਾ ਜਿਉਣ ਮੁਸ਼ਕਿਲ ਕੀਤਾ
ਹੋਇਆ ਸੀ। ਉਨ੍ਹਾਂ ਨੇ ਉੱਥੋਂ ਦੇ ਸਾਰੇ ਲੋਕਾਂ ਨੂੰ ਚਾਂਦੀ ਦਾ ਇੱਕ
ਪਉਂਡ ਦੇਣ ਲਈ ਮਜ਼ਬੂਰ ਕੀਤਾ। ਉਨ੍ਹਾਂ ਨੇ ਉਨ੍ਹਾਂ ਤੋਂ ਭੋਜਨ ਅਤੇ
ਮੈਅ ਵੀ ਲਈ। ਉਨ੍ਹਾਂ ਦੇ ਸੇਵਾਦਾਰਾਂ ਨੇ ਵੀ ਉਨ੍ਹਾਂ ਲੋਕਾਂ ਦਾ ਜੀਉਣਾ
ਮੁਸ਼ਕਿਲ ਕੀਤਾ ਹੋਇਆ ਸੀ। ਪਰ ਮੈਂ ਪਰਮੇਸ਼ੁਰ ਦਾ ਮਾਨ ਕੀਤਾ
ਤੇ ਉਸ ਤੋਂ ਭੈ ਖਾਂਦਾ ਸੀ, ਇਸ ਲਈ ਮੈਂ ਉਨ੍ਹਾਂ ਵਾਂਗ ਨਾ ਕੀਤਾ।
16ਮੈਂ ਇਸ ਕੰਧ ਤੇ ਮੁਰੰਮਤ ਦਾ ਕੰਮ ਵੀ ਕੀਤਾ। ਅਸੀਂ ਕਿਸੇ ਤੋਂ
ਕੋਈ ਜ਼ਮੀਨ ਨਹੀਂ ਲਈ, ਅਤੇ ਓੱਥੇ ਕੰਮ ਕਰਨ ਲਈ ਮੇਰੇ ਸਾਰੇ
ਸੇਵਾਦਾਰ ਇਕੱਠੇ ਹੋਏ ਸਨ।

17ਇਸ ਤੋਂ ਇਲਾਵਾ, ਮੇਰੇ ਕੋਲ 150 ਯਹੂਦੀ ਲੋਕ ਅਤੇ
ਅਧਿਕਾਰੀ ਅਤੇ ਹੋਰ ਸਾਡੇ ਆਸੇ-ਪਾਸੇ ਦੀਆਂ ਕੌਮਾਂ ਤੋਂ ਆਏ ਲੋਕ,
ਮੇਰੀ ਮੇਜ਼ ਤੇ ਭੋਜਨ ਕਰਦੇ ਸਨ। 18ਜਿਹੜੇ ਮੇਰੇ ਨਾਲ ਮੇਜ਼ ਤੇ
ਲੰਗਰ ਛੱਕਦੇ, ਉਨ੍ਹਾਂ ਲਈ ਇਹ ਭੋਜਨ ਦਾ ਮੈਂ ਇੰਤਜ਼ਾਮ ਕੀਤਾ
ਹੋਇਆ ਸੀ। ਇੱਕ ਗਾਂ, ਛੇ ਵਧੀਆ ਭੇਡਾਂ ਅਤੇ ਵੰਨ-ਸੁਵੰਨੇ ਪੰਛੀ।
ਅਤੇ ਹਰ 10ਵੇਂ ਦਿਨ ਮੇਰੀ ਮੇਜ਼ ਤੇ ਹਰ ਕਿਸਮ ਦੀ ਮੈਅ ਪਰੋਸੀ
ਜਾਂਦੀ। ਫਿਰ ਵੀ ਮੈਂ ਕਦੇ ਉਸ ਖਾਣੇ ਦੀ ਮੰਗ ਨਾ ਕੀਤੀ ਜਿਹੜਾ
ਹਾਕਮਾਂ ਲਈ ਹੁੰਦਾ ਸੀ ਅਤੇ ਨਾ ਹੀ ਆਪਣੇ ਭੋਜਨ ਲਈ ਉਨ੍ਹਾਂ ਲੋਕਾਂ
ਤੋਂ ਕਰ ਲੈਣ ਲਈ ਜ਼ੋਰ ਜ਼ਬਰਦਸਤੀ ਕੀਤੀ। ਕਿਉਂਕਿ ਮੈਂ ਜਾਣਦਾ
ਸੀ ਕਿ ਉਹ ਲੋਕ ਬੜੀ ਸਖਤ ਮਿਹਨਤ ਕਰ ਰਹੇ ਹਨ ਤੇ ਔਖਾ ਸਮਾਂ
ਗੁਜ਼ਾਰ ਰਹੇ ਹਨ। 19ਹੇ ਮੇਰੇ ਪਰਮੇਸ਼ੁਰ, ਮੈਨੂੰ ਚੇਤੇ ਕਰ ਉਸ ਸਾਰੀ
ਭਲਿਆਈ ਲਈ ਜਿਹੜੀ ਮੈਂ ਇਨ੍ਹਾਂ ਲੋਕਾਂ ਨਾਲ ਕੀਤੀ ਹੈ।

## ਹੋਰ ਸਮੱਸਿਆਵਾਂ

**6** 1ਤਾਂ ਸਨਬੱਲਟ, ਟੋਬੀਯਾਹ, ਗਸ਼ਮ ਅਰਬੀ ਅਤੇ ਸਾਡੇ
ਬਾਕੀ ਸਾਰੇ ਵੈਰੀਆਂ ਨੂੰ ਪਤਾ ਲੱਗ ਗਿਆ ਕਿ ਮੈਂ ਕੰਧ ਦੀ
ਮੁਰੰਮਤ ਕੀਤੀ ਸੀ ਅਤੇ ਇਸ ਵਿੱਚ ਕੋਈ ਖੱਪਾ ਬਾਕੀ ਨਹੀਂ ਰਿਹਾ
ਸੀ, ਪਰ ਅਸੀਂ ਅਜੇ ਫਾਟਕਾਂ ਤੇ ਦਰਵਾਜ਼ੇ ਨਹੀਂ ਲਗਾਏ ਸਨ। 2ਤਾਂ
ਸਨਬੱਲਟ ਅਤੇ ਗਸ਼ਮ ਨੇ ਮੈਨੂੰ ਸੁਨੇਹਾ ਭੇਜਿਆ, “ਓ ਨਹਮਯਾਹ!
ਆ ਆਪਾਂ ਇਕੱਠੇ ਬੈਠੀਏ ਅਤੇ ਓਨੋ ਦੀ ਵਾਦੀ ਵਿੱਚ ਕਫ਼ਰੀਮ ਦੇ
ਨਗਰ ਵਿੱਚ ਸਲਾਹ-ਮਸ਼ਵਰਾ ਕਰੀਏ।” ਪਰ ਅਸਲ ਵਿੱਚ ਉਹ ਮੈਨੂੰ
ਨੁਕਸਾਨ ਪਹੁੰਚਾਉਣ ਦੀ ਵਿਉਂਤ ਬਣਾ ਰਹੇ ਸਨ।

3ਤਾਂ ਮੈਂ ਉਨ੍ਹਾਂ ਨੂੰ ਇਸ ਜਵਾਬ ਨਾਲ ਸੁਨੇਹਾ ਭੇਜਿਆ, “ਮੈਂ ਅਨੇਕਾਂ
ਮਹੱਤਵਪੂਰਣ ਕੰਮ ਕਰ ਰਿਹਾ ਹਾਂ, ਇਸ ਲਈ ਹੇਠਾਂ ਨਹੀਂ ਆ
ਸਕਦਾ। ਤੈਨੂੰ ਆ ਕੇ ਮਿਲਣ ਖਾਤਰ ਕੰਮ ਕਿਉਂ ਰੁਕਣਾ ਚਾਹੀਦਾ।”

4ਸਨਬੱਲਟ ਅਤੇ ਗਸ਼ਮ ਨੇ ਚਾਰ ਵਾਰੀ ਮੈਨੂੰ ਇਹ ਸੁਨੇਹਾ
ਭੇਜਿਆ ਤੇ ਮੈਂ ਵੀ ਉਨ੍ਹਾਂ ਨੂੰ ਉਹੀ ਜਵਾਬ ਦੁਹਰਾਇਆ। 5ਤਾਂ ਪੰਜਵੀ
ਵਾਰ ਸਨਬੱਲਟ ਨੇ ਉਹੀ ਸੁਨੇਹਾ ਆਪਣੇ ਸੇਵਾਦਾਰ ਰਾਹੀਂ ਭੇਜਿਆ
ਅਤੇ ਉਸ ਦੇ ਹੱਥ ਵਿੱਚ ਬਿਨਾਂ ਮੋਹਰ ਲੱਗੀ ਇੱਕ ਖੁੱਲੀ ਚਿੱਠੀ ਵੀ
ਸੀ। 6ਉਸ ਚਿੱਠੀ ਵਿੱਚ ਇਉਂ ਲਿਖਿਆ ਹੋਇਆ ਸੀ:

“ਸਾਰੇ ਪਾਸੇ ਇਹ ਅਫਵਾਹ ਫੈਲੀ ਹੋਈ ਹੈ ਤੇ ਲੋਕੀ
ਇਸ ਬਾਰੇ ਆਖ ਰਹੇ ਹਨ ਅਤੇ ਗਸ਼ਮ ਵੀ ਇਸ ਤਰ੍ਹਾਂ ਹੀ
ਆਖਦਾ ਹੈ ਕਿ ਇਹ ਸੱਚ ਹੈ। ਲੋਕ ਇਹ ਕਹਿ ਰਹੇ ਹਨ

ਕਿ ਤੂੰ ਅਤੇ ਯਹੂਦੀ ਮਿਲ ਕੇ ਪਾਤਸ਼ਾਹ ਦੇ ਵਿਰੁੱਧ ਸਾਜ਼ਿਸ਼
ਬਣਾ ਰਹੇ ਹੋ ਅਤੇ ਇਸੇ ਕਾਰਣ ਤੁਸੀਂ ਯਰੂਸ਼ਲਮ ਦੀ ਕੰਧ
ਨੂੰ ਮੁੜ ਉਸਾਰ ਰਹੇ ਹੋ। ਲੋਕ ਤਾਂ ਇਹ ਵੀ ਆਖ ਰਹੇ ਹਨ
ਕਿ ਯਹੂਦੀਆਂ ਦਾ ਨਵਾਂ ਪਾਤਸ਼ਾਹ ਵੀ ਤੂੰ ਹੀ ਹੋਵੇਂਗਾ।
7ਅਤੇ ਇਹ ਵੀ ਅਫਵਾਹ ਫੈਲੀ ਹੋਈ ਹੈ ਕਿ ਤੂੰ ਨਬੀਆਂ
ਨੂੰ ਵੀ ਚੁਣਿਆ ਹੈ ਜਿਹੜੇ ਕਿ ਤੇਰੇ ਲਈ ਇਹ ਪ੍ਰਚਾਰ
ਕਰਨ, 'ਯਹੂਦਾਹ ਵਿੱਚ ਪਾਤਸ਼ਾਹ ਹੈ।'

"ਸੋ ਹੁਣ ਨਹਮਯਾਹ ਮੈਂ ਤੈਨੂੰ ਖਬਰਦਾਰ ਕਰਦਾ ਹਾਂ
ਕਿ ਇਸ ਸਭ ਕਾਸੇ ਬਾਰੇ ਪਾਤਸ਼ਾਹ ਅਰਤਹਸ਼ਸ਼ਤਾ ਨੂੰ
ਦੱਸਿਆ ਜਾਵੇਗਾ। ਇਸ ਲਈ ਤੂੰ ਹੁਣ ਆ ਅਤੇ ਆਪਾਂ
ਇਸ ਮਸਲੇ ਬਾਰੇ ਇਕੱਠਿਆਂ ਬੈਠ ਕੇ ਵਿਚਾਰ ਕਰੀਏ"

8ਤਾਂ ਮੈਂ ਸਨਬੱਲਟ ਨੂੰ ਇਹ ਵਾਪਸੀ ਜਵਾਬ ਭੇਜਿਆ, "ਜੋ ਤੂੰ
ਆਖ ਰਿਹਾਂ ਉਹ ਨਹੀਂ ਹੈ ਜੋ ਵਾਪਰ ਰਿਹਾ। ਇਹ ਤੇਰੇ ਆਪਣੇ ਹੀ
ਮਨ ਦੀ ਉਪਜ ਹੈ।"

9ਉਹ ਸਾਰੇ ਸਿਰਫ ਸਾਨੂੰ ਡਰਾਉਣਾ ਹੀ ਚਾਹੁੰਦੇ ਸਨ। ਉਹ
ਆਪਣੇ ਮਨ ਵਿੱਚ ਇਉਂ ਸੋਚਦੇ ਸਨ, "ਯਹੂਦੀਆਂ ਨੂੰ ਧਮਕਾ ਕੇ
ਜਦੋਂ ਅਸੀਂ ਇਉਂ ਕਰਾਂਗੇ ਤਾਂ ਉਹ ਕਮਜ਼ੋਰ ਲੋਕ ਡਰ ਕੇ ਕੰਮ ਛੱਡ
ਦੇਣਗੇ ਤੇ ਇਉਂ ਕੰਧ ਮੁਕੰਮਲ ਨਹੀਂ ਹੋਵੇਗੀ।"

ਪਰ ਮੈਂ ਪਰਮੇਸ਼ਰ ਅੱਗੇ ਪ੍ਰਾਰਥਨਾ ਕੀਤੀ, "ਹੇ ਯਹੋਵਾਹ, ਮੈਨੂੰ
ਬਲ ਬਖਸ਼।"

10ਇੱਕ ਦਿਨ, ਮੈਂ ਮਹੇਯਟਬੇਲ ਦੇ ਪੋਤਰੇ ਅਤੇ ਦਲਾਯਾਹ ਦੇ
ਪੁੱਤਰ ਸਮਆਯਾਹ ਦੇ ਘਰ ਗਿਆ। ਉਹ ਆਪਣੇ ਘਰ ਤਾਈਂ
ਸੀਮਤ ਕੀਤਾ ਗਿਆ ਸੀ ਤੇ ਉਸ ਨੇ ਕਿਹਾ, "ਨਹਮਯਾਹ ਤੂੰ ਮੈਨੂੰ
ਪਰਮੇਸ਼ੁਰ ਦੇ ਮੰਦਰ ਵਿੱਚ ਮਿਲ। ਚੱਲ ਪਵਿੱਤਰ ਸਥਾਨ ਦੇ ਅੰਦਰ
ਚੱਲੀਏ ਅਤੇ ਬੂਹੇ ਭੇੜ ਲਈਏ। ਕੁਝ ਆਦਮੀ ਤੈਨੂੰ ਮਾਰਨ ਲਈ
ਆ ਰਹੇ ਹਨ। ਅੱਜ ਰਾਤ ਉਹ ਤੈਨੂੰ ਵੱਢ ਸੁੱਟਣਗੇ।"

11ਪਰ ਮੈਂ ਸ਼ਮਆਯਾਹ ਨੂੰ ਕਿਹਾ, "ਕੀ ਮੇਰੇ ਵਰਗੇ ਮਨੁੱਖ ਲਈ
ਭੱਜ ਜਾਣਾ ਠੀਕ ਹੈ? ਮੇਰੇ ਜਿਹਾ ਕੋਈ ਆਦਮੀ ਪਵਿੱਤਰ ਸਥਾਨ
ਵਿੱਚ ਦਾਖਲ ਹੋ ਕੇ ਜਿਉਂ ਸਕਦਾ ਹੈ? ਮੈਂ ਨਹੀਂ ਜਾਵਾਂਗਾ।"

12ਫ਼ੇਰ ਮੈਂ ਸੁਚੇਤ ਹੋਇਆ ਕਿ ਕੀ ਸਥਿਤੀ ਸੀ। ਪਰਮੇਸ਼ੁਰ ਨੇ
ਸ਼ਮਆਯਾਹ ਨੂੰ ਨਹੀਂ ਭੇਜਿਆ ਸੀ ਅਤੇ ਉਸ ਨੇ ਮੇਰੇ ਖਿਲਾਫ਼
ਭਵਿੱਖਬਾਣੀ ਕੀਤੀ ਸੀ ਕਿਉਂਕਿ ਸਨਬੱਲਟ ਅਤੇ ਟੋਬੀਯਾਹ ਨੇ
ਉਸ ਨੂੰ ਇਹ ਕਰਨ ਲਈ ਕੀਮਤ ਅਦਾ ਕੀਤੀ ਸੀ। 13ਉਨ੍ਹਾਂ ਨੇ ਮੈਨੂੰ
ਭੈਭੀਤ ਕਰਨ ਲਈ ਸ਼ਮਆਯਾਹ ਨੂੰ ਭਾੜੇ ਤੇ ਲਿਆ ਹੋਇਆ ਸੀ ਤਾਂ
ਕਿ ਜੋ ਵੀ ਉਸ ਨੇ ਕਿਹਾ ਮੈਂ ਕਰਾਂ ਅਤੇ ਪਾਪ ਕਰਾਂ। ਉਹ ਮੇਰੇ ਵਿਰੁੱਧ
ਬੁਰੀਆਂ ਯੋਜਨਾ ਬਣਾ ਰਹੇ ਸਨ ਤਾਂ ਕਿ ਮੈਨੂੰ ਬਦਨਾਮ ਕਰ ਸਕਣ।

14ਹੇ ਮੇਰੇ ਪਰਮੇਸ਼ੁਰ, ਟੋਬੀਯਾਹ ਅਤੇ ਸਨੱਬਲਟ ਨੂੰ ਅਤੇ ਉਨ੍ਹਾਂ
ਦੇ ਬੁਰੇ ਕੰਮਾਂ ਨੂੰ ਜਿਹੜੇ ਉਨ੍ਹਾਂ ਨੇ ਕੀਤੇ ਹਨ ਚੇਤੇ ਕਰ। ਨੋਆਦਯਾਹ
ਨਬੀ ਔਰਤ ਅਤੇ ਬਾਕੀ ਦੇ ਨਬੀਆਂ ਨੂੰ ਵੀ ਜਿਹੜੇ ਮੈਨੂੰ ਡਰਾਉਣਾ
ਚਾਹੁੰਦੇ ਸਨ!

## ਕੰਧ ਦਾ ਸੰਪੂਰਣ ਹੋਣਾ

15ਇਉਂ ਅਲੂਲ ਮਹੀਨੇ ਦੇ 25ਵੇਂ ਦਿਨ, ਕੰਧ ਦੀ ਮੁਰੰਮਤ ਸੰਪੂਰਣ
ਹੋ ਗਈ ਸੀ। ਇਸ ਕੰਧ ਦੀ ਉਸਾਰੀ ਨੂੰ ਪੂਰਾ ਕਰਦਿਆਂ 52 ਦਿਨ
ਲੱਗੇ। 16ਤਾਂ ਸਾਡੇ ਸਾਰੇ ਵੈਰੀਆਂ ਨੂੰ ਇਹ ਖਬਰ ਹੋ ਗਈ ਕਿ ਅਸੀਂ
ਕੰਧ ਦਾ ਕੰਮ ਪੂਰਾ ਕਰ ਲਿਆ ਸੀ ਤੇ ਸਾਡੇ ਦੁਆਲੇ ਦੀਆਂ ਸਾਰੀਆਂ
ਕੌਮਾਂ ਨੇ ਵੇਖਿਆ ਕਿ ਅਸੀਂ ਕੰਮ ਪੂਰਾ ਕਰ ਲਿਆ ਸੀ, ਤਾਂ ਉਨ੍ਹਾਂ ਦੇ
ਹੌਸਲੇ ਢਹਿ ਗਏ। ਕਿਉਂਕਿ ਉਨ੍ਹਾਂ ਨੂੰ ਇਹ ਗੱਲ ਸਮਝ ਆ ਗਈ
ਕਿ ਸਾਡਾ ਇਹ ਕੰਮ ਪਰਮੇਸ਼ੁਰ ਦੀ ਸਾਡੇ ਤੇ ਕਿਰਪਾ ਤੇ ਸਹਾਇਤਾ
ਕਾਰਣ ਮੁਕੰਮਲ ਹੋਇਆ ਹੈ।

17ਉਨ੍ਹਾਂ ਦਿਨਾਂ ਵਿੱਚ ਜਦੋਂ ਕਿ ਕੰਧ ਦਾ ਕੰਮ ਪੂਰਾ ਹੋਇਆ ਸੀ,
ਯਹੂਦਾਹ ਦੇ ਸੱਜਣ ਬਹੁਤ ਸਾਰੀਆਂ ਚਿੱਠੀਆਂ ਟੋਬੀਯਾਹ ਨੂੰ ਭੇਜ
ਰਹੇ ਸਨ ਅਤੇ ਟੋਬੀਯਾਹ ਬਹੁਤ ਸਾਰੀਆਂ ਚਿੱਠੀਆਂ ਉਨ੍ਹਾਂ ਨੂੰ
ਭੇਜ ਰਿਹਾ ਸੀ। 18ਕਿਉਂਕਿ ਯਹੂਦਾਹ ਵਿੱਚੋਂ ਬਹੁਤ ਸਾਰੇ ਲੋਕਾਂ ਨੇ
ਉਸ ਦੇ ਪਿੱਛੇ ਲੱਗਣ ਦਾ ਇਕਰਾਰ ਕੀਤਾ ਸੀ ਕਿਉਂਕਿ ਟੋਬੀਯਾਹ
ਸ਼ਕਨਯਾਹ ਦਾ ਜਵਾਈ ਸੀ, ਜੋ ਕਿ ਆਰਹ ਦਾ ਪੁੱਤਰ ਸੀ। ਅਤੇ
ਉਸ ਦੇ ਪੁੱਤਰ ਯਹੋਹਾਨਾਨ ਨੇ ਬਰਕਯਾਹ ਦੇ ਪੁੱਤਰ ਮੱਸ਼ੁਲਾਮ ਦੀ
ਧੀ ਨਾਲ ਵਿਆਹ ਕਰਵਾਇਆ ਸੀ। 19ਉਹ ਲੋਕ ਮੈਨੂੰ ਉਸ ਦੀਆਂ
ਸਿਫ਼ਤਾਂ ਦੱਸਦੇ ਸਨ ਅਤੇ ਉਹ ਟੋਬੀਯਾਹ ਨੂੰ ਮੇਰੇ ਬਾਰੇ ਤੇ ਮੇਰੇ ਕੰਮਾਂ
ਬਾਰੇ ਖਬਰ ਦਿੰਦੇ ਰਹਿੰਦੇ ਸਨ। ਇਉਂ ਟੋਬੀਯਾਹ ਮੈਨੂੰ ਭੈਭੀਤ ਕਰਨ
ਲਈ ਮੈਨੂੰ ਚਿੱਠੀਆਂ ਭੇਜਦਾ ਰਿਹਾ।

7 1ਜਦੋਂ ਕੰਧ ਬਣ ਗਈ ਸੀ, ਮੈਂ ਫ਼ਾਟਕ ਤੇ ਦਰਵਾਜ਼ੇ ਲਾਏ।
ਫ਼ੇਰ ਉਹ ਲੋਕ ਜੋ ਫ਼ਾਟਕਾਂ ਦੀ ਰੱਖਵਾਲੀ ਕਰ ਸਕਦੇ ਸਨ,
ਧਾਰਮਿਕ ਗਵੱਈਏ, ਅਤੇ ਲੇਵੀ ਨਿਯੁਕਤ ਕੀਤੇ ਗਏ ਸਨ।
2ਇਸ ਤੋਂ ਬਾਦ ਮੈਂ ਆਪਣੇ ਭਰਾ ਹਨਾਨੀ ਨੂੰ ਯਰੂਸ਼ਲਮ ਦਾ ਹਾਕਮ
ਠਹਿਰਾਇਆ। ਅਤੇ ਇੱਕ ਹੋਰ ਹਨਨਯਾਹ ਨਾਂ ਦੇ ਆਦਮੀ ਨੂੰ ਕਿਲੇ
ਦਾ ਸਰਦਾਰ ਬਣਾਇਆ। ਹਨਾਨੀ ਨੂੰ ਮੈਂ ਹਾਕਮ ਇਸ ਲਈ ਚੁਣਿਆ
ਕਿਉਂਕਿ ਉਹ ਬੜਾ ਈਮਾਨਦਾਰ ਅਤੇ ਸਭ ਤੋਂ ਵੱਧ ਪਰਮੇਸ਼ੁਰ ਦਾ
ਭੈ ਮੰਨਣ ਵਾਲਾ ਮਨੁੱਖ ਸੀ। 3ਤਾਂ ਮੈਂ ਉਨ੍ਹਾਂ ਨੂੰ ਆਖਿਆ, "ਜਦ
ਤੀਕ ਤਿੱਖੀ ਧੁੱਪ ਨਾ ਚੜ੍ਹ ਆਵੇ, ਯਰੂਸ਼ਲਮ ਦੇ ਫ਼ਾਟਕ ਨਾ ਖੋਲਿਓ
ਅਤੇ ਸੂਰਜ ਢਲਣ ਤੋਂ ਪਹਿਲਾਂ ਯਰੂਸ਼ਲਮ ਦੇ ਫਾਟਕਾਂ ਨੂੰ ਬੰਦ
ਕਰਕੇ ਜੰਦਰੇ ਲਾ ਦਿੱਤੇ ਜਾਣ। ਯਰੂਸ਼ਲਮ ਵਿੱਚ ਰਹਿੰਦੇ ਲੋਕਾਂ ਵਿੱਚੋਂ
ਪਹਿਰੇਦਾਰ ਨਿਯੁਕਤ ਕਰੋ ਤੇ ਉਨ੍ਹਾਂ ਵਿੱਚੋਂ ਕੁਝ ਲੋਕਾਂ ਨੂੰ ਆਪਣੇ
ਟਿਕਾਣਿਆਂ ਤੇ ਪਹਿਰੇਦਾਰੀ ਲਈ ਰੱਖੋ। ਤੇ ਕੁਝ ਲੋਕਾਂ ਨੂੰ ਉਨ੍ਹਾਂ
ਦੇ ਆਪਣੇ ਘਰਾਂ ਦੇ ਨੇੜੇ ਤੇੜੇ ਹੀ ਪਹਿਰਾ ਦੇਣ ਲਈ ਨਿਯੁਕਤ
ਕਰ ਦੇਵੋ।"

## ਜਿਹੜੇ ਬੰਦੀ ਵਾਪਸ ਆਏ ਉਨ੍ਹਾਂ ਦੀ ਸੂਚੀ

4ਹੁਣ ਲੋਕਾਂ ਦੇ ਹਿਸਾਬ ਨਾਲੋਂ ਸ਼ਹਿਰ ਵਧੇਰੇ ਖੁੱਲਾ ਅਤੇ ਚੌੜਾ ਸੀ।
ਸਗੋਂ ਹੁਣ ਇਸ ਵਿੱਚ ਥੋੜੇ ਜਿਹੇ ਲੋਕ ਸਨ ਅਤੇ ਉਨ੍ਹਾਂ ਦੇ ਘਰ ਵੀ
ਅਜੇ ਤੀਕ ਮੁੜ ਤੋਂ ਨਹੀਂ ਬਣੇ ਸਨ। 5ਤਾਂ ਮੇਰੇ ਪਰਮੇਸ਼ੁਰ ਨੇ ਮੇਰੇ ਮਨ
ਵਿੱਚ ਪਾਇਆ ਕਿ ਮੈਂ ਇਨ੍ਹਾਂ ਸਾਰੇ ਲੋਕਾਂ ਦੀ ਇੱਕ ਸਭਾ ਬੁਲਾਵਾਂ। ਤਾਂ
ਮੈਂ ਸੱਜਣਾਂ, ਅਧਿਕਾਰੀਆਂ ਅਤੇ ਆਮ ਲੋਕਾਂ ਨੂੰ ਬੁਲਾਇਆ। ਇਹ
ਕੰਮ ਮੈਂ ਸਾਰੇ ਘਰਾਣਿਆਂ ਦੀ ਸੂਚੀ ਤਿਆਰ ਕਰਨ ਲਈ ਕੀਤਾ।
ਮੈਨੂੰ ਉਨ੍ਹਾਂ ਦੇ ਘਰਾਣਿਆਂ ਦੇ ਇਤਹਾਸ ਦੀ ਪੋਥੀ ਮਿਲੀ, ਜਿਹੜੇ ਕਿ
ਪਹਿਲਾਂ ਦੇਸ ਨਿਕਾਲੇ ਤੋਂ ਵਾਪਸ ਆਏ ਸਨ ਅਤੇ ਮੈਨੂੰ ਉਸ ਵਿੱਚ
ਇਹ ਕੁਝ ਲਿਖਿਆ ਹੋਇਆ ਮਿਲਿਆ:

6ਇਹ ਉਸ ਸੂਬੇ ਦੇ ਲੋਕ ਹਨ ਜਿਹੜੇ ਦੇਸ ਨਿਕਾਲੇ ਤੋਂ ਵਾਪਸ
ਮੁੜੇ ਸਨ। ਪਹਿਲੇ ਸਮੇਂ ਵਿੱਚ ਬਾਬਲ ਦਾ ਪਾਤਸ਼ਾਹ ਨਬੂਕਦਨੱਸਰ
ਇਨ੍ਹਾਂ ਨੂੰ ਕੈਦੀ ਬਣਾ ਕੇ ਬਾਬਲ ਨੂੰ ਲੈ ਗਿਆ। ਇਹ ਲੋਕ ਯਰੂਸ਼ਲਮ
ਅਤੇ ਯਹੂਦਾਹ ਵਿੱਚ ਵਾਪਸ ਮੁੜ ਆਏ ਤੇ ਹਰ ਕੋਈ ਆਪੋ-ਆਪਣੇ
ਨਗਰਾਂ ਨੂੰ ਮੁੜ ਗਿਆ। 7ਇਹ ਲੋਕ ਜ਼ਰੁੱਬਾਬਲ ਨਾਲ ਮੁੜੇ :
ਯੇਸ਼ੂਆ, ਨਹਮਯਾਹ, ਅਜ਼ਰਯਾਹ, ਰਅਮਯਾਹ, ਅਤੇ ਨਹਮਾਨੀ

ਮਾਰਦਕਈ, ਬਿਲਸ਼ਾਨ, ਮਿਸਪਰਥ, ਬਿਗਵਈ, ਨਹੂਮ ਅਤੇ ਬਅਨਾਹ। ਇਸਰਾਏਲ ਦੇ ਜਿਹੜੇ ਮਨੁੱਖ ਮੁੜੇ ਉਨ੍ਹਾਂ ਦੀ ਗਿਣਤੀ ਅਤੇ ਨਾਂਓ ਇਸ ਪ੍ਰਕਾਰ ਹਨ।

8 ਪਰੋਸ਼ੀ ਦੀ ਵੰਸ਼ ਵਿੱਚੋਂ 2,172,
9 ਸ਼ਫ਼ਟਯਾਹ ਦੀ ਵੰਸ਼ ਵਿੱਚੋਂ 372,
10 ਆਰਹ ਦੀ ਵੰਸ਼ ਵਿੱਚੋਂ 652,
11 ਪਹਥ-ਮੋਆਬ ਤੋਂ ਜਿਹੜੇ ਯੇਸ਼ੂਆ ਅਤੇ ਯੋਆਬ ਘਰਾਣੇ ਦੀ ਵੰਸ਼ ਵਿੱਚੋਂ ਸਨ, ਉਨ੍ਹਾਂ ਦੀ ਗਿਣਤੀ ਸੀ 2,818
12 ਏਲਾਮ ਦੀ ਵੰਸ਼ ਵਿੱਚੋਂ 1,254
13 ਜ਼ੱਤੂ ਦੀ ਵੰਸ਼ ਵਿੱਚੋਂ 845
14 ਜ਼ੱਕਾਈ ਦੀ ਵੰਸ਼ ਵਿੱਚੋਂ 760
15 ਬਿੰਨੂਈ ਦੀ ਵੰਸ਼ ਵਿੱਚੋਂ 648
16 ਬੇਬਈ ਦੀ ਕੁੱਲ ਵਿੱਚੋਂ 628
17 ਅਜ਼ਗਾਦ ਦੀ ਵੰਸ਼ ਵਿੱਚੋਂ, 2,322
18 ਅਦੋਨੀਕਾਮ ਦੀ ਵੰਸ਼ ਵਿੱਚੋਂ 667
19 ਬਿਗਵਈ ਦੀ ਵੰਸ਼ ਵਿੱਚੋਂ 2,067
20 ਆਦੀਨ ਦੀ ਵੰਸ਼ ਵਿੱਚੋਂ 655
21 ਹਿਜ਼ਕੀਯਾਹ ਦੇ ਘਰਾਣੇ ਵਿੱਚੋਂ ਅਟੇਰ ਦੀ ਵੰਸ਼ ਦੇ ਮਨੁੱਖ ਸਨ 98
22 ਹਾਸ਼ੁਮ ਦੀ ਵੰਸ਼ ਵਿੱਚੋਂ 328
23 ਬੇਸਾਈ ਦੀ ਵੰਸ਼ ਵਿੱਚੋਂ 324
24 ਹਾਰੀਫ ਦੀ ਵੰਸ਼ ਵਿੱਚੋਂ 112
25 ਗਿਬਓਨ ਦੀ ਵੰਸ਼ ਵਿੱਚੋਂ 95
26 ਬੈਤਲਹਮ ਤੇ ਨਟੋਫਾਹ ਦੇ ਸ਼ਹਿਰਾਂ ਤੋਂ 188
27 ਅਨਾਥੋਥ ਸ਼ਹਿਰ ਵਿੱਚੋਂ 128
28 ਬੈਤ-ਅਜ਼ਮਾਵਥ ਸ਼ਹਿਰ ਵਿੱਚੋਂ 42
29 ਕਿਰਯਥ ਯਆਰੀਮ, ਕਫੀਰਾਹ ਅਤੇ ਬੇਰੋਯ, ਸ਼ਹਿਰ ਦੇ ਮਨੁੱਖਾਂ ਦੀ ਗਿਣਤੀ 743
30 ਰਾਮਾਹ ਅਤੇ ਗ਼ਬਾ ਸ਼ਹਿਰ ਵਿੱਚੋਂ 621
31 ਮਿਕਮਾਸ ਦੇ ਮਨੁੱਖ 122
32 ਬੈਤਏਲ ਅਤੇ ਅਈ ਸ਼ਹਿਰਾਂ ਵਿੱਚੋਂ 123
33 ਨਬੋ ਦੇ ਦੂਸਰੇ ਸ਼ਹਿਰ ਵਿੱਚੋਂ 52
34 ਏਲਾਮ ਦੇ ਦੂਜੇ ਸ਼ਹਿਰ ਵਿੱਚੋਂ 1,254
35 ਹਾਰੀਮ ਸ਼ਹਿਰ ਵਿੱਚੋਂ 320,
36 ਯਰੀਹੋ ਦੇ ਸ਼ਹਿਰ ਵਿੱਚੋਂ 345
37 ਲੋਦ, ਹਾਦੀਦ ਅਤੇ ਓਨੋ ਸ਼ਹਿਰ ਵਿੱਚੋਂ 721
38 ਸਨਾਹ ਦੀ ਵੰਸ਼ ਵਿੱਚੋਂ 3,930

39 ਜਾਜਕਾਂ ਦੀ ਸੂਚੀ ਇਵੇਂ ਸੀ:
ਯੇਸ਼ੂਆ ਦੇ ਘਰੋਂ ਯਦਅਯਾਹ ਦੀ ਵੰਸ਼ ਵਿੱਚੋਂ 973
40 ਈਮੇਰ ਦੀ ਵੰਸ਼ ਵਿੱਚੋਂ 1,052
41 ਪਸ਼ਹੂਰ ਦੀ ਵੰਸ਼ ਵਿੱਚੋਂ 1,247
42 ਹਾਰੀਮ ਦੀ ਵੰਸ਼ ਵਿੱਚੋਂ 1,017

43 ਲੇਵੀ ਦੇ ਪਰਿਵਾਰ-ਸਮੂਹਾਂ ਦੇ ਲੋਕਾਂ ਦੀ ਗਿਣਤੀ ਇਸ ਤਰ੍ਹਾਂ ਸੀ:
ਯੇਸ਼ੂਆ ਤੋਂ ਕਦਮੀਏਲ ਰਾਹੀਂ ਹੋਦਵਾਹ ਦੇ ਪਰਿਵਾਰ ਰਾਹੀਂ, ਉਨ੍ਹਾਂ ਦੀ ਵੰਸ਼ ਸਨ 74

44 ਰਾਗੀਆਂ ਵਿੱਚੋਂ:
ਅਸਾਫ਼ ਦੀ ਵੰਸ਼ ਵਿੱਚੋਂ 148

45 ਦਰਬਾਨ ਦੀ ਗਿਣਤੀ ਇਵੇਂ ਸੀ:
ਸੱਲੂਮ, ਆਟੇਰ ਟਲਮੋਨ, ਅੱਕੂਬ, ਹਟੀਟਾ ਅਤੇ ਸ਼ੋਬਾਈ ਦੀ ਵੰਸ਼ ਵਿੱਚੋਂ 138

46 ਮੰਦਰ ਦੇ ਖਾਸ ਸੇਵਕ ਸਨ:
ਸੀਹਾ ਦੀ ਵੰਸ਼, ਹਸੂਫਾ ਅਤੇ ਟੱਬਾਓਥ,
47 ਕੇਰੋਸ, ਸੀਆ ਅਤੇ ਪਾਦੋਨ ਦੀ ਵੰਸ਼,
48 ਲਬਾਨਾਹ, ਹਗਾਬਾ ਅਤੇ ਸਲਮਾਈ ਦੀ ਵੰਸ਼
49 ਹਨਾਨ, ਗਿੱਦੇਲ ਅਤੇ ਗਾਹਰ ਦੀ ਵੰਸ਼,
50 ਰਅਯਾਹ, ਰਸੀਨ ਅਤੇ ਨਕੋਦਾ ਦੀ ਵੰਸ਼,
51 ਗੱਜ਼ਾਮ, ਉੱਜ਼ਾ, ਪਾਸੇਹ,
52 ਬੇਸਈ, ਮਊਨੀਮ ਅਤੇ ਨਫੀਸ਼ਸੀਮ ਦੀ ਵੰਸ਼,
53 ਬਕਬੂਕ, ਹਕੂਫਾ ਅਤੇ ਹਰਹੂਰ ਦੀ ਵੰਸ਼,
54 ਬਸਲੀਥ, ਮਹੀਦਾ ਅਤੇ ਹਰਸ਼ਾ ਦੀ ਵੰਸ਼,
55 ਬਰਕੋਸ, ਸੀਸਰਾ ਅਤੇ ਥਾਮਹ ਦੀ ਵੰਸ਼,
56 ਨਸੀਅਹ ਅਤੇ ਹਟੀਫ਼ਾ ਦੀ ਵੰਸ਼।

57 ਸੁਲੇਮਾਨ ਦੇ ਸੇਵਕਾਂ ਦੇ ਘਰਾਣਿਆਂ ਵਿੱਚੋਂ:
ਸੋਟਈ, ਸੋਫਰਥ ਅਤੇ ਪਰੀਦਾ ਦੀ ਵੰਸ਼,
58 ਯਅਲਾਹ, ਦਰਕੋਨ ਅਤੇ ਗਿੱਦੇਲ ਦੀ ਵੰਸ਼,
59 ਸ਼ਫਟਯਾਹ, ਹੱਟੀਲ, ਫੋਕਰਥ ਸਬਾਈਮ ਅਤੇ ਆਮੋਨ ਦੀ ਵੰਸ਼,
60 ਸਾਰੇ ਮੰਦਰ ਦੇ ਸੇਵਕ ਅਤੇ ਸੁਲੇਮਾਨ ਦੇ ਸੇਵਕਾਂ ਦੇ ਘਰਾਣੇ ਵਿੱਚੋਂ ਮਨੁੱਖਾਂ ਦੀ ਗਿਣਤੀ 392 ਸੀ।

61 ਯਰੂਸ਼ਲਮ ਵਿੱਚ ਕੁਝ ਲੋਕ ਤੇਲਮਲਹ, ਤੇਲ ਹਰਸ਼ਾ, ਕਰੂਬ ਅਦੋਨ ਅਤੇ ਇੰਮੇਰ ਸ਼ਹਿਰਾਂ ਵਿੱਚੋਂ ਆਏ ਸਨ। ਪਰ ਇਹ ਲੋਕ ਇਹ ਸਾਬਤ ਨਾ ਕਰ ਸਕੇ ਕਿ ਸੱਚ ਮੁੱਚ ਉਨ੍ਹਾਂ ਦੇ ਪਰਿਵਾਰ ਦੇ ਲੋਕ ਇਸਰਾਏਲ ਵਿੱਚੋਂ ਹੀ ਹਨ।

62 ਦਲਾਯਾਹ ਟੋਬੀਯਾਹ ਅਤੇ ਨਕੋਦਾ ਦੀ ਵੰਸ਼ ਵਿੱਚੋਂ ਮਨੁੱਖ 642 ਸਨ।

63 ਜਾਜਕਾਂ ਦੇ ਪਰਿਵਾਰਾਂ ਵਿੱਚੋਂ:
ਹਾਬਾਯਾਹ, ਹੱਕੋਜ਼ ਦੇ ਅਤੇ ਬਰਜ਼ਿੱਲਈ ਦੀ ਵੰਸ਼ ਸਨ, (ਜੇਕਰ ਕੋਈ ਮਨੁੱਖ ਗਿਲਆਦ ਦੇ ਬਰਜ਼ਿੱਲਈ ਦੀਆਂ ਧੀਆਂ ਵਿੱਚੋਂ ਕਿਸੇ ਇੱਕ ਨੂੰ ਵਿਆਹ ਲੈਂਦਾ ਸੀ ਤਾਂ ਉਹ ਬਰਜ਼ਿੱਲਈ ਦੀ ਵੰਸ਼ ਵਿੱਚੋਂ ਅਖਵਾਉਂਦਾ ਸੀ।)

64 ਇਨ੍ਹਾਂ ਮਨੁੱਖਾਂ ਨੇ ਵੰਸ਼ਾਵਲੀਆਂ ਵਿੱਚੋਂ ਆਪਣੇ ਘਰਾਣਿਆਂ ਦੀ
ਖੋਜ ਕੀਤੀ, ਪਰ ਉਹ ਅਸਫਲ ਰਹੇ। ਉਹ ਇਹ ਸਾਬਤ ਨਾ ਕਰ
ਸਕੇ ਕਿ ਉਨ੍ਹਾਂ ਦੇ ਪੁਰਖੇ ਜਾਜਕ ਸਨ, ਇਸੇ ਲਈ ਉਹ ਜਾਜਕਾਂ ਵਜੋਂ
ਸੇਵਾ ਕਰਨ ਅਯੋਗ ਠਹਿਰਾਏ ਗਏ ਸਨ। ਉਨ੍ਹਾਂ ਦੇ ਨਾਉਂ ਜਾਜਕਾਂ
ਦੀ ਸੂਚੀ ਵਿੱਚ ਦਰਜ ਨਹੀਂ ਕੀਤੇ ਗਏ ਸਨ।
65 ਤਾਂ ਰਾਜਪਾਲ ਨੇ

ਉਨ੍ਹਾਂ ਨੂੰ ਹੁਕਮ ਦਿੱਤਾ ਕਿ ਉਹ ਅੱਤ ਪਵਿੱਤਰ ਭੋਜਨ ਵਿੱਚੋਂ ਨਾ ਖਾਣ
ਜਿੰਨਾ ਚਿਰ ਊਰੀਮ ਅਤੇ ਥੁੰਮੀਮ[a] ਵਾਲਾ ਜਾਜਕ ਪਰਮੇਸ਼ੁਰ ਤੋਂ ਪੁੱਛ
ਨਾ ਲਵੇ ਕਿ ਕੀ ਕਰਨਾ।
**66-67**ਕੁਲ ਮਿਲਾ ਕੇ ਜਿਹੜੇ ਸਾਰੀ ਸਭਾ ’ਚ ਲੋਕਾਂ ਦੀ ਗਿਣਤੀ
42,360 ਸੀ। 7,337 ਦਾਸ ਦਾਸੀਆਂ ਇਸ ਗਿਣਤੀ
ਤੋਂ ਇਲਾਵਾ ਸਨ ਜੋ ਸੂਚੀ ਵਿੱਚ ਸ਼ਾਮਲ ਸਨ। ਉਨ੍ਹਾਂ ਦੇ
ਨਾਲ 245 ਰਾਗੀ ਅਤੇ ਰਾਗਣਾਂ ਵੀ ਸਨ। **68-69**ਉਨ੍ਹਾਂ
ਕੋਲ 736 ਘੋੜੇ, 245 ਖੱਚਰਾਂ, 435 ਊਠ ਅਤੇ
6,720 ਗਧੇ ਸਨ।

**70**ਕੁਝ ਘਰਾਣਿਆਂ ਨੇ ਕੰਮ ਵਿੱਚ ਪੈਸੇ ਨਾਲ ਮਦਦ ਕੀਤੀ।
ਰਾਜਪਾਲ ਨੇ 1,000 ਦਰਮ ਸੋਨਾ ਖਜ਼ਾਨੇ ਲਈ ਦਿੱਤੇ। ਉਸ
ਨੇ 50 ਬਾਟੇ ਅਤੇ ਜਾਜਕਾਂ ਵਾਸਤੇ 530 ਕਮੀਜ਼ਾਂ ਦਿੱਤੀਆਂ।
**71**ਘਰਾਣਿਆਂ ਦੇ ਆਗੂਆਂ ਨੇ ਕੰਮ ਦੀ ਕੀਮਤ ਅਦਾ ਕਰਨ ਲਈ
ਖਜ਼ਾਨੇ ਲਈ 20,000 ਦਰਮ ਸੋਨਾ ਅਤੇ 2,200 ਮਾਨੇਹ ਚਾਂਦੀ
ਦਿੱਤੀ। **72**ਅਤੇ ਬਾਕੀ ਦੇ ਲੋਕਾਂ ਨੇ 20,000 ਦਰਮ ਸੋਨਾ, 2,000
ਮਾਨੇਹ ਚਾਂਦੀ ਅਤੇ ਜਾਜਕਾਂ ਲਈ 67 ਕਮੀਜ਼ਾਂ ਦਿੱਤੀਆਂ।
**73**ਇਉਂ ਜਾਜਕ, ਲੇਵੀ, ਦਰਬਾਨ, ਰਾਗੀ ਅਤੇ ਕਈ ਹੋਰ ਲੋਕ,
ਮੰਦਰ ਦੇ ਸੇਵਕਾਂ ਅਤੇ ਸਾਰਾ ਇਸਰਾਏਲ ਆਪੋ-ਆਪਣੇ ਨਗਰਾਂ
ਵਿੱਚ ਸਥਾਪਿਤ ਹੋ ਗਏ। ਅਤੇ ਜਦੋਂ ਸਾਲ ਦਾ ਸੱਤਵਾਂ ਮਹੀਨਾ
ਆਇਆ, ਇਸਰਾਏਲ ਦੇ ਸਾਰੇ ਲੋਕ ਆਪੋ-ਆਪਣੇ ਸ਼ਹਿਰਾਂ ਵਿੱਚ
ਵੱਸ ਗਏ ਸਨ।

## ਅਜ਼ਰਾ ਨੇ ਬਿਵਸਥਾ ਪੜ੍ਹੀ

**8** **1**ਇਉਂ ਸਾਲ ਦੇ ਅੱਠਵੇਂ ਮਹੀਨੇ ਸਾਰੇ ਇਸਰਾਏਲੀ ਜਲ
ਫ਼ਾਟਕ ਦੇ ਅੱਗੇ ਖੁੱਲ੍ਹੇ ਮੈਦਾਨ ਵਿੱਚ ਇੱਕੋ ਦਿਲ ਨਾਲ ਇਕੱਠੇ
ਹੋਏ ਅਤੇ ਉਨ੍ਹਾਂ ਨੇ ਅਜ਼ਰਾ ਲਿਖਾਰੀ ਨੂੰ *ਮੂਸਾ ਦੀ ਬਿਵਸਥਾ ਦੀ ਪੋਥੀ*
ਲਿਆਉਣ ਲਈ ਕਿਹਾ ਜਿਹੜਾ ਕਿ ਯਹੋਵਾਹ ਨੇ ਇਸਰਾਏਲੀਆਂ
ਨੂੰ ਹੁਕਮ ਦਿੱਤਾ ਸੀ। **2**ਤਾਂ ਅਜ਼ਰਾ ਜਾਜਕ ਨੇ ਉਨ੍ਹਾਂ ਇਕੱਠੇ ਹੋਏ
ਲੋਕਾਂ ਸਾਹਮਣੇ ਉਹ ਬਿਵਸਥਾ ਪੇਸ਼ ਕੀਤੀ। ਇਹ ਸੱਤਵੇਂ ਮਹੀਨੇ
ਦੀ ਪਹਿਲੇ ਦਿਨ ਨੂੰ ਹੋਇਆ। ਇਸ ਬਿਵਸਥਾ ਨੂੰ ਔਰਤਾਂ, ਮਰਦਾਂ
ਅਤੇ ਹੋਰ ਸਾਰੇ ਮਨੁੱਖਾਂ ਦੇ ਲਈ, ਅੱਗੇ ਲਿਆਂਦਾ ਗਿਆ ਜਿਹੜੇ
ਕਿ ਸੁਣ ਅਤੇ ਸਮਝ ਸਕਣ ਦੇ ਯੋਗ ਸਨ। **3**ਅਜ਼ਰਾ ਨੇ *ਬਿਵਸਥਾ
ਨੂੰ ਉੱਚੀ* ਅਵਾਜ਼ ਵਿੱਚ ਸੁਬਹ ਤੋਂ ਦੁਪਿਹਰ ਤਾਂਈ ਪੜ੍ਹਿਆ, ਅਜ਼ਰਾ
ਦਾ ਮੂੰਹ ਜਲ ਫਾਟਕ ਦੇ ਅੱਗੇ ਖੁੱਲ੍ਹੇ ਮੈਦਾਨ ਵੱਲ ਨੂੰ ਸੀ, ਤੇ ਉਸ ਨੇ
ਸਾਰੇ ਮਰਦਾਂ ਅਤੇ ਔਰਤਾਂ ਨੂੰ ਜਿਹੜੇ ਇਸ ਨੂੰ ਸਮਝ ਸਕਦੇ ਸਨ,
ਪੜ੍ਹ ਕੇ ਸੁਣਾਇਆ ਸਭ ਲੋਕਾਂ ਨੇ *ਬਿਵਸਥਾ ਦੀ ਪੋਥੀ* ਨੂੰ ਧਿਆਨ
ਨਾਲ ਸੁਣਿਆ ਅਤੇ ਧਿਆਨ ਦਿੱਤਾ।
**4**ਫ਼ੇਰ ਅਜ਼ਰਾ ਲਿਖਾਰੀ ਲੱਕੜੀ ਦੇ ਉੱਚੇ ਤਖਤਪੋਸ਼ ਤੇ ਖੜ੍ਹਾ
ਹੋ ਗਿਆ ਜੋ ਕਿ ਇਸ ਖਾਸ ਮੰਤਵ ਲਈ ਹੀ ਬਣਾਇਆ ਗਿਆ
ਸੀ। ਉਸ ਦੇ ਸੱਜੇ ਪਾਸੇ ਮੱਤੀਥਯਾਹ, ਸ਼ਮਆ, ਅਨਾਯਾਹ,
ਊਰੀਯਾਹ, ਹਿਲਕੀਯਾਹ ਅਤੇ ਮਆਸੇਯਾਹ ਸਨ। ਉਸ ਦੇ ਖੱਬੇ
ਪਾਸੇ ਪਦਾਯਾਹ, ਮੀਸ਼ਾਏਲ, ਮਲਕੀਯਾਹ, ਹਾਸ਼ੁਮ, ਹਸਬਦ੍ਦਾਨਾਹ,
ਜ਼ਕਰਯਾਹ ਅਤੇ ਮੱਸ਼ੁਲਾਮ ਸਨ।
**5**ਤਾਂ ਅਜ਼ਰਾ ਲਿਖਾਰੀ ਨੇ*ਪੋਥੀ* ਨੂੰ ਲੋਕਾਂ ਦੇ ਸਾਹਮਣੇ ਖੋਲ੍ਹਿਆ।
ਸਾਰੇ ਲੋਕਾਂ ਨੂੰ ਅਜ਼ਰਾ ਵਿਖਾਈ ਦੇ ਰਿਹਾ ਸੀ ਕਿਉਂਕਿ ਉਹ ਉੱਚੇ
ਤਖਤਪੋਸ਼ ਉੱਪਰ ਖੜ੍ਹਾ ਸੀ। ਜਿਉਂ ਹੀ ਅਜ਼ਰਾ ਨੇ ਬਿਵਸਥਾ ਦੀ
ਪੋਥੀ ਨੂੰ ਖੋਲ੍ਹਿਆ ਸਾਰੇ ਲੋਕ ਖੜ੍ਹੇ ਹੋ ਗਏ। **6**ਅਜ਼ਰਾ ਨੇ ਯਹੋਵਾਹ,
ਮਹਾਨ ਪਰਮੇਸ਼ੁਰ ਦਾ ਧੰਨਵਾਦ ਕੀਤਾ ਤੇ ਉਸ ਦੀ ਉਸਤਤ ਕੀਤੀ।
ਸਾਰੇ ਲੋਕਾਂ ਨੇ ਆਪਣੇ ਹੱਥ ਉਤਾਂਹ ਨੂੰ ਚੁੱਕ ਕੇ ਕਿਹਾ “ਆਮੀਨ!
ਆਮੀਨ!” ਫ਼ੇਰ ਸਾਰੇ ਲੋਕਾਂ ਨੇ ਧਰਤੀ ਉੱਪਰ ਸਿਰ ਝੁਕਾ ਕੇ ਯਹੋਵਾਹ
ਦੀ ਉਪਾਸਨਾ ਕੀਤੀ।
**7**ਯੇਸ਼ੂਅ, ਬਾਨੀ, ਸ਼ੇਰੇਬਯਾਹ, ਯਾਮੀਨ, ਅੱਕੂਬ, ਸ਼ਬਥਈ,
ਹੋਦੀਯਾਹ, ਮਅਸੇਯਾਹ, ਕਲੀਟਾ, ਅਜ਼ਰਯਾਹ, ਯੋਜ਼ਾਬਾਦ, ਹਨਾਨ
ਅਤੇ ਪਲਾਯਾਹ ਅਤੇ ਲੇਵੀ ਨੇ ਲੋਕਾਂ ਨੂੰ ਬਿਵਸਥਾ ਦੀ ਵਿਆਖਿਆ
ਕੀਤੀ ਜਦੋਂ ਕਿ ਉਹ ਸਾਰੇ ਆਪਣੇ ਥਾਂ ਤੇ ਖੜ੍ਹੇ ਸਨ। **8**ਉਨ੍ਹਾਂ ਲੇਵੀਆਂ
ਨੇ *ਬਿਵਸਥਾ ਦੀ ਪੋਥੀ* ਨੂੰ ਪੜ੍ਹ ਕੇ ਸੁਣਾਇਆ ਅਤੇ ਸਰਲ ਤਰੀਕੇ
’ਚ ਉਸ ਦੀ ਵਿਆਖਿਆ ਕੀਤੀ ਤਾਂ ਜੋ ਉਹ ਸਮਝ ਸਕਨ। ਇਉਂ
ਉਨ੍ਹਾਂ ਨੇ ਇਸ ਲਈ ਕੀਤਾ ਤਾਂ ਕਿ ਜੋ ਕੁਝ ਪੜ੍ਹਿਆ ਗਿਆ ਹੈ ਉਹ
ਲੋਕਾਂ ਦੀ ਸਮਝ ਪੈ ਜਾਵੇ।
**9**ਤਦ ਰਾਜਪਾਲ ਨਹਮਯਾਹ, ਅਜ਼ਰਾ ਜਾਜਕ ਅਤੇ ਲਿਖਾਰੀ,
ਅਤੇ ਲੇਵੀ ਜਿਹੜੇ ਲੋਕਾਂ ਨੂੰ ਸਿਖਾਉਂਦੇ ਸਨ, ਉਨ੍ਹਾਂ ਨੇ ਕਿਹਾ, “ਅੱਜ
ਦਾ ਦਿਨ ਯਹੋਵਾਹ, ਤੁਹਾਡੇ ਪਰਮੇਸ਼ੁਰ ਲਈ ਖਾਸ ਅਤੇ ਪਵਿੱਤਰ
ਦਿਨ ਹੈ। ਸੋ ਤੁਹਨੂੰ ਨਾ ਤਾਂ ਰੋਣਾ ਚਾਹੀਦਾ ਅਤੇ ਨਾ ਹੀ ਉਦਾਸ ਹੋਣਾ
ਚਾਹੀਦਾ ਹੈ!” ਉਨ੍ਹਾਂ ਨੇ ਇਹ ਇਸ ਲਈ ਆਖਿਆ ਕਿਉਂਕਿ ਸਾਰੇ
ਲੋਕ ਬਿਵਸਥਾ ਦੇ ਸ਼ਬਦ ਸੁਣ ਕੇ ਰੋ ਰਹੇ ਸਨ।
**10**ਨਹਮਯਾਹ ਨੇ ਆਖਿਆ, “ਜਾਓ ਅਤੇ ਜਾ ਕੇ ਵਧੀਆ ਭੋਜਨ
ਖਾਓ ਅਤੇ ਮਿੱਠੀ ਮੈਅ ਪੀਓ। ਅਤੇ ਇਸ ਵਿੱਚੋਂ ਕੁਝ ਭੋਜਨ ਉਨ੍ਹਾਂ
ਨੂੰ ਦਿਓ ਜਿਨ੍ਹਾਂ ਨੇ ਖਾਣ ਲਈ ਕੁਝ ਵੀ ਤਿਆਰ ਨਹੀਂ ਕੀਤਾ। ਅੱਜ
ਦਾ ਦਿਨ ਸਾਡੇ ਯਹੋਵਾਹ ਦਾ ਖਾਸ ਦਿਨ ਹੈ। ਇਸ ਲਈ ਉਦਾਸ ਨਾ
ਹੋਵੋ ਕਿਉਂਕਿ ਯਹੋਵਾਹ ਦਾ ਅਨੰਦ ਤੁਹਾਨੂੰ ਬਲਵੰਤ ਬਣਾਵੇਗਾ।”
**11**ਲੇਵੀਆਂ ਨੇ ਲੋਕਾਂ ਨੂੰ ਸ਼ਾਂਤ ਕਰਾਇਆ ਅਤੇ ਆਖਿਆ, “ਚੁੱਪ
ਹੋ ਜਾਓ ਅਤੇ ਸ਼ਾਂਤ ਰਹੋ। ਅੱਜ ਦਾ ਦਿਨ ਵਿਸ਼ੇਸ ਹੈ, ਇਸ ਲਈ
ਉਦਾਸ ਨਾ ਹੋਵੋ।”
**12**ਤਦ ਸਾਰੇ ਲੋਕ ਖ਼ਾਸ ਖਾਣ ਅਤੇ ਪੀਣ ਲਈ ਚਲੇ ਗਏ।
ਉਨ੍ਹਾਂ ਨੇ ਆਪਸ ਵਿੱਚ ਭੋਜਨ ਅਤੇ ਮੈਅ ਵੰਡ ਲਈ। ਉਨ੍ਹਾਂ ਨੇ ਖਾਸ਼
ਦਿਨ ਮਨਾਇਆ ਅਤੇ ਉਹ ਬਹੁਤ ਖੁਸ਼ ਸਨ। ਆਖਰਕਾਰ ਉਹ
ਯਹੋਵਾਹ ਦੀਆਂ ਗੱਲਾਂ ਸਮਝ ਗਏ ਜਿਹੜੀਆਂ ਉਪਦੇਸ਼ਕ ਉਨ੍ਹਾਂ ਨੂੰ
ਸਮਝਾਉਣ ਦੀ ਕੋਸ਼ਿਸ਼ ਕਰ ਰਹੇ ਸਨ।
**13**ਫਿਰ ਮਹੀਨੇ ਦੇ ਦੂਜੇ ਦਿਨ, ਸਾਰੇ ਪਰਿਵਾਰਾਂ ਦੇ ਆਗੂ, ਜਾਜਕ
ਅਤੇ ਲੇਵੀ ਅਜ਼ਰਾ ਦੇ ਗਿਰਦ ਬਿਵਸਥਾ ਦੇ ਬਚਨ ਸਿੱਖਣ ਲਈ
ਇਕੱਠੇ ਹੋ ਗਏ।
**14-15**ਉਨ੍ਹਾਂ ਨੂੰ ਬਿਵਸਥਾ ਵਿੱਚ ਇਹ ਲਿਖਿਆ ਹੋਇਆ ਲੱਭਿਆ:
ਯਹੋਵਾਹ ਨੇ ਮੂਸਾ ਰਾਹੀਂ ਹੁਕਮ ਦਿੱਤਾ ਸੀ ਕਿ ਇਸਰਾਏਲੀਆਂ ਨੂੰ
ਸੱਤਵੇਂ ਮਹੀਨੇ ਦੇ ਪਰਬ ਲਈ ਛੱਪਰਾਂ ਵਿੱਚ ਜਾ ਕੇ ਰਹਿਣਾ ਚਾਹੀਦਾ
ਹੈ ਅਤੇ ਆਪਣੇ ਸਾਰੇ ਨਗਰਾਂ ਅਤੇ ਯਰੂਸ਼ਲਮ ਰਾਹੀਂ ਜਾ ਕੇ ਇਹ
ਐਲਾਨ ਕਰਨਾ ਚਾਹੀਦਾ: “ਪਹਾੜੀ ਦੇਸ ਨੂੰ ਜਾ ਕੇ ਜ਼ੈਤੂਨ ਦੇ ਰੁੱਖਾਂ
ਦੀਆਂ ਟਹਿਣੀਆਂ, ਅਤੇ ਜੰਗਲੀ ਜ਼ੈਤੂਨ ਦੇ ਰੁੱਖਾਂ ਦੀਆਂ ਟਹਿਣੀਆਂ,
ਮਹਿੰਦੀ ਦੇ ਰੁੱਖਾਂ ਦੀਆਂ ਟਹਿਣੀਆਂ, ਖਜ਼ੂਰ ਦੀਆਂ ਟਹਿਣੀਆਂ ਅਤੇ
ਸੰਘਣੇ ਰੁੱਖਾਂ ਦੀਆਂ ਟਹਿਣੀਆਂ ਲੈ ਕੇ ਆਉਣੀਆਂ। ਅਤੇ ਇਨ੍ਹਾਂ
ਟਹਿਣੀਆਂ ਤੋਂ ਛੱਪਰ ਬਣਾਏ ਜਾਣ। ਜਿਵੇਂ ਬਿਵਸਥਾ ਵਿੱਚ ਲਿਖਿਆ
ਹੋਇਆ ਹੈ ਅਤੇ ਇਹ ਉਵੇਂ ਹੀ ਕੀਤਾ ਜਾਵੇ।”

[a] *7:65* **ਊਰੀਮ ਅਤੇ ਥੁੰਮੀਮ** ਜਾਜਕਾਂ ਵੱਲੋਂ ਨਿਆਂ ਦੇ ਥੈਲੇ ਵਿੱਚ ਰੱਖੇ ਖਾਸ ਪੱਥਰ ਜਿਨ੍ਹਾਂ ਦੁਆਰਾ ਪਰਮੇਸ਼ੁਰ ਤੋਂ ਕੁਝ ਪੁੱਛਿਆ ਜਾਂਦਾ ਸੀ।

[16]ਤਾਂ ਲੋਕਾਂ ਨੇ ਟਹਿਣੀਆਂ ਇਕੱਠੀਆਂ ਕੀਤੀਆਂ ਤੇ ਆਪਣੇ ਲਈ ਛੱਪਰ ਬਣਾਏ। ਉਨ੍ਹਾਂ ਨੇ ਆਪਣੀਆਂ ਹੀ ਛੱਤਾਂ ਅਤੇ ਵਿਹੜਿਆਂ ਵਿੱਚ ਛੱਪਰ ਬਣਾਏ। ਉਨ੍ਹਾਂ ਨੇ ਮੰਦਰ ਦੇ ਵਿਹੜੇ ਵਿੱਚ ਵੀ ਛੱਪਰ ਬਣਾਏ। ਇਹ ਛੱਪਰ, ਜਲ ਫਾਟਕ ਅਤੇ ਅਫਰਾਈਮ ਦੇ ਫਾਟਕ ਦੇ ਖੁਲੇ ਮੈਦਾਨ ਵਿੱਚ ਬਣਾਏ ਗਏ ਸਨ।
[17]ਜਲਾਵਤਨੀਆਂ ਦੀ ਸਭਾ ਨੇ, ਜਿਹੜੇ ਗ਼ੁਲਾਮੀ ਤੋਂ ਵਾਪਸ ਆਏ ਸਨ, ਆਪਣੇ ਲਈ ਛੱਪਰ ਬਣਾਏ ਅਤੇ ਉਨ੍ਹਾਂ ਵਿੱਚ ਹੀ ਰਹੇ। ਕਿਉਂਕਿ ਨੂਨ ਦੇ ਪੁੱਤਰ ਯਹੋਸ਼ੁਆ ਦੇ ਸਮੇਂ ਤੋਂ ਉਸ ਦਿਨ ਤੀਕ ਕਦੇ ਵੀ ਇਸਰਾਏਲੀਆਂ ਨੇ ਇੰਝ ਜਸ਼ਨ ਨਹੀਂ ਮਨਾਇਆ ਸੀ। ਹਰ ਕੋਈ ਬਹੁਤ ਖੁਸ਼ ਸੀ।
[18]ਪਹਿਲੇ ਦਿਨ ਤੋਂ ਲੈ ਕੇ ਅਖੀਰਲੇ ਦਿਨ ਤੀਕ, ਅਜ਼ਰਾ ਨੇ ਪਰਮੇਸ਼ੁਰ ਦੀ *ਬਿਵਸਥਾ ਦੀ ਪੋਥੀ* ਨੂੰ, ਹਰ ਰੋਜ਼ ਪੜ੍ਹਿਆ। ਉਨ੍ਹਾਂ ਨੇ ਪਰਬ ਨੂੰ ਬਿਵਸਥਾ ਮੁਤਾਬਕ ਸੱਤ ਦਿਨ ਮਨਾਇਆ ਅਤੇ ਅੱਠਵੇਂ ਦਿਨ ਇੱਕ ਖਾਸ ਸਭਾ ਹੋਈ।

### ਇਸਰਾਏਲੀਆਂ ਨੇ ਆਪਣੇ ਪਾਪਾਂ ਦਾ ਇਕਰਾਰ ਕੀਤਾ

**9** [1]ਫਿਰ ਉਸੇ ਮਹੀਨੇ ਦੇ 24ਵੇਂ ਦਿਨ, ਸਾਰੇ ਇਸਰਾਏਲੀ ਵਰਤ ਰੱਖਣ ਲਈ ਇੱਕ ਸਾਥ ਇਕੱਠੇ ਹੋਏ। ਆਪਣਾ ਸੋਗ ਪ੍ਰਗਟਾਉਣ ਲਈ ਉਨ੍ਹਾਂ ਨੇ ਸੋਗ ਵਾਲੇ ਕੱਪੜੇ ਪਾਏ ਅਤੇ ਆਪਣੇ ਸਿਰਾਂ ਤੇ ਧੂੜ ਪਾ ਲਈ।
[2]ਉਹ ਜਿਹੜੇ ਸੱਚੇ ਇਸਰਾਏਲੀ ਸਨ, ਉਨ੍ਹਾਂ ਨੇ ਆਪਣੇ-ਆਪ ਨੂੰ ਵਿਦੇਸ਼ੀਆਂ ਤੋਂ ਅੱਡ ਕਰ ਲਿਆ। ਉਹ ਖੜ੍ਹੇ ਹੋਏ ਅਤੇ ਆਪਣੇ ਪੁਰਖਿਆਂ ਦੀਆਂ ਦੁਸ਼ਟਤਾਵਾਂ ਨੂੰ ਕਬੂਲ ਕੀਤਾ।
[3]ਉੱਥੇ ਤਕਰੀਬਨ ਉਹ ਤਿੰਨ ਘੰਟੇ ਖੜੋਤੇ ਰਹੇ ਅਤੇ ਯਹੋਵਾਹ ਆਪਣੇ ਪਰਮੇਸ਼ੁਰ ਦੀ *ਬਿਵਸਥਾ ਦੀ ਪੋਥੀ* ਨੂੰ ਪੜ੍ਹਿਆ। ਫਿਰ ਹੋਰ ਤਿੰਨਾਂ ਘੰਟਿਆਂ ਲਈ, ਉਨ੍ਹਾਂ ਨੇ ਆਪਣੇ ਕੀਤੇ ਪਾਪਾਂ ਦਾ ਇਕਰਾਰ ਕੀਤਾ ਅਤੇ ਯਹੋਵਾਹ ਆਪਣੇ ਪਰਮੇਸ਼ੁਰ ਦੇ ਅੱਗੇ ਝੁਕ ਕੇ ਉਸ ਦੀ ਉਪਾਸਨਾ ਕੀਤੀ।
[4]ਫ਼ੇਰ ਯੇਸ਼ੂਆ, ਬਾਨਈ, ਕਦਮੀਏਲ, ਸ਼ਬਨਯਾਹ, ਬੁੰਨੀ, ਸ਼ੇਰੇਬਯਾਹ, ਬਾਨੀ, ਅਤੇ ਕਨਾਨੀ ਲੇਵੀਆਂ ਦੀਆਂ ਪੌੜੀਆਂ ਤੇ ਖਲੋ ਗਏ। ਇਹ ਸਾਰੇ ਉੱਚੀ ਅਵਾਜ਼ ਵਿੱਚ ਯਹੋਵਾਹ ਆਪਣੇ ਪਰਮੇਸ਼ੁਰ ਅੱਗੇ ਰੋਏ।
[5]ਫ਼ੇਰ ਲੇਵੀਆਂ, ਯੇਸ਼ੂਆ, ਕਦਮੀਏਲ, ਬਾਨੀ, ਹਸ਼ਬਨਯਾਹ, ਸ਼ੇਰੇਬਯਾਹ, ਹੋਦੀਯਾਹ, ਸ਼ਬਨਯਾਹ ਅਤੇ ਪਥਹਯਾਹ ਨੇ ਆਖਿਆ, ਉੱਠੋ ਅਤੇ ਯਹੋਵਾਹ ਆਪਣੇ ਪਰਮੇਸ਼ੁਰ ਨੂੰ ਮੁਬਾਰਕ ਆਖੋ! ਪਰਮੇਸ਼ੁਰ ਹਮੇਸ਼ਾ ਰਿਹਾ ਅਤੇ ਹਮੇਸ਼ਾ ਲਈ ਰਹੇਗਾ।

> "ਤੇਰਾ ਪਰਤਾਪ ਵਾਲਾ ਨਾਮ ਮੁਬਾਰਕ ਹੋਵੇ। ਤੇਰਾ ਨਾਂ ਸਾਰੀਆਂ ਅਸੀਸਾਂ ਅਤੇ ਸਾਰੀਆਂ ਉਸਤਤਾਂ ਤੋਂ ਉੱਚਾ ਹੋਵੇ।
>
> 6 ਸਿਰਫ਼ ਤੂੰ ਹੀ ਯਹੋਵਾਹ ਪਰਮੇਸ਼ੁਰ ਹੈਂ! ਇੱਕ ਤੂੰ ਹੀ ਪਰਮੇਸ਼ੁਰ ਹੈ। ਤੂੰ ਹੀ ਅਕਾਸ਼ਾਂ, ਉੱਚੇ ਅਕਾਸ਼ਾਂ ਅਤੇ ਉਨ੍ਹਾਂ ਵਿੱਚਲੀਆਂ ਸਭ ਵਸਤਾਂ ਸਾਜੀਆਂ ਹਨ। ਤੂੰ ਹੀ ਧਰਤੀ ਤੇ ਉਸ ਉੱਤਲੀਆਂ ਜੀਵਿਤ ਸਭ ਚੀਜ਼ਾਂ ਨੂੰ ਸਾਜਿਆ ਤੂੰ ਹੀ ਸਮੁੰਦਰਾਂ ਤੇ ਉਨ੍ਹਾਂ ਵਿੱਚ ਰਹਿੰਦੀਆਂ ਚੀਜ਼ਾਂ ਦਾ ਯਹੋਵਾਹ ਹੈਂ। ਤੂੰ ਸਭ ਨੂੰ ਜੀਵਨ ਦਿੰਦਾ ਹੈਂ ਅਤੇ ਅਕਾਸ਼ ਵਿੱਚਲਾ ਸਭ ਕੁਝ ਝੁਕ ਕੇ ਤੇਰੀ ਉਪਾਸਨਾ ਕਰਦਾ ਹੈ।
>
> 7 ਤੂੰ ਹੀ ਯਹੋਵਾਹ ਪਰਮੇਸ਼ੁਰ ਹੈ ਜਿਸ ਨੇ ਅਬਰਾਮ ਨੂੰ ਚੁਣਿਆ, ਤੂੰ ਹੀ ਉਸ ਨੂੰ ਕਸਦੀਆਂ ਦੇ ਊਰ ਵਿੱਚੋਂ ਬਾਹਰ ਲਿਆਂਦਾ ਤੇ ਫਿਰ ਉਸ ਦਾ ਨਾਉ ਅਬਰਾਹਾਮ ਰੱਖਿਆ।
>
> 8 ਤੂੰ ਵੇਖਿਆ ਕਿ ਉਹ ਤੇਰੇ ਨਾਲ ਵਫ਼ਾਦਾਰ ਸੀ ਅਤੇ ਇਸ ਲਈ ਤੂੰ ਉਸ ਨਾਲ ਇਕਰਾਰਨਾਮਾ ਕੀਤਾ ਤੂੰ ਉਸ ਨੂੰ ਕਨਾਨੀਆਂ ਹਿੱਤੀਆਂ ਅਤੇ ਅੰਮੋਰੀਆਂ ਫਰਿਜ਼ੀਆਂ ਯਬੂਸੀਆਂ ਅਤੇ ਗਿਰਗਾਸ਼ੀਆਂ ਦੀ ਧਰਤੀ ਦੇਣ ਦਾ ਇਕਰਾਰ ਕੀਤਾ। ਤੂੰ ਉਹ ਧਰਤੀ ਅਬਰਾਹਾਮ ਦੀ ਅੰਸ ਨੂੰ ਦੇਣ ਦਾ ਇਕਰਾਰ ਕੀਤਾ ਤੇ ਉਸ ਇਕਰਾਰ ਨੂੰ ਨਿਭਾਇਆ। ਕਿਉਂਕਿ ਤੂੰ ਧਰਮੀ ਹੈਂ।
>
> 9 ਤੂੰ ਸਾਡੇ ਪੁਰਖਿਆਂ ਨੂੰ ਮਿਸਰ ਵਿੱਚ ਦੁਖੀ ਵੇਖਿਆ ਤੂੰ ਉਨ੍ਹਾਂ ਨੂੰ ਲਾਲ ਸਾਗਰ ਤੋਂ ਤੇਰੀ ਮਦਦ ਲਈ ਪੁਕਾਰ ਦਿਆਂ ਸੁਣਿਆ।
>
> 10 ਤੂੰ ਫ਼ਿਰਊਨ ਨਾਲ ਅਤੇ ਉਸ ਦੇ ਸਾਰੇ ਨੌਕਰਾਂ ਅਤੇ ਉਸ ਦੇ ਲੋਕਾਂ ਨਾਲ ਅਜੂਬੇ ਅਤੇ ਕਰਿਸ਼ਮੇ ਕੀਤੇ। ਤੂੰ ਜਾਣਦਾ ਸੀ ਕਿ ਮਿਸਰੀਆਂ ਨੇ ਸਾਡੇ ਪੁਰਖਿਆਂ ਵੱਲ ਹੰਕਾਰ ਦਾ ਵਿਖਾਵਾ ਕੀਤਾ। ਪਰ ਤੂੰ ਆਪਣੇ ਲਈ ਇੱਕ ਪਰਤਿਸ਼ਠਾ ਬਣਾਈ ਜੋ ਅੱਜ ਤਾਈਂ ਜਾਰੀ ਹੈ।
>
> 11 ਤੂੰ ਲਾਲ ਸਮੁੰਦਰ ਨੂੰ ਉਨ੍ਹਾਂ ਸਾਹਮਣੇ ਦੋ ਹਿੱਸਿਆਂ ਵਿੱਚ ਵੰਡ ਦਿੱਤਾ ਅਤੇ ਉਹ ਸਮੁੰਦਰ ਦੇ ਵਿੱਚ ਦੀ ਸੁੱਕੀ ਧਰਤੀ ਤੇ ਲੰਘ ਗਏ। ਤੂੰ ਮਿਸਰੀ ਫ਼ੌਜ ਨੂੰ ਜਿਸ ਨੇ ਉਨ੍ਹਾਂ ਦਾ ਪਿੱਛਾ ਕੀਤਾ ਸੀ ਡੂੰਘਾਈਆਂ ਵਿੱਚ ਫ਼ਸਾ ਦਿੱਤਾ, ਜਿਵੇਂ ਕਿ ਕਰੋਧਵਾਨ ਸਮੁੰਦਰ ਵਿੱਚ ਇੱਕ ਪੱਥਰ ਹੋਵੇ।
>
> 12 ਦਿਨ ਵੇਲੇ ਤੂੰ ਬੱਦਲ ਦੇ ਥੰਮ੍ਹ ਦੁਆਰਾ ਅਤੇ ਰਾਤ ਵੇਲੇ ਅੱਗ ਦੇ ਥੰਮ੍ਹ ਦੁਆਰਾ ਉਨ੍ਹਾਂ ਦੀ ਅਗਵਾਈ ਕੀਤੀ ਤੇ ਉਸ ਰਾਹ ਤੇ ਰੋਸ਼ਨੀ ਚਮਕੀ ਜਿੱਥੇ ਦੀ ਉਹ ਗਏ।
>
> 13 ਫ਼ੇਰ ਤੂੰ ਸੀਨਈ ਪਹਾੜੀ ਤੇ ਉੱਤਰਿਆ। ਤੂੰ ਅਕਾਸ਼ ਤੋਂ ਉਨ੍ਹਾਂ ਨਾਲ ਗੱਲਾਂ ਕੀਤੀਆਂ ਅਤੇ ਉਨ੍ਹਾਂ ਨੂੰ ਚੰਗੇ ਨਿਆਉਂ ਅਤੇ ਸੱਚੀਆਂ ਬਿਵਸਥਾਂ ਅਤੇ ਚੰਗੀਆਂ ਬਿਧੀਆਂ ਅਤੇ ਹੁਕਮ ਦਿੱਤੇ।
>
> 14 ਤੂੰ ਉਨ੍ਹਾਂ ਨੂੰ ਆਪਣੇ ਆਰਾਮ ਦੇ ਵਿਸ਼ੇਸ਼ ਦਿਨ ਤੋਂ ਜਾਣੂ ਕਰਵਾਇਆ। ਤੂੰ ਉਨ੍ਹਾਂ ਨੂੰ ਹੁਕਮ, ਬਿਧੀਆਂ ਅਤੇ ਬਿਵਸਥਾਂ ਮੂਸਾ ਆਪਣੇ ਸੇਵਕ ਰਾਹੀਂ ਦਿੱਤੀਆਂ।
>
> 15 ਉਹ ਭੁੱਖੇ ਸਨ, ਇਸ ਲਈ ਤੂੰ ਉਨ੍ਹਾਂ ਨੂੰ ਅਕਾਸ਼ ਤੋਂ ਭੋਜਨ ਦਿੱਤਾ। ਉਹ ਪਿਆਸੇ ਸਨ ਤੂੰ ਉਨ੍ਹਾਂ ਨੂੰ ਚੱਟਾਨ ਤੋਂ ਪਾਣੀ ਦਿੱਤਾ ਤੇ ਉਨ੍ਹਾਂ ਨੂੰ ਤੂੰ ਆਖਿਆ, 'ਆਓ ਤੇ ਇਸ ਧਰਤੀ ਤੇ ਕਬਜਾ ਕਰ ਲਵੋ!' ਤੂੰ ਉਨ੍ਹਾਂ ਨੂੰ ਇਹ ਜ਼ਮੀਨ ਦੇਣ ਦੀ ਸੌਂਹ ਖਾਧੀ ਸੀ।
>
> 16 ਪਰ ਉਹ ਲੋਕ, ਸਾਡੇ ਪੁਰਖੇ ਹੰਕਾਰੇ ਗਏ ਸਨ। ਉਹ ਜ਼ਿੱਦੀ ਬਣ ਗਏ ਅਤੇ ਤੇਰੇ ਹੁਕਮਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਸੀ।
>
> 17 ਉਨ੍ਹਾਂ ਨੇ ਸੁਣਨ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਨੇ ਤੇਰੇ ਅਸਚਰਜ ਕੰਮ ਚੇਤੇ ਨਹੀਂ ਰੱਖੇ ਜੋ ਤੂੰ ਉਨ੍ਹਾਂ ਲਈ ਕੀਤੇ ਸਨ। ਉਹ ਜ਼ਿੱਦੀ ਬਣ ਗਏ ਅਤੇ ਮਿਸਰ ਨੂੰ ਵਾਪਸ ਜਾਣ ਦੀ ਠਾਨ ਲਈ।
> ਪਰ ਤੂੰ ਪਰਮੇਸ਼ੁਰ ਹੈਂ ਜੋ ਮਾਫ ਕਰਦਾ, ਜੋ ਮਿਹਰਬਾਨ ਅਤੇ ਦਯਾਲੂ ਹੈ, ਜੋ ਗੁੱਸੇ ਹੋਣ ਵਿੱਚ ਧੀਰਜੀ ਅਤੇ ਵਫ਼ਾਦਾਰੀ ਵਿੱਚ ਭਰਪੂਰ ਹੈਂ, ਇਸ ਲਈ ਤੂੰ ਉਨ੍ਹਾਂ ਵੱਲੋਂ ਨਹੀਂ ਪਰਤਿਆ।
>
> 18 ਜਦੋਂ ਉਨ੍ਹਾਂ ਨੇ ਪਿਘਲੀ ਹੋਈ ਧਾਤ ਤੋਂ ਵੱਛਾ ਬਣਾਇਆ ਅਤੇ ਆਖਿਆ, 'ਇਹ ਤੁਹਾਡਾ ਪਰਮੇਸ਼ੁਰ ਹੈ ਜਿਸ ਨੇ

ਤੁਹਾਨੂੰ ਮਿਸਰ ਵਿੱਚੋਂ ਬਾਹਰ ਲਿਆਂਦਾ ਅਤੇ ਉਨ੍ਹਾਂ ਨੇ ਵੱਡੀ ਬੇਅਦਬੀ ਕੀਤੀ।’

19 ਤੂੰ ਤਾਂ ਵੀ ਉਨ੍ਹਾਂ ਨੂੰ ਰੱਦ ਨਾ ਕੀਤਾ ਕਿਉਂ ਜੋ ਤੂੰ ਬਹੁਤ ਦਯਾਲੂ ਹੈਂ। ਇਹੀ ਕਾਰਣ ਹੈ ਕਿ ਤੂੰ ਉਨ੍ਹਾਂ ਨੂੰ ਮਾਰੂਥਲ ਵਿੱਚ ਵੀ ਨਹੀਂ ਛੱਡਿਆ। ਬੱਦਲ ਦਾ ਥੰਮ੍ਹ ਦਿਨ ਵੇਲੇ ਉਨ੍ਹਾਂ ਦੀ ਅਗਵਾਈ ਕਰਨ ਤੋਂ ਉਨ੍ਹਾਂ ਕੋਲੋਂ ਅੱਡ ਨਹੀਂ ਹੋਇਆ। ਅੱਗ ਦਾ ਥੰਮ੍ਹ ਰਾਤ ਵੇਲੇ ਉਸ ਰਾਹ ਤੇ ਰੋਸ਼ਨੀ ਕਰਨੋ ਨਾ ਹਟਿਆ ਜਿੱਥੇ ਉਹ ਜਾ ਰਹੇ ਸਨ।

20 ਤੂੰ ਉਨ੍ਹਾਂ ਨੂੰ ਸਿਆਣੇ ਹੋਣ ਲਈ ਆਪਣਾ ਨੇਕ ਆਤਮਾ ਦਿੱਤਾ। ਤੂੰ ਉਨ੍ਹਾਂ ਦੇ ਮੂੰਹਾਂ ਤੋਂ ਮੰਨਾ ਨਹੀਂ ਰੋਕਿਆ, ਅਤੇ ਤੂੰ ਉਨ੍ਹਾਂ ਨੂੰ ਉਨ੍ਹਾਂ ਦੀ ਪਿਆਸ ਲਈ ਪਾਣੀ ਦਿੱਤਾ ਸੀ।

21 ਚਾਲੀ ਵਰ੍ਹੇ ਤੂੰ ਉਜਾੜ ਵਿੱਚ ਉਨ੍ਹਾਂ ਦੀ ਦੇਖ-ਰੇਖ ਕੀਤੀ। ਜੋ ਲੋੜੀਂਦਾ ਸੋ ਉਨ੍ਹਾਂ ਪਾਇਆ। ਉਨ੍ਹਾਂ ਦੇ ਕੱਪੜੇ ਨਾ ਪਾਟੇ ਅਤੇ ਨਾ ਹੀ ਉਨ੍ਹਾਂ ਦੇ ਪੈਰ ਸੁੱਜੇ।

22 ਤੂੰ ਉਨ੍ਹਾਂ ਨੂੰ ਰਾਜ ਅਤੇ ਲੋਕ ਦਿੱਤੇ, ਅਤੇ ਉਨ੍ਹਾਂ ਨੂੰ ਦੂਰ ਦੁਰਾਡੀਆਂ ਥਾਵਾਂ ਦਿੱਤੀਆਂ ਜਿੱਥੇ ਥੋੜੇ ਜਿਹੇ ਲੋਕ ਰਹਿੰਦੇ ਸਨ। ਉਨ੍ਹਾਂ ਨੇ ਹਸ਼ਬੋਨ ਦੇ ਪਾਤਸ਼ਾਹ ਸੀਹੋਨ ਦੀ ਦੇਸ ਉੱਤੇ ਅਤੇ ਬਾਸ਼ਾਨ ਦੇ ਪਾਤਸ਼ਾਹ ਓਗ ਦੇ ਦੇਸ ਤੇ ਕਬਜ਼ਾ ਕਰ ਲਿਆ।

23 ਤੂੰ ਉਨ੍ਹਾਂ ਦੀ ਵੰਸ਼ ਨੂੰ ਅਕਾਸ਼ ਵਿੱਚਲੇ ਤਾਰਿਆਂ ਵਾਂਗ ਵਧਾਇਆ ਅਤੇ ਉਨ੍ਹਾਂ ਨੂੰ ਉਸ ਦੇਸ ਵਿੱਚ ਲਿਆਇਆ ਜਿਸ ਵਿੱਚ ਦਾਖਲ ਹੋਣ ਅਤੇ ਕਬਜ਼ਾ ਕਰਨ ਲਈ ਤੂੰ ਉਨ੍ਹਾਂ ਦੇ ਪੁਰਖਿਆਂ ਨੂੰ ਕਿਹਾ ਸੀ।

24 ਇਉਂ ਉਨ੍ਹਾਂ ਦੀ ਵੰਸ਼ ਨੇ ਆ ਕੇ ਉਸ ਦੇਸ ਉੱਪਰ ਕਬਜ਼ਾ ਕਰ ਲਿਆ। ਤੂੰ ਕਨਾਨੀਆਂ ਨੂੰ ਹਰਾਇਆ, ਅਤੇ ਉਨ੍ਹਾਂ ਦੇ ਰਾਜਿਆਂ ਅਤੇ ਉਨ੍ਹਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਹੱਥ ਵਿੱਚ ਦੇ ਦਿੱਤਾ ਤਾਂ ਜੋ ਉਹ ਜੋ ਚਾਹੁਣ ਉਨ੍ਹਾਂ ਨਾਲ ਕਰ ਸਕਣ।

25 ਉਨ੍ਹਾਂ ਨੇ ਕੰਧਾਂ ਵਾਲੇ ਸ਼ਹਿਰਾਂ ਅਤੇ ਉਪਜਾਊ ਧਰਤੀ ਤੇ ਕਬਜ਼ਾ ਕੀਤਾ ਉਨ੍ਹਾਂ ਨੂੰ ਭਰੇ-ਭਰਾਏ ਅਤੇ ਸਜੇ-ਸਜਾਏ ਘਰ ਮਿਲ ਗਏ। ਉਨ੍ਹਾਂ ਨੂੰ ਪੁੱਟੇ ਹੋਏ ਤਿਆਰ ਖੂਹ ਮਿਲ ਗਏ। ਉਨ੍ਹਾਂ ਨੂੰ ਅੰਗੂਰਾਂ ਦੇ ਬਾਗ਼, ਜ਼ੈਤੂਨ ਦੇ ਫ਼ਲਾਂ ਨਾਲ ਲੱਦੇ ਹੋਏ ਰੁੱਖ ਤੇ ਬਹੁਤ ਸਾਰੇ ਫ਼ਲਦਾਰ ਰੁੱਖ ਮਿਲ ਗਏ। ਬਹੁਤਾ ਖਾਣ ਕਾਰਣ ਉਨ੍ਹਾਂ ਦੇ ਢਿੱਡ ਆਫ਼ਰ ਗਏ ਅਤੇ ਉਹ ਮੋਟੇ ਹੋ ਗਏ ਸਨ। ਉਨ੍ਹਾਂ ਨੇ ਤੇਰੀ ਭਲਿਆਈ ਵਿੱਚ ਆਪਣੇ-ਆਪ ਨੂੰ ਅਨੰਦਿਤ ਕੀਤਾ।

26 ਅਤੇ ਫ਼ੇਰ ਉਹ ਤੈਥੋਂ ਆਕੀ ਹੋ ਗਏ ਅਤੇ ਤੇਰੇ ਖਿਲਾਫ਼ ਵਿਦ੍ਰੋਹ ਕੀਤਾ। ਉਨ੍ਹਾਂ ਨੇ ਤੇਰੀ ਬਿਵਸਥਾ ਨੂੰ ਆਪਣੀ ਪਿੱਠ ਪਿੱਛੇ ਸੁੱਟ ਦਿੱਤਾ। ਉਨ੍ਹਾਂ ਨੇ ਤੇਰੀ ਸਿੱਖਿਆ ਨੂੰ ਅਣਦੇਖਿਆਂ ਕੀਤਾ ਅਤੇ ਤੇਰੇ ਨਬੀਆਂ ਨੂੰ ਵੱਢਿਆ ਉਨ੍ਹਾਂ ਨਬੀਆਂ ਨੇ ਲੋਕਾਂ ਨੂੰ ਚੇਤਾਵਨੀ ਦਿੱਤੀ ਤੇ ਤੇਰੇ ਵੱਲ ਮੋੜਨ ਦਾ ਯਤਨ ਕੀਤਾ ਪਰ ਸਾਡੇ ਪੁਰਖਿਆਂ ਨੇ ਤੇਰੇ ਵਿਰੁੱਧ ਬੜੇ ਭਿਆਨਕ ਕੰਮ ਕੀਤੇ।

27 ਸੋ ਤੂੰ ਉਨ੍ਹਾਂ ਨੂੰ ਉਨ੍ਹਾਂ ਦੇ ਦੁਸ਼ਮਣਾ ਦੇ ਹੱਥ ਵਿੱਚ ਦੇ ਦਿੱਤਾ। ਵੈਰੀਆਂ ਨੇ ਉਨ੍ਹਾਂ ਨੂੰ ਬਹੁਤ ਸਤਾਇਆ ਜਦੋਂ ਬਿਪਤਾ ਪਈ ਤਾਂ ਸਾਡੇ ਪੁਰਖਿਆਂ ਨੇ ਤੈਨੂੰ ਪੁਕਾਰਿਆ ਤੇ ਤੂੰ ਅਕਾਸ਼ ’ਚ ਉਨ੍ਹਾਂ ਦੀ ਪੁਕਾਰ ਸੁਣੀ। ਤੂੰ ਬਹੁਤ ਦਿਆਲੂ ਹੈਂ ਆਪਣੀ ਦਿਆਲਤਾ ਕਾਰਣ ਤੂੰ ਲੋਕਾਂ ਨੂੰ ਉਨ੍ਹਾਂ ਦੀ ਮਦਦ ਲਈ ਭੇਜਿਆ। ਫੇਰ ਇਨ੍ਹਾਂ ਲੋਕਾਂ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਵੈਰੀਆਂ ਦੀ ਸ਼ਕਤੀ ਤੋਂ ਬਚਾਇਆ।

28 ਫ਼ਿਰ ਜਦ ਵੀ ਸਾਡੇ ਪੁਰਖਿਆਂ ਨੂੰ ਚੈਨ ਮਿਲਿਆ ਤਾਂ ਉਹ ਬਦਲ ਗਏ ਅਤੇ ਤੇਰੇ ਅੱਗੇ ਬਦੀ ਕੀਤੀ। ਤਾਂ ਫ਼ਿਰ ਤੂੰ ਉਨ੍ਹਾਂ ਨੂੰ ਮੁੜ ਉਨ੍ਹਾਂ ਦੇ ਵੈਰੀਆਂ ਦੇ ਹੱਥ ਵਿੱਚ ਦੇ ਦਿੱਤਾ, ਤਾਂ ਜੋ ਉਹ ਉਨ੍ਹਾਂ ਨੂੰ ਸਜ਼ਾ ਦੇਣ ਤੇ ਹਰਾਉਣ ਪਰ ਉਨ੍ਹਾਂ ਫ਼ਿਰ ਤੈਨੂੰ ਪੁਕਾਰਿਆ ਤੇ ਤੂੰ ਉਨ੍ਹਾਂ ਦੀ ਪੁਕਾਰ ਅਕਾਸ਼ ਤੋਂ ਸੁਣੀ ਤੇ ਉਨ੍ਹਾਂ ਨੂੰ ਆਜ਼ਾਦ ਕੀਤਾ। ਤੇ ਇਉਂ ਤੂੰ ਆਪਣੀ ਦਿਆਲਤਾ ਕਈ ਵਾਰ ਉਨ੍ਹਾਂ ਤੇ ਕੀਤੀ।

29 ਤੂੰ ਉਨ੍ਹਾਂ ਨੂੰ ਖਬਰਦਾਰ ਕੀਤਾ ਅਤੇ ਉਨ੍ਹਾਂ ਨੂੰ ਆਪਣੀ ਬਿਵਸਥਾ ਵੱਲ ਵਾਪਸ ਮੁੜਨ ਲਈ ਆਖਿਆ, ਪਰ ਇਨ੍ਹਾਂ ਹੰਕਾਰੀ ਲੋਕਾਂ ਨੇ ਤੇਰੇ ਹੁਕਮਾਂ ਨੂੰ ਨਾ ਮੰਨਿਆ। ਜਿਹੜਾ ਵਿਅਕਤੀ ਤੇਰੀ ਬਿਵਸਥਾ ਨੂੰ ਮੰਨਦਾ ਅਤੇ ਉਨ੍ਹਾਂ ਨੂੰ ਨਿਭਾਉਂਦਾ, ਉਹ ਜੀਉਂਦਾ ਰਹੇਗਾ। ਪਰ ਸਾਡੇ ਪੁਰਖਿਆਂ ਨੇ ਤੇਰੀ ਬਿਵਸਥਾ ਦੇ ਖਿਲਾਫ਼ ਪਾਪ ਕੀਤਾ। ਉਹ ਜ਼ਿੱਦੀ ਅੜੀਅਲ ਸਨ ਅਤੇ ਤੇਰੇ ਵੱਲ ਪਿੱਠ ਕਰ ਲਈ। ਉਨ੍ਹਾਂ ਨੇ ਤੇਰੀ ਅਵਾਜ਼ ਨਾ ਸੁਣੀ।

30 ਪਰ ਤੂੰ ਕਈ ਸਾਲਾਂ ਤੀਕ ਉਨ੍ਹਾਂ ਨਾਲ ਧੀਰਜਵਾਨ ਰਿਹਾ। ਤੂੰ ਉਨ੍ਹਾਂ ਨੂੰ ਆਪਣੇ ਆਤਮੇ ਦੁਆਰਾ ਨਬੀਆਂ ਰਾਹੀਂ ਚੇਤਾਵਨੀ ਦਿੱਤੀ। ਪਰ ਸਾਡੇ ਪੁਰਖਿਆਂ ਨੇ ਇੱਕ ਨਾ ਸੁਣੀ। ਤਾਂ ਫ਼ਿਰ ਤੂੰ ਉਨ੍ਹਾਂ ਨੂੰ ਦੂਜੀਆਂ ਧਰਤੀਆਂ ਦੇ ਲੋਕਾਂ ਦੇ ਹੱਥ ਵਿੱਚ ਸੌਂਪ ਦਿੱਤਾ।

31 ਪਰ ਫ਼ਿਰ ਵੀ ਤੂੰ ਇੰਨਾ ਕਿਰਪਾਲੂ ਹੈਂ ਕਿ ਤੂੰ ਉਨ੍ਹਾਂ ਨੂੰ ਜੜ੍ਹੋਂ ਖਤਮ ਨਾ ਕੀਤਾ ਤੂੰ ਉਨ੍ਹਾਂ ਨੂੰ ਛੱਡਿਆ ਨਾ, ਕਿਉਂਕਿ ਪਰਮੇਸ਼ੁਰ ਤੂੰ ਬਹੁਤ ਕਿਰਪਾਲੂ ਅਤੇ ਦਿਆਲੂ ਹੈ।

32 ਹੇ ਪਰਮੇਸ਼ੁਰ, ਤੂੰ ਮਹਾਨਤਮ ਪਰਮੇਸ਼ੁਰ ਹੈਂ! ਤੂੰ ਭੈਦਾਇਕ ਤੇ ਬਲਸ਼ਾਲੀ ਹੈਂ! ਤੂੰ ਆਪਣੇ ਇਕਰਾਰਨਾਮਾ ਦੀ ਪਾਲਣਾ ਕਰਦਾ ਅਤੇ ਇਸ ਵਿੱਚ ਵਫ਼ਾਦਾਰ ਹੈਂ! ਸਾਡੇ ਤੇ ਅਨੇਕਾਂ ਮੁਸੀਬਤਾਂ ਆਈਆਂ। ਉਨ੍ਹਾਂ ਮੁਸੀਬਤਾਂ ਨੂੰ ਨਜ਼ਰ ਅੰਦਾਜ਼ ਨਾ ਕਰ ਜਿਹੜੀਆਂ ਸਾਡੇ ਪਾਤਸ਼ਾਹਾਂ, ਆਗੂਆਂ, ਜਾਜਕਾਂ, ਨਬੀਆਂ, ਪੁਰਖਿਆਂ ਅਤੇ ਤੇਰੇ ਸਾਰੇ ਲੋਕਾਂ ਉੱਤੇ ਅੱਸ਼ੂਰ ਦੇ ਰਾਜਿਆਂ ਦੇ ਦਿਨਾਂ ਤੋਂ ਲੈ ਕੇ ਅੱਜ ਤੀਕ ਆਈਆਂ ਹਨ!

33 ਪਰ ਪਰਮੇਸ਼ੁਰ, ਤੂੰ ਉਹ ਕਰਨ ਵਿੱਚ ਧਰਮੀ ਸੀ ਜੋ ਤੂੰ ਸਾਡੇ ਨਾਲ ਕੀਤਾ। ਤੂੰ ਧਰਮੀ ਸੀ ਅਤੇ ਅਸੀਂ ਦੁਸ਼ਟਤਾ ਦਾ ਵਿਖਾਵਾ ਕੀਤਾ।

34 ਸਾਡੇ ਪਾਤਸ਼ਾਹਾਂ, ਆਗੂਆਂ, ਜਾਜਕਾਂ ਤੇ ਪੁਰਖਿਆਂ ਨੇ ਤੇਰੀ ਬਿਵਸਥਾ ਦਾ ਪਾਲਣ ਨਹੀਂ ਕੀਤਾ। ਉਨ੍ਹਾਂ ਨੇ ਤੇਰੇ ਹੁਕਮਾਂ ਅਤੇ ਤੇਰੀਆਂ ਚੇਤਾਵਨੀਆਂ ਨੂੰ ਨਾ ਸੁਣਿਆ ਜੋ ਤੂੰ ਉਨ੍ਹਾਂ ਨੂੰ ਦਿੱਤੀਆਂ ਸਨ।

35 ਸਾਡੇ ਪੁਰਖਿਆਂ ਨੇ ਤੇਰੀ ਸੇਵਾ ਨਾ ਕੀਤੀ ਇੱਥੋਂ ਤੀਕ ਕਿ ਜਦੋਂ ਉਹ ਆਪਣੇ ਰਾਜ ’ਚ ਵੱਸਦੇ ਸਨ, ਤਦ ਵੀ ਉਹ ਬਦਕਾਰੀਆਂ ਤੋਂ ਨਾ ਟਲੇ ਉਨ੍ਹਾਂ ਤੇਰੀ ਹਰ ਰਹਿਮਤ ਨੂੰ ਭੋਗਿਆ ਤੇ ਮਾਣਿਆ ਉਨ੍ਹਾਂ ਨੇ ਭਰਪੂਰ ਧਰਤੀ ਦੀਆਂ ਖੁਸ਼ੀਆਂ ਮਾਣੀਆਂ ਖੁਲ੍ਹੀਆਂ ਥਾਵਾਂ ਤੇ ਜੀਉਂਦੇ ਰਹੇ ਪਰ ਉਹ ਆਪਣੀ ਬਦਕਾਰੀ ਤੋਂ ਨਾ ਟਲੇ।

36 ਅਤੇ ਹੁਣ ਅਸੀਂ ਇਸ ਧਰਤੀ ਤੇ ਗੁਲਾਮ ਬਣ ਗਏ ਹਾਂ

ਜਿਹੜੀ ਤੂੰ ਸਾਡੇ ਪੁਰਖਿਆਂ ਨੂੰ ਦਿੱਤੀ ਸੀ ਤਾਂ ਜੋ ਉਹ ਇਸ ਦੇ ਫ਼ਲਾਂ ਅਤੇ ਭਲਿਆਈ ਨੂੰ ਮਾਣ ਸਕਣ।
37 ਇਸ ਧਰਤੀ ਦੀ ਮਿੱਟੀ ਬੜੀ ਉਪਜਾਊ ਹੈ ਪਰ ਅਸੀਂ ਪਾਪ ਕੀਤੇ ਹਨ। ਅਤੇ ਜਿਹੜੇ ਰਾਜੇ ਤੂੰ ਸਾਡੇ ਉੱਪਰ ਨਿਯੁਕਤ ਕੀਤੇ ਇਹ ਫ਼ਸ਼ਲ ਉਨ੍ਹਾਂ ਨੂੰ ਚਲੀ ਗਈ। ਉਹੀ ਪਾਤਸ਼ਾਹ ਸਾਡੇ ਸਰੀਰਾਂ ਅਤੇ ਸਾਡੇ ਪਸ਼ੂਆਂ ਤੇ ਸ਼ਾਸਨ ਕਰਦੇ ਹਨ। ਉਹ ਆਪਣੀ ਮਨ ਮਰਜ਼ੀ ਕਰਦੇ ਹਨ ਤੇ ਹੁਣ ਅਸੀਂ ਬੜੀ ਮੁਸੀਬਤ ਵਿੱਚ ਹਾਂ।

38“ਇਨ੍ਹਾਂ ਸਾਰੀਆਂ ਗੱਲਾਂ ਕਾਰਣ ਅਸੀਂ ਇੱਕ ਸੱਚਾ ਇਕਰਾਰਨਾਮਾ ਕਰਦੇ ਹਾਂ ਇਹ ਇਕਰਾਰਨਾਮਾ ਅਸੀਂ ਲਿਖਤ ਵਿੱਚ ਦੇ ਰਹੇ ਹਾਂ ਤੇ ਉਸ ਉੱਪਰ ਸਾਡੇ ਆਗੂ, ਲੇਵੀ ਦੇ ਜਾਜਕ ਹਸਤਾਖਰ ਕਰਕੇ ਤੇ ਮੋਹਰ ਲਗਾ ਰਹੇ ਹਨ।”

10 1ਇਕਰਾਰਨਾਮੇ ਉੱਪਰ ਮੋਹਰ ਲਗਾਉਣ ਵਾਲੇ ਲੋਕਾਂ ਦੇ ਨਾਉਂ ਇਹ ਹਨ:

ਰਾਜਪਾਲ ਨਹਮਯਾਹ ਹਕਲਯਾਹ ਦਾ ਪੁੱਤਰ, ਅਤੇ
ਸਿਦਕੀਯਾਹ। 2ਸਰਾਯਾਹ, ਅਜ਼ਰਯਾਹ ਅਤੇ
ਯਿਰਮਿਯਾਹ, 3ਪਸ਼ਹੂਰ, ਅਮਰਯਾਹ ਅਤੇ ਮਲਕੀਯਾਹ,
4ਹੱਟੂਸ਼, ਸਬਨਯਾਹ ਅਤੇ ਮੱਲੂਕ, 5ਹਾਰਿਮ, ਮਰੇਮੋਥ,
ਓਬਦਯਾਹ, 6ਦਾਨੀਏਲ, ਗਿਨਥੋਨ ਅਤੇ ਬਾਰੂਕ,
7ਮਸ਼ੁੱਲਾਮ, ਅਬੀਯਾਹ ਅਤੇ ਮੀਯਾਮੀਨ, 8ਮਅਜ਼ਯਾਹ,
ਬਿਲਗਈ ਅਤੇ ਸਮਆਯਾਹ। ਇਹ ਜਾਜਕ ਸਨ।

9ਅਤੇ ਜਿਨ੍ਹਾਂ ਲੇਵੀਆਂ ਨੇ ਉਹ ਮੋਹਰ ਤੇ ਆਪਣੇ ਹਸਤਾਖਰ ਕੀਤੇ ਉਨ੍ਹਾਂ ਦੇ ਨਾਉਂ ਇਉਂ ਹਨ:

ਅਜ਼ਨਯਾਹ ਦਾ ਪੁੱਤਰ ਯੇਸ਼ੂਆ ਅਤੇ ਹੇਨਾਦਾਦ ਦੇ
ਘਰਾਣੇ ਵਿੱਚੋਂ ਬਿੰਨੂਈ, ਕਦਮੀਏਲ, 10ਅਤੇ ਉਨ੍ਹਾਂ
ਦੇ ਸਾਥੀ ਲੇਵੀ: ਸ਼ਬਨਯਾਹ, ਹੋਦੀਯਾਹ, ਕਲੀਟਾ,
ਪਲਾਯਾਹ, ਹਨਾਨ, 11ਮੀਕਾ, ਰਹੋਬ ਅਤੇ ਹਸ਼ਬਯਾਹ,
12ਜ਼ੱਕੂਰ ਸ਼ੇਰੇਬਯਾਹ ਅਤੇ ਸ਼ਬਨਯਾਹ, 13ਹੋਦੀਯਾਹ,
ਬਾਨੀ ਅਤੇ ਬਨੀਨੂ।

14ਅਤੇ ਜਿਨ੍ਹਾਂ ਆਗੂਆਂ ਨੇ ਉਸ ਮੋਹਰ ਉੱਪਰ ਹਸਤਾਖਰ ਕੀਤੇ ਉਨ੍ਹਾਂ ਦੇ ਨਾਵਾਂ ਦੀ ਸੂਚੀ ਇਉਂ ਹੈ:

ਪਰਓਸ਼, ਪਹਥਮੋਆਬ ਏਲਾਮ, ਜ਼ੱਤੂ, ਬਾਨੀ, 15ਬੁੰਨੀ,
ਅਜ਼ਗਾਦ, ਬੇਬਾਈ, 16ਅਦੋਨੀਯਾਹ ਬਿਗਵਈ,
ਆਦੀਨ, 17ਆਟੇਰ, ਹਿਜ਼ਕੀਯਾਹ ਅਤੇ ਅੱਜ਼ੂਰ,
18ਹੋਦੀਯਾਹ, ਹਾਸ਼ੁਮ ਅਤੇ ਬੇਸਾਈ, 19ਹਾਰੀਫ਼,
ਅਨਾਥੋਥ, ਨੇਬਾਈ, 20ਮਗਪੀਆਸ਼, ਮੱਸ਼ੁਲਾਮ
ਅਤੇ ਹੇਜ਼ੀਰ, 21ਮਸ਼ੇਜ਼ਬੇਲ, ਸਾਦੋਕ, ਯਦ੍ਦੂਆ,
22ਪਲਟਯਾਹ, ਹਾਨਾਨ ਅਤੇ ਅਨਾਯਾਹ, 23ਹੋਸ਼ੇਆ,
ਹਨਨਯਾਹ, ਹੱਸ਼ੂਬ, 24ਹੱਲੋਹੇਸ਼, ਪਿਲਹਾ, ਸ਼ੋਬੇਕ,
25ਰਹੂਮ, ਹਸ਼ਬਨਾਹ, ਮਅਸੇਯਾਹ, 26ਅਹੀਯਾਹ, ਹਾਨਾਨ
ਅਤੇ ਆਨਾਨ, 27ਮੱਲੂਕ, ਹਾਰੀਮ ਅਤੇ ਬਆਨਾਹ।

28-29ਇੰਝ ਇਨ੍ਹਾਂ ਸਾਰੇ ਲੋਕਾਂ ਨੇ ਪਰਮੇਸ਼ੁਰ ਅੱਗੇ ਇਕਰਾਰ ਕਰਕੇ ਆਖਿਆ ਕਿ ਜੇਕਰ ਉਹ ਹੁਣ ਪਰਮੇਸ਼ੁਰ ਦੇ ਸ਼ਬਦ ਨਾ ਮੰਨਣ, ਤਾਂ ਸਾਰੀਆਂ ਬੁਰੀਆਂ ਗੱਲਾਂ ਉਨ੍ਹਾਂ ਉੱਪਰ ਵਾਪਸ ਪੈ ਜਾਣ। ਉਨ੍ਹਾਂ ਸਭ ਨੇ ਉਸ ਬਿਵਸਥਾ ਨੂੰ ਕਬੂਲਣ ਦਾ ਇਕਰਾਰ ਕੀਤਾ ਜੋ ਸਾਨੂੰ ਪਰਮੇਸ਼ੁਰ ਦੇ ਸੇਵਕ ਮੂਸਾ ਰਾਹੀਂ ਦਿੱਤੀ ਗਈ ਸੀ। ਇਨ੍ਹਾਂ ਸਭ ਨੇ ਉਨ੍ਹਾਂ ਸਾਰੇ ਹੁਕਮਾਂ, ਬਿਧੀਆਂ ਅਤੇ ਪਰਮੇਸ਼ੁਰ ਦੀ ਬਿਵਸਥਾ ਦੀਆਂ ਸਾਖੀ ਨੂੰ ਮੰਨਣ ਦਾ ਇਕਰਾਰ ਕੀਤਾ। ਜਿਨ੍ਹਾਂ ਲੋਕਾਂ ਨੇ ਇਹ ਇਕਰਾਰ ਕੀਤਾ ਉਹ ਸਨ: ਬਾਕੀ ਦੇ ਲੋਕ, ਜਾਜਕ, ਲੇਵੀ, ਦਰਬਾਨ, ਰਾਗੀ, ਮੰਦਰ ਦੇ ਸੇਵਕ ਅਤੇ ਹੋਰ ਸਾਰੇ ਲੋਕ ਜਿਨ੍ਹਾਂ ਨੇ ਆਪਣੇ-ਆਪ ਨੂੰ ਹੋਰਨਾਂ ਧਰਤੀਆਂ ਦੇ ਲੋਕਾਂ ਤੋਂ ਵੱਖਰਾ ਕਰ ਲਿਆ ਸੀ। ਉਨ੍ਹਾਂ ਨੇ ਆਪਣੇ-ਆਪ ਨੂੰ ਉਨ੍ਹਾਂ ਤੋਂ ਇਸ ਲਈ ਵੱਖਰਿਆਂ ਕਰ ਲਿਆ ਤਾਂ ਜੋ ਉਹ ਪਰਮੇਸ਼ੁਰ ਦੀ ਬਿਵਸਥਾ ਨੂੰ ਮੰਨ ਸਕਣ। ਇਹੀ ਨਹੀਂ, ਸਗੋਂ ਉਨ੍ਹਾਂ ਦੀਆਂ ਪਤਨੀਆਂ, ਪੁੱਤਰਾਂ ਅਤੇ ਧੀਆਂ, ਅਤੇ ਸਾਰੇ ਜਿਹੜੇ ਜਾਣਦੇ ਸਨ ਅਤੇ ਉਨ੍ਹਾਂ ਨੂੰ ਸਮਝਦੇ ਸਨ, ਉਨ੍ਹਾਂ ਨੇ ਵੀ ਆਪਣੇ-ਆਪ ਨੂੰ ਉਨ੍ਹਾਂ ਲੋਕਾਂ ਤੋਂ ਦੂਰ ਰੱਖਿਆ ਉਨ੍ਹਾਂ ਆਪਣੇ ਭਰਾਵਾਂ ਨਾਲ ਮਿਲ ਕੇ ਇਹ ਸੌਂਹ ਖਾਧੀ ਅਤੇ ਇਹ ਫ਼ੈਸਲਾ ਕੀਤਾ ਕਿ ਅਸੀਂ ਪਰਮੇਸ਼ੁਰ ਦੀ ਬਿਵਸਥਾ ਮੁਤਾਬਕ ਹੀ ਚੱਲਾਂਗੇ ਜੋ ਕਿ ਪਰਮੇਸ਼ੁਰ ਦੇ ਸੇਵਕ ਮੂਸਾ ਦੁਆਰਾ ਦਿੱਤੀ ਗਈ ਅਤੇ ਅਸੀਂ ਯਹੋਵਾਹ ਆਪਣੇ ਪਰਮੇਸ਼ੁਰ ਦੇ ਸਾਰੇ ਹੁਕਮਾਂ, ਨਿਆਵਾਂ ਅਤੇ ਬਿਧੀਆਂ ਦਾ ਪੂਰੀ ਤਰ੍ਹਾਂ ਪਾਲਣ ਕਰਾਂਗੇ।

30“ਅਸੀਂ ਇਹ ਵੀ ਬਚਨ ਕਰਦੇ ਹਾਂ ਕਿ ਆਪਣੀਆਂ ਧੀਆਂ ਦਾ ਵਿਆਹ ਇਸ ਦੇਸ ਦੇ ਲੋਕਾਂ ਨਾਲ ਨਹੀਂ ਕਰਾਂਗੇ, ਅਤੇ ਨਾ ਹੀ ਆਪਣੇ ਪੁੱਤਰਾਂ ਦਾ ਵਿਆਹ ਉਨ੍ਹਾਂ ਦੀਆਂ ਧੀਆਂ ਨਾਲ ਕਰਾਂਗੇ।

31“ਜੇਕਰ ਇੱਥੋਂ ਦੇ ਲੋਕ ਸਬਤ ਦੇ ਦਿਨ ਸਾਡੇ ਕੋਲ ਅਨਾਜ ਜਾਂ ਹੋਰ ਵਸਤ ਵੇਚਣ ਲਈ ਆਉਣ ਤਾਂ ਅਸੀਂ ਉਨ੍ਹਾਂ ਨਾਲ ਉਸ ਖਾਸ ਦਿਨ ਤੇ ਜਾਂ ਕਿਸੇ ਹੋਰ ਛੁੱਟੀ ਵਾਲੇ ਦਿਨ ਵਪਾਰ ਨਹੀਂ ਕਰਾਂਗੇ। ਸੱਤਵੇਂ ਵਰ੍ਹੇ ਅਸੀਂ ਜ਼ਮੀਨ ਤੇ ਕੁਝ ਨਹੀਂ ਉਗਾਵਾਂਗੇ ਤੇ ਨਾ ਹੀ ਜ਼ਮੀਨ ਤੇ ਕੰਮ ਕਰਾਂਗੇ। ਅਸੀਂ ਉਸ ਕਰਜ਼ੇ ਨੂੰ ਰੱਦ ਕਰ ਦਿਆਂਗੇ ਜੋ ਦੂਸਰੇ ਲੋਕ ਸਾਡੇ ਦੇਣਦਾਰ ਹਨ।

32“ਅਸੀਂ ਆਪਣੇ ਉੱਪਰ ਇੱਕ ਜ਼ਿੰਮੇਵਾਰੀ ਲਈ ਹੈ ਕਿ ਅਸੀਂ ਆਪਣੇ ਪਰਮੇਸ਼ੁਰ ਦੇ ਮੰਦਰ ਦੀ ਦੇਖਭਾਲ ਅਤੇ ਹੁਕਮਾਂ ਨੂੰ ਮੰਨਣ ਲਈ ਹਰ ਵਰ੍ਹੇ ਚਾਂਦੀ ਦੇ ਸ਼ੈਕਲ ਦਾ ਤੀਜਾ ਹਿੱਸਾ ਭੇਟ ਕਰਾਂਗੇ।
33ਚੜ੍ਹਾਵੇ ਦੀ ਰੋਟੀ ਅਤੇ ਰੋਜ਼ਾਨਾ ਦੀਆਂ ਅੰਨ ਦੀਆਂ ਭੇਟਾਂ ਅਤੇ ਰੋਜ਼ਾਨਾ ਦੀਆਂ ਹੋਮ ਦੀਆਂ ਭੇਟਾਂ, ਸਬਤਾਂ, ਅਮੱਸਿਆ, ਨਿਯੁਕਤ ਕੀਤੇ ਪਰਬਾਂ ਅਤੇ ਪਵਿੱਤਰ ਭੇਟਾਂ, ਪਾਪ ਦੀਆਂ ਭੇਟਾਂ ਜੋ ਕਿ ਇਸਰਾਏਲ ਦੇ ਪ੍ਰਾਸਚਿਤ ਅਤੇ, ਸਾਡੇ ਪਰਮੇਸ਼ੁਰ ਦੇ ਮੰਦਰ ਦੇ ਕੰਮ ਲਈ ਹਨ।

34“ਅਸੀਂ ਜਾਜਕਾਂ, ਲੇਵੀਆਂ ਅਤੇ ਲੋਕਾਂ ਦੇ ਵਿੱਚ ਲੱਕੜ ਦੀ ਭੇਟਾਂ ਲਈ ਗੁਣੇ ਪਾਏ ਤਾਂ ਕਿ ਉਹ ਸਾਡੇ ਪਰਮੇਸ਼ੁਰ ਦੇ ਮੰਦਰ ਵਿੱਚ ਸਾਡੇ ਪੁਰਖਿਆਂ ਦੇ ਪਰਿਵਾਰਾਂ ਦੇ ਮੁਤਾਬਕ ਹਰ ਸਾਲ ਦੇ ਸਾਲ, ਠਹਿਰਾਏ ਹੋਏ ਸਮੇਂ ਉੱਤੇ, ਯਹੋਵਾਹ ਸਾਡੇ ਪਰਮੇਸ਼ੁਰ ਦੀ ਜਗਵੇਦੀ ਉੱਪਰ ਬਾਲਣ ਲਈ ਲਿਆਂਦੀ ਜਾਵੇ। ਸਾਨੂੰ ਇਹ ਸਭ ਬਿਵਸਥਾ ਦੀ ਪੋਥੀ ਵਿੱਚ ਲਿਖੇ ਮੁਤਾਬਕ ਹੀ ਕਰਨਾ ਚਾਹੀਦਾ ਹੈ।

35“ਅਸੀਂ ਹਰ ਸਾਲ, ਆਪਣੀ ਜ਼ਮੀਨ ਦੀ ਪਹਿਲੀ ਫ਼ਸਲ ਤੇ ਹਰ ਰੁੱਖ ਦਾ ਪਹਿਲਾ ਫ਼ਲ ਸਾਡੇ ਯਹੋਵਾਹ ਦੇ ਮੰਦਰ ਨੂੰ ਚੜ੍ਹਾਉਣ ਦੀ ਜ਼ਿੰਮੇਵਾਰੀ ਵੀ ਸਵੀਕਾਰ ਕਰਦੇ ਹਾਂ।

36“ਜਿਵੇਂ ਕਿ ਇਹ ਵੀ ਬਿਵਸਥਾ ਵਿੱਚ ਲਿਖਿਆ ਹੋਇਆ ਹੈ ਕਿ ਅਸੀਂ ਇਹ ਸਭ ਕੁਝ ਕਰਾਂਗੇ: ਅਸੀਂ ਆਪਣੇ ਸਾਰੇ ਪਲੋਠੇ ਪੁੱਤਰ, ਗਾਵਾਂ, ਭੇਡਾਂ ਤੇ ਬੱਕਰੀਆਂ ਨੂੰ ਵੀ ਲੈ ਕੇ ਆਵਾਂਗੇ। ਅਸੀਂ ਇਹ

ਸਾਰੇ ਪਲੋਠੇ ਆਪਣੇ ਪਰਮੇਸ਼ੁਰ ਦੇ ਮੰਦਰ ਵਿੱਚ ਜਾਜਕਾਂ ਕੋਲ ਲੈ ਕੇ
ਆਵਾਂਗੇ ਜਿਹੜੇ ਉੱਥੇ ਸੇਵਾਦਾਰ ਹਨ।
37“ਅਸੀਂ ਯਹੋਵਾਹ ਦੇ ਮੰਦਰ ਦੇ ਅੰਨ ਦੇ ਗੋਦਾਮ ਲਈ ਜਾਜਕਾਂ
ਕੋਲ ਇਹ ਵਸਤਾਂ ਲੈ ਕੇ ਆਵਾਂਗੇ: ਸਾਡੀ ਤੌਣ ਦਾ ਪਹਿਲਾ ਪੇੜਾ,
ਸਾਡੀਆਂ ਅੰਨ ਦੀਆਂ ਭੇਟਾਂ ਚੋ ਪਹਿਲਾ, ਸਾਰੇ ਰੁੱਖਾਂ ਦੇ ਪਹਿਲੇ
ਫ਼ਲ ਅਤੇ ਸਾਡੇ ਤੇਲ ਅਤੇ ਮੈਅ ਦਾ ਪਹਿਲਾ ਹਿੱਸਾ। ਅਸੀਂ
ਸਾਡੀਆਂ ਫ਼ਸਲਾਂ ਦਾ ਦਸਵੰਧ ਲੇਵੀਆਂ ਕੋਲ ਲੈ ਕੇ ਆਵਾਂਗੇ।
ਕਿਉਂਕਿ ਜਿੱਥੇ ਵੀ ਅਸੀਂ ਕੰਮ ਕਰਦੇ ਹਾਂ, ਉਨ੍ਹਾਂ ਸਾਰੇ ਸ਼ਹਿਰਾਂ ਵਿੱਚੋਂ
ਲੇਵੀ ਇਨ੍ਹਾਂ ਦਾ ਦਸਵੰਧ ਲੈਂਦੇ ਹਨ। 38ਜਦੋਂ ਲੇਵੀ ਇਹ ਦਸਵੰਧ
ਇਕੱਠਾ ਕਰ ਰਹੇ ਹੋਣ, ਉਨ੍ਹਾਂ ਨਾਲ ਹਾਰੂਨ ਦੀ ਵੰਸ਼ ਵਿੱਚੋਂ ਇੱਕ
ਜਾਜਕ ਹੋਣਾ ਚਾਹੀਦਾ ਹੈ ਅਤੇ ਲੇਵੀ ਦਸਵੰਧ ਦਾ ਦਸਵੰਧ ਸਾਡੇ
ਪਰਮੇਸ਼ੁਰ ਦੇ ਮੰਦਰ ਦੇ ਭੰਡਾਰੇ ਵਿੱਚ ਲਿਆਉਣ। 39ਇਸਰਾਏਲ ਦੇ
ਮਨੁੱਖ ਅਤੇ ਲੇਵੀ ਆਪਣੀਆਂ ਭੇਟਾਂ ਗੋਦਾਮਾਂ ਵਿੱਚ ਲੈ ਕੇ ਆਉਣ।
ਉਨ੍ਹਾਂ ਨੂੰ ਆਪਣੀਆਂ ਅੰਨ, ਨਵੀਂ ਮੈਅ ਅਤੇ ਤੇਲ ਦੀਆਂ ਸੁਗਾਤਾਂ
ਲਿਆਉਣੀਆਂ ਚਾਹੀਦੀਆਂ ਹਨ ਅਤੇ ਓੱਥੇ ਰੱਖਣ ਜਿੱਥੇ ਪਵਿੱਤਰ
ਭਾਂਡੇ ਅਤੇ ਸੇਵਾ ਕਰਨ ਵਾਲੇ ਜਾਜਕ ਸੇਵਾ ਕਰਦੇ ਰਹਿੰਦੇ ਹਨ।
ਰਾਗੀ ਅਤੇ ਦਰਬਾਨ ਵੀ ਓੱਥੇ ਹੀ ਰਹਿੰਦੇ ਹਨ।
“ਅਸੀਂ ਇਹ ਵੀ ਸੌਂਹ ਚੁਕੱਦੇ ਹਾਂ ਕਿ ਅਸੀਂ ਆਪਣੇ ਪਰਮੇਸ਼ੁਰ ਦੇ
ਮੰਦਰ ਦੀ ਦੇਖਭਾਲ ਕਰਾਂਗੇ।”

## ਨਵੇਂ ਲੋਕਾਂ ਦਾ ਯਰੂਸ਼ਲਮ ’ਚ ਆਉਣਾ

11 1ਹੁਣ ਇਸਰਾਏਲ ਦੇ ਲੋਕਾਂ ਦੇ ਆਗੂ ਯਰੂਸ਼ਲਮ ਵਿੱਚ
ਰਹਿਣ ਲਈ ਆਏ ਅਤੇ ਇਸਰਾਏਲ ਦੇ ਬਾਕੀ ਦੇ
ਲੋਕਾਂ ਨੇ ਯਰੂਸ਼ਲਮ ਦੇ ਪਵਿੱਤਰ ਨਗਰ ਵਿੱਚ ਰਹਿਣ ਲਈ ਹਰ
ਦਸਾਂ ਲੋਕਾਂ ਵਿੱਚੋਂ ਗੁਣੇ ਪਾ ਕੇ ਇੱਕ ਵਿਅਕਤੀ ਚੁਣਿਆ। ਅਤੇ ਬਾਕੀ
ਦੇ 9 ਲੋਕ ਦੂਸਰੇ ਨਗਰਾਂ ਵਿੱਚ ਰਹਿ ਸਕਦੇ ਹਨ। 2ਲੋਕਾਂ ਨੇ ਉਨ੍ਹਾਂ
ਸਾਰੇ ਮਨੁੱਖਾਂ ਨੂੰ ਬਰਕਤ ਦਿੱਤੀ ਜਿਨ੍ਹਾਂ ਨੇ ਖੁਸ਼ੀ ਨਾਲ ਯਰੂਸ਼ਲਮ
ਵਿੱਚ ਜਾਣਾ ਸਵੀਕਾਰ ਕੀਤਾ।
3ਸੂਬਿਆਂ ਦੇ ਆਗੂ ਜੋ ਯਰੂਸ਼ਲਮ ਵਿੱਚ ਆ ਕੇ ਰਹੇ
(ਇਸਰਾਏਲੀ, ਜਾਜਕ, ਲੇਵੀ, ਮੰਦਰ ਦੇ ਸੇਵਕ ਅਤੇ ਸੁਲੇਮਾਨ
ਦੇ ਸੇਵਕਾਂ ਦੀ ਵੰਸ਼ ਯਹੂਦਾਹ ਦੇ ਨਗਰਾਂ ਵਿੱਚ ਰਹਿ ਰਹੇ। ਹਰ
ਵਿਅਕਤੀ ਭਿੰਨ-ਭਿੰਨ ਨਗਰਾਂ ਵਿੱਚ ਆਪਣੀ ਖੁਦ ਦੀ ਜਾਇਦਾਦ
ਤੇ ਰਿਹਾ। 4ਯਹੂਦਾਹ ਅਤੇ ਬਿਨਯਾਮੀਨ ਦੇ ਘਰਾਣਿਆਂ ਵਿੱਚੋਂ ਕੁਝ
ਲੋਕ ਯਰੂਸ਼ਲਮ ਦੇ ਸ਼ਹਿਰ ਵਿੱਚ ਆ ਕੇ ਵਸ ਗਏ।)

ਯਹੂਦਾਹ ਦੀ ਵੰਸ਼ ਵਿੱਚੋਂ ਜਿਹੜੇ ਯਰੂਸ਼ਲਮ ਵਿੱਚ ਜਾ ਕੇ ਵੱਸੇ, ਉਹ
ਸਨ:
ਉੱਜ਼ੀਯਾਹ ਦਾ ਪੁੱਤਰ ਅਥਾਯਾਹ, (ਉੱਜ਼ੀਯਾਹ ਜ਼ਕਰਯਾਹ
ਦਾ ਪੁੱਤਰ ਸੀ, ਜ਼ਕਰਯਾਹ ਅਮਰਯਾਹ ਦਾ, ਅਮਰਯਾਹ
ਸ਼ਫ਼ਟਯਾਹ ਦਾ ਅਤੇ ਸ਼ਫ਼ਟਯਾਹ ਮਹਲਲੇਲ ਦਾ ਪੁੱਤਰ
ਸੀ। ਮਹਲਲੇਲ ਪਾਰਸ ਦੀ ਵੰਸ਼ ਵਿੱਚੋਂ ਸੀ।) 5ਅਤੇ
ਮਅਸੇਯਾਹ ਬਾਰੂਕ ਦਾ ਪੁੱਤਰ ਸੀ। (ਬਾਰੂਕ ਕਾਲ-
ਹੋਜ਼ਹ ਦਾ ਪੁੱਤਰ ਸੀ ਅਤੇ ਉਹ ਹਜ਼ਾਯਾਹ ਦਾ ਪੁੱਤਰ
ਸੀ, ਹਜਾਯਾਹ ਅਦਾਯਾਹ ਦਾ ਪੁੱਤਰ ਸੀ, ਅਦਾਯਾਹ
ਯੋਯਾਰੀਬ ਦਾ ਪੁੱਤਰ ਸੀ ਅਤੇ ਯੋਯਾਰੀਬ ਜ਼ਕਰਯਾਹ ਦਾ
ਪੁੱਤਰ ਸੀ ਜੋ ਕਿ ਸ਼ਿਲੋਨੀ ਦਾ ਵੰਸ਼ ਦਾ ਸੀ।) 6ਪਾਰਸ ਦੀ
ਵੰਸ਼ ਦੇ ਜਿਹੜੇ ਆ ਕੇ ਯਰੂਸ਼ਲਮ ਵਿੱਚ ਵੱਸੇ ਗਿਣਤੀ
ਵਿੱਚ 468 ਸਨ ਅਤੇ ਉਹ ਸਾਰੇ ਬਹਾਦੁਰ ਸਿਪਾਹੀ
ਸਨ।

7ਬਿਨਯਾਮੀਨ ਦੀ ਵੰਸ਼ ਵਿੱਚੋਂ ਜਿਹੜੇ ਮਨੁੱਖ ਯਰੂਸ਼ਲਮ ਵਿੱਚ ਜਾ
ਕੇ ਵੱਸੇ ਉਨ੍ਹਾਂ ਦੀ ਗਿਣਤੀ ਇਉਂ ਹੈ:
ਸੱਲੂ ਜੋ ਕਿ ਮੱਸ਼ੁਲਾਮ ਦਾ ਪੁੱਤਰ (ਮੱਸ਼ੁਲਾਮ ਯੋਏਦ ਦਾ
ਪੁੱਤਰ, ਯੋਏਦ ਪਦਾਯਾਹ ਦਾ ਤੇ ਪਦਾਯਾਹ ਕੋਲਾਯਾਹ
ਦਾ ਪੁੱਤਰ ਸੀ ਅਤੇ ਕੋਲਾਯਾਹ ਮਅਸੇਯਾਹ ਦਾ ਪੁੱਤਰ
ਤੇ ਮਅਸੇਯਾਹ ਈਥੀਏਲ ਦਾ ਪੁੱਤਰ ਤੇ ਈਥੀਏਲ
ਯਸ਼ਾਯਾਹ ਦਾ ਪੁੱਤਰ ਸੀ।) 8ਅਤੇ ਜਿਨ੍ਹਾਂ ਨੇ ਯਸ਼ਾਯਾਹ
ਦਾ ਅਨੁਸਰਣ ਕੀਤਾ ਉਨ੍ਹਾਂ ਵਿੱਚ ਗੱਬੀ ਅਤੇ ਸੱਲਾਈ
ਸਨ। ਕੁੱਲ ਮਿਲਾ ਕੇ ਇਹ 928 ਮਨੁੱਖ ਸਨ। 9ਜ਼ਿਕਰੀ
ਦਾ ਪੁੱਤਰ ਯੋਏਲ ਇਨ੍ਹਾਂ ਸਾਰਿਆਂ ਲੋਕਾਂ ਦਾ ਸਰਦਾਰ ਸੀ
ਅਤੇ ਯਹੂਦਾਹ ਜੋ ਕਿ ਹਸਨੂਆਹ ਦਾ ਪੁੱਤਰ ਸੀ ਸ਼ਹਿਰ ਦੇ
ਦੂਜੇ ਜਿਲ੍ਹੇ ਦਾ ਸਰਦਾਰ ਸੀ।

10ਜਿਹੜੇ ਜਾਜਕ ਯਰੂਸ਼ਲਮ ਵਿੱਚ ਜਾ ਕੇ ਵੱਸੇ ਉਨ੍ਹਾਂ ਦੀ ਗਿਣਤੀ
ਇਉਂ ਸੀ:
ਯੋਯਾਰੀਬ ਦਾ ਪੁੱਤਰ ਯਦਾਯਾਹ, ਯਾਕੀਨ, 11ਅਤੇ
ਸਰਾਯਾਹ ਹਿਲਕੀਯਾਹ ਦਾ ਪੁੱਤਰ (ਹਿਲਕੀਯਾਹ ਮੱਸ਼ੁਲਾਮ
ਦਾ ਪੁੱਤਰ, ਮੱਸ਼ੁਲਾਮ ਸਦੋਕ ਦਾ ਪੁੱਤਰ ਅਤੇ ਸਦੋਕ
ਮਰਾਯੋਥ ਦਾ ਪੁੱਤਰ ਤੇ ਉਹ ਅਹੀਟੂਬ ਦਾ ਪੁੱਤਰ ਸੀ ਜੋ
ਕਿ ਪਰਮੇਸ਼ੁਰ ਦੇ ਮੰਦਰ ਦਾ ਪ੍ਰਧਾਨ ਸੀ।) 12ਅਤੇ ਉਨ੍ਹਾਂ ਦੇ
ਭਰਾ ਜਿਨ੍ਹਾਂ ਨੇ ਮੰਦਰ ਦਾ ਕੰਮ ਕੀਤਾ ਗਿਣਤੀ ਵਿੱਚ 822
ਸਨ, ਅਤੇ ਯਰੋਹਾਮ ਦਾ ਪੁੱਤਰ ਅਦਾਯਾਹ, (ਯਰੋਹਾਮ
ਪਲਲਯਾਹ ਦਾ ਪੁੱਤਰ ਸੀ, ਪਲਲਯਾਹ ਅਮਸੀ ਦਾ
ਪੁੱਤਰ ਸੀ, ਅਮਸੀ ਜ਼ਕਰਯਾਹ ਦਾ ਪੁੱਤਰ ਸੀ, ਜ਼ਕਰਯਾਹ
ਪਸ਼ਹੂਰ ਦਾ ਪੁੱਤਰ ਸੀ ਅਤੇ ਪਸ਼ਹੂਰ ਮਲਕੀਯਾਹ ਦਾ
ਪੁੱਤਰ ਸੀ।) 13ਮਲਕੀਯਾਹ ਦੇ ਭਰਾਵਾਂ-ਭਾਈਆਂ
ਦੀ ਗਿਣਤੀ 242 ਸੀ। (ਇਹ ਮਨੁੱਖ ਆਪੋ-ਆਪਣੇ
ਘਰਾਣਿਆਂ ਦੇ ਆਗੂ ਸਨ।) ਅਮਸ਼ਸਈ ਅਜ਼ਰੇਲ ਦਾ
ਪੁੱਤਰ (ਅਜ਼ਰੇਲ ਅਹਜ਼ਈ ਦਾ ਪੁੱਤਰ, ਤੇ ਉਹ ਮਸ਼ਿੱਲੇਮੋਥ
ਦਾ ਪੁੱਤਰ ਤੇ ਮਸ਼ਿੱਲੇਮੋਥ ਇੰਮੇਰ ਦਾ ਪੁੱਤਰ ਸੀ,) 14ਅਤੇ
ਇੰਮੇਰ ਦੇ 128 ਭਰਾ। (ਇਹ ਸਾਰੇ ਬਹਾਦੁਰ ਸਿਪਾਹੀ
ਸਨ ਅਤੇ ਹੱਗਦੋਲੀਮ ਦਾ ਪੁੱਤਰ ਜ਼ਬਦੀਏਲ ਉਨ੍ਹਾਂ ਦਾ
ਸਰਦਾਰ ਸੀ।)

15ਜਿਹੜੇ ਲੇਵੀ ਯਰੂਸ਼ਲਮ ਵਿੱਚ ਜਾ ਕੇ ਵੱਸੇ, ਉਨ੍ਹਾਂ ਦੇ ਨਾਉਂ ਇਵੇਂ
ਸਨ:
ਸ਼ਮਾਯਾਹ ਹੱਸ਼ੂਬ ਦਾ ਪੁੱਤਰ, (ਹੱਸ਼ੂਬ ਅਜ਼ਰੀਕਾਮ ਦਾ
ਪੁੱਤਰ ਤੇ ਉਹ ਹਸ਼ਬਯਾਹ ਦਾ ਪੁੱਤਰ ਜੋ ਕਿ ਬੁੰਨੀ ਦਾ ਪੁੱਤਰ
ਸੀ।) 16ਸ਼ਬਥਈ ਅਤੇ ਯੋਜ਼ਾਬਾਦ (ਇਹ ਦੋਵੇਂ ਲੇਵੀਆਂ
ਦੇ ਆਗੂ ਅਤੇ ਸਾਡੇ ਪਰਮੇਸ਼ੁਰ ਦੇ ਮੰਦਰ ਦੇ ਬਾਹਰਲੇ
ਹਿੱਸੇ ਦੇ ਕੰਮ ਦੇ ਆਗੂ ਸਨ।) 17ਮਤਨਯਾਹ, (ਮਤਨਯਾਹ
ਮੀਕਾ ਦਾ ਪੁੱਤਰ ਸੀ, ਮੀਕਾ ਜ਼ਬਦੀ ਦਾ ਪੁੱਤਰ ਸੀ, ਜ਼ਬਦੀ
ਆਸਾਫ਼ ਦਾ ਪੁੱਤਰ ਸੀ), ਜੋ ਕਿ ਪ੍ਰਾਰਥਨਾ ਦਾ ਨਿਰਦੇਸ਼ਕ
ਸੀ। ਆਸਾਫ਼ ਲੋਕਾਂ ਦੀ ਪਰਮੇਸ਼ੁਰ ਦੇ ਲਈ ਪ੍ਰਾਰਥਨਾਵਾਂ

ਅਤੇ ਉਸਤਤ ਦੇ ਗੀਤ ਗਾਉਣ ਵਿੱਚ ਅਗਵਾਈ ਕਰਦਾ
ਸੀ। ਬਕਬੁਕਯਾਹ, (ਬਕਬੁਕਯਾਹ ਆਪਣੇ ਭਰਾਵਾਂ ਵਿੱਚੋਂ
ਦੂਜੇ ਦਰਜੇ ਤੇ ਸੀ) ਅਤੇ ਸ਼ਮੂਆ ਦਾ ਪੁੱਤਰ ਅਬਦਾ
(ਸ਼ਮੂਆ ਗਾਲਾਲ ਦਾ ਪੁੱਤਰ ਸੀ ਅਤੇ ਗਾਲਾਲ ਯਦੂਥੂਨ
ਦਾ ਪੁੱਤਰ ਸੀ।) 18ਪਵਿੱਤਰ ਸ਼ਹਿਰ ਵਿੱਚ ਸਾਰੇ ਲੇਵੀ
ਗਿਣਤੀ 'ਚ 284 ਸਨ।

19ਜਿਹੜੇ ਦਰਬਾਨ ਯਰੂਸ਼ਲਮ ਵਿੱਚ ਜਾ ਕੇ ਰਹੇ ਉਹ ਸਨ
ਅੱਕੂਬ, ਟਲਮੋਨ ਅਤੇ ਉਨ੍ਹਾਂ ਦੇ ਭਰਾ, ਜਿਨ੍ਹਾਂ ਨੇ ਨਗਰ
ਦੇ ਫ਼ਾਟਕਾਂ ਦੀ ਪਹਿਰੇਦਾਰੀ ਕੀਤੀ। ਉਹ ਗਿਣਤੀ ਵਿੱਚ
172 ਸਨ।

20ਇਸਰਾਏਲ ਦੇ ਬਾਕੀ ਦੂਜੇ ਲੋਕ ਅਤੇ ਹੋਰ ਜਾਜਕ ਅਤੇ ਲੇਵੀ
ਯਹੂਦਾਹ ਦੇ ਸਾਰੇ ਸ਼ਹਿਰਾਂ ਵਿੱਚ ਵੱਸੇ ਅਤੇ ਹਰ ਮਨੁੱਖ ਆਪਣੇ
ਪੁਰਖਿਆਂ ਦੀ ਭੂਮੀ ਤੇ ਜਾ ਵੱਸਿਆ। 21ਮੰਦਰ ਦੇ ਸੇਵਾਦਾਰ ਓਫ਼ਲ
ਪਹਾੜ ਤੇ ਵੱਸੇ ਜਿਨ੍ਹਾਂ ਦੇ ਚੌਧਰੀ ਸੀਹਾ ਅਤੇ ਗਿਸ਼ਪਾ ਸਨ।
22ਯਰੂਸ਼ਲਮ ਵਿੱਚ, ਲੇਵੀਆਂ ਉੱਪਰ ਉੱਜ਼ੀ ਅਧਿਕਾਰੀ ਸੀ।
ਉੱਜ਼ੀ ਬਾਨੀ ਦਾ ਪੁੱਤਰ ਸੀ। (ਬਾਨੀ ਹਸ਼ਬਯਾਹ ਦਾ ਪੁੱਤਰ ਸੀ,
ਹਸ਼ਬਯਾਹ ਮੱਤਨਯਾਹ ਦਾ ਪੁੱਤਰ ਸੀ ਅਤੇ ਮੱਤਨਯਾਹ ਮੀਕਾ ਦਾ
ਪੁੱਤਰ ਸੀ।) ਉੱਜ਼ੀ ਆਸਾਫ਼ ਦਾ ਉੱਤਰਾਧਿਕਾਰੀ ਸੀ ਅਤੇ ਆਸਾਫ਼
ਦੀ ਵੰਸ਼ ਵਿੱਚੋਂ ਰਾਗੀ ਸਨ ਜੋ ਕਿ ਪਰਮੇਸ਼ੁਰ ਦੇ ਮੰਦਰ ਦੀ ਸੇਵਾ ਦਾ
ਕੰਮ ਸੰਭਾਲਦੇ ਸਨ। 23ਗਾਉਣ ਵਾਲੇ ਪਾਤਸ਼ਾਹ ਦੇ ਹੁਕਮ ਨੂੰ ਮੰਨਦੇ
ਸਨ ਜਿਨ੍ਹਾਂ ਵਿੱਚ ਪਾਤਸ਼ਾਹ ਵੱਲੋਂ ਹਰ ਰੋਜ਼ ਗਾਉਣ ਵਾਲਿਆਂ ਨੂੰ
ਹਿਦਾਇਤਾਂ ਦਿੱਤੀਆਂ ਜਾਂਦੀਆਂ ਸਨ, ਜਿਨ੍ਹਾਂ ਦੀ ਉਹ ਪਾਲਣਾ ਕਰਦੇ
ਸਨ। 24ਜਿਹੜਾ ਮਨੁੱਖ ਉਨ੍ਹਾਂ ਨੂੰ ਪਾਤਸ਼ਾਹ ਦਾ ਹੁਕਮ ਸੁਣਾਉਂਦਾ
ਸੀ ਕਿ ਉਨ੍ਹਾਂ ਨੇ ਕੀ ਕੁਝ ਕਰਨਾ ਹੈ, ਉਸ ਦਾ ਨਾਉਂ ਪਥਹਯਾਹ ਸੀ।
(ਪਥਹਯਾਹ ਮਸ਼ੇਜ਼ਬੇਲ ਦਾ ਪੁੱਤਰ ਸੀ ਜੋ ਕਿ ਜ਼ਰਹ ਦੀ ਵੰਸ਼ ਵਿੱਚੋਂ
ਇੱਕ ਸੀ। ਜ਼ਰਹ ਯਹੂਦਾਹ ਦਾ ਪੁੱਤਰ ਸੀ।)
25ਅਤੇ ਉਨ੍ਹਾਂ ਦੀਆਂ ਬਸਤੀਆਂ ਅਤੇ ਖੇਤਾਂ ਬਾਬਤ, ਯਹੂਦਾਹ
ਦੇ ਕੁਝ ਲੋਕ ਕਿਰਯਥ-ਅਰਬਾ ਵਿੱਚ ਅਤੇ ਇਸ ਦੇ ਦੁਆਲੇ ਦੇ
ਨਗਰਾਂ ਵਿੱਚ ਰਹੇ, ਉਨ੍ਹਾਂ ਵਿੱਚੋਂ ਕੁਝ ਦੀਬੋਨ ਵਿੱਚ ਅਤੇ ਇਸ
ਦੇ ਦੁਆਲੇ ਦੇ ਪਿੰਡਾਂ ਵਿੱਚ ਅਤੇ ਕੁਝ ਯਕਬਸੇਲ ਅਤੇ ਇਸ ਦੇ
ਦੁਆਲੇ ਦੇ ਪਿੰਡਾਂ ਵਿੱਚ ਰਹੇ। 26ਅਤੇ ਯੇਸ਼ੂਆ ਵਿੱਚ, ਮੋਲਾਦਾਹ
ਅਤੇ ਬੈਤ-ਪਾਲਟ ਵਿੱਚ, 27ਹਸ਼ਰ-ਸ਼ੂਆਲ, ਬਏਰ-ਸ਼ਬਾ ਅਤੇ ਇਸ
ਦੇ ਦੁਆਲੇ ਦੇ ਪਿੰਡਾਂ ਵਿੱਚ, 28ਅਤੇ ਸਿਕਲਾਗ ਵਿੱਚ, ਮਕੋਨਾਹ ਅਤੇ
ਇਸ ਦੇ ਦੁਆਲੇ ਦੇ ਪਿੰਡਾਂ ਵਿੱਚ, 29ਏਨ-ਰਿੰਮੋਨ, ਸਾਰਆਹ ਅਤੇ
ਯਰਮੂਥ ਵਿੱਚ, 30ਅਤੇ ਜਾਨੋਅਹ ਵਿੱਚ ਅਤੇ ਅੱਦੁਲਾਮ ਅਤੇ ਇਨ੍ਹਾਂ
ਦੇ ਦੁਆਲੇ ਦੇ ਪਿੰਡਾਂ ਵਿੱਚ, ਲਾਕੀਸ਼ ਅਤੇ ਇਸ ਦੇ ਖੇਤਾਂ ਵਿੱਚ,
ਅਜ਼ੇਕਾਹ ਅਤੇ ਇਸ ਦੇ ਦੁਆਲੇ ਪਿੰਡਾਂ ਵਿੱਚ, ਇਉਂ ਯਹੂਦਾਹ ਦੇ
ਲੋਕ ਬਏਰ-ਸ਼ਬਾ ਤੋਂ ਲੈ ਕੇ ਹਿੰਨੋਮ ਦੀ ਵਾਦੀ ਤੀਕ ਵੱਸਦੇ ਸਨ।
31ਬਿਨਯਾਮੀਨ ਦੇ ਘਰਾਣੇ ਦੇ ਲੋਕ ਗਬਾ, ਮਿਕਮਸ਼, ਅਯਾਹ,
ਬੈਤਏਲ ਅਤੇ ਇਸ ਦੇ ਦੁਆਲੇ ਦੇ ਪਿੰਡਾਂ ਵਿੱਚ ਵੱਸਦੇ ਸਨ।
32ਅਨਾਥੋਥ, ਨੋਬ ਅਤੇ ਅਨਨਯਾਹ, 33ਹਾਸੋਰ, ਗਮਾਹ ਅਤੇ
ਗਿੱਤਾਯਿਮ, 34ਹਦੀਦ ਸਬੋਈਮ ਅਤੇ ਨੱਬਲਾਟ, 35ਲੋਦ, ਓਨੋ
ਅਤੇ ਕਾਰੀਗਰਾਂ ਦੀ ਵਾਦੀ ਵਿੱਚ, 36ਅਤੇ ਯਹੂਦਾਹ ਤੋਂ ਲੇਵੀ ਦੇ
ਪਰਿਵਾਰ ਵਿੱਚੋਂ ਕੁਝ ਲੋਕਾਂ ਦੇ ਸਮੂਹ ਬਿਨਯਾਮੀਨ ਦੀ ਧਰਤੀ ਤੇ
ਚਲੇ ਗਏ।

## ਜਾਜਕ ਅਤੇ ਲੇਵੀ

12 1ਇਹ ਉਹ ਜਾਜਕ ਅਤੇ ਲੇਵੀ ਹਨ ਜਿਹੜੇ
ਸ਼ਅਲਤੀਏਲ ਦੇ ਪੁੱਤਰ ਜ਼ਰੁੱਬਾਬਲ ਅਤੇ ਯੇਸ਼ੂਆ ਦੇ
ਨਾਲ ਆਏ:

ਸ਼ਰਾਯਾਹ, ਯਿਰਮਿਯਾਹ, ਅਜ਼ਰਾ,
2 ਅਮਰਯਾਹ, ਮੱਲੂਕ, ਹੱਟੂਸ਼,
3 ਸ਼ਕਨਯਾਹ, ਰਹੂਮ, ਮਰੇਮੋਥ,
4 ਇੱਦੋ, ਗਿਨਥੋਈ, ਅਬੀਯਾਹ,
5 ਮਿੱਯਾਮੀਨ, ਮਆਦਯਾਹ, ਬਿਲਗਾਹ,
6 ਸ਼ਮਅਯਾਹ ਯੋਯਾਰੀਬ, ਯਦਆਯਾਹ,
7 ਸੱਲੂ, ਆਮੋਕ, ਹਿਲਕੀਯਾਹ ਅਤੇ ਯਦਆਯਾਹ।

ਇਹ ਲੋਕ ਯੇਸ਼ੂਆ ਦੇ ਦਿਨਾਂ ਵਿੱਚ ਜਾਜਕਾਂ ਅਤੇ ਉਨ੍ਹਾਂ ਦੇ ਸਬੰਧੀਆਂ
ਦੇ ਆਗੂ ਸਨ।
8ਅਤੇ ਲੇਵੀਆਂ ਵਿੱਚੋਂ ਇਹ ਸਨ: ਯੇਸ਼ੂਆ, ਬਿੰਨੂਈ,
ਕਦਮੀਏਲ, ਸ਼ੇਰੇਬਯਾਹ, ਯਹੂਦਾਹ ਅਤੇ ਮੱਤਨਯਾਹ ਜਿਹੜਾ
ਆਪਣੇ ਭਰਾਵਾਂ ਸਮੇਤ ਧੰਨਵਾਦ ਦੇ ਗੀਤਾਂ ਦਾ ਇੰਚਾਰਜ ਸੀ।
9ਬਕਬੁਕਯਾਹ ਅਤੇ ਉੱਨੀ ਉਨ੍ਹਾਂ ਲੇਵੀਆਂ ਦੇ ਸੰਬੰਧੀ ਸਨ ਅਤੇ
ਇਹ ਦੋਨੋ ਆਦਮੀ ਉਨ੍ਹਾਂ ਦੇ ਸਾਹਮਣੇ ਵਾਲੇ ਪਾਸੇ ਸੇਵਾ ਵਿੱਚ
ਖੜ੍ਹੇ ਰਹਿੰਦੇ ਸਨ। 10ਯੇਸ਼ੂਆ ਯੋਯਾਕੀਮ ਦਾ ਪਿਤਾ ਸੀ, ਅਤੇ
ਯੋਯਾਕੀਮ ਅਲਯਾਸ਼ੀਬ ਦਾ ਪਿਤਾ ਸੀ ਅਤੇ ਅਲਯਾਸ਼ੀਬ
ਯੋਯਾਦਾ ਦਾ ਪਿਤਾ ਸੀ। 11ਯੋਯਾਦਾ ਯੋਨਾਥਾਨ ਦਾ ਪਿਤਾ ਸੀ ਤੇ
ਯੋਨਾਥਾਨ ਯੱਦੂਆ ਦਾ ਪਿਤਾ ਸੀ।
12ਯੋਯਾਕੀਮ ਦੇ ਦਿਨਾਂ ਵਿੱਚ ਜਾਜਕਾਂ ਦੇ ਘਰਾਣਿਆਂ ਦੇ ਇਹ
ਆਗੂ ਸਨ:

ਸ਼ਰਯਾਹ ਘਰਾਣੇ ਦਾ ਆਗੂ ਮਿਰਾਯਾਹ ਸੀ।
ਯਿਰਮਿਯਾਹ ਘਰਾਣੇ ਦਾ ਆਗੂ ਹਨਨਯਾਹ ਸੀ।
13 ਅਜ਼ਰਾ ਘਰਾਣੇ ਦਾ ਆਗੂ ਮੱਸ਼ੁਲਾਮ
ਅਤੇ ਅਮਰਯਾਹ ਦਾ ਯਹੋਹਾਨਾਨ ਸੀ।
14 ਮਲੂਕੀ ਘਰਾਣੇ ਦਾ ਆਗੂ ਯੋਨਾਥਾਨ ਸੀ
ਅਤੇ ਸ਼ਬਨਯਾਹ ਘਰਾਣੇ ਦਾ ਆਗੂ ਯੂਸੁਫ਼ ਸੀ।
15 ਹਾਰੀਮ ਦੇ ਘਰਾਣੇ ਦਾ ਆਗੂ ਅਦਨਾ ਸੀ
ਅਤੇ ਮਰਾਯੋਥ ਦੇ ਘਰਾਣੇ ਦਾ ਆਗੂ ਹਲਕਈ ਸੀ।
16 ਇੱਦੋ ਦੇ ਘਰਾਣੇ ਦਾ ਆਗੂ ਜ਼ਕਰਯਾਹ ਸੀ
ਅਤੇ ਗਿਨਥੋਨ ਘਰਾਣੇ ਦਾ ਆਗੂ ਮੱਸ਼ੁਲਾਮ ਸੀ।
17 ਅਬੀਯਾਹ ਦੇ ਘਰਾਣੇ ਦਾ ਆਗੂ ਜ਼ਿਕਰੀ ਸੀ
ਅਤੇ ਮਿਨਯਾਮੀਨ ਅਤੇ ਮੋਅਦਯਾਹ ਦੇ ਘਰਾਣਿਆਂ ਦਾ
ਆਗੂ ਪਿਲਟਾਈ ਸੀ।
18 ਬਿਲਗਾਹ ਦੇ ਘਰਾਣੇ ਦਾ ਆਗੂ ਸ਼ੰਮੂਆ ਸੀ
ਅਤੇ ਸ਼ਮਆਯਾਹ ਦੇ ਘਰਾਣੇ ਦਾ ਆਗੂ ਯਹੋਨਾਥਾਨ ਸੀ।
19 ਯੋਯਾਰੀਬ ਦੇ ਘਰਾਣੇ ਦਾ ਆਗੂ ਮਤਨਈ ਸੀ
ਅਤੇ ਯਦਆਯਾਹ ਘਰਾਣੇ ਦਾ ਆਗੂ ਉੱਜ਼ੀ ਸੀ।
20 ਸੱਲਈ ਦੇ ਘਰਾਣੇ ਦਾ ਆਗੂ ਕਲਈ ਸੀ
ਅਤੇ ਆਮੋਕ ਘਰਾਣੇ ਦਾ ਆਗੂ ਏਬਰ ਸੀ।
21 ਹਿਲਕੀਯਾਹ ਦੇ ਘਰਾਣੇ ਦਾ ਆਗੂ ਹਸ਼ਬਯਾਹ ਸੀ
ਅਤੇ ਯਦਆਯਾਹ ਦੇ ਘਰਾਣੇ ਦਾ ਆਗੂ ਨਥਨਏਲ ਸੀ।

**22**ਅਲਯਾਸ਼ੀਬ, ਯੋਯਾਦਆ, ਯੋਹਾਨਾਨ ਅਤੇ ਯੱਦੂਆ ਦੇ
ਦਿਨਾਂ ਦੌਰਾਨ ਲੇਵੀਆਂ ਅਤੇ ਜਾਜਕਾਂ ਦੇ ਘਰਾਣਿਆਂ ਦੇ ਆਗੂਆਂ
ਦੇ ਨਾਂ ਫਾਰਸੀ ਪਾਤਸ਼ਾਹ ਦਾਰਾ ਦੇ ਸ਼ਾਸਨਕਾਲ ਦੌਰਾਨ ਲਿਖੇ ਗਏ
ਸਨ। **23**ਲੇਵੀਆਂ ਦੇ ਵੱਡੇਰਿਆਂ ਦੇ ਆਗੂ ਅਲਯਾਸ਼ੀਬ ਦੇ ਪੁੱਤਰ
ਯੋਹਾਨਨ ਦੇ ਦਿਨਾਂ ਤੀਕ ਇਤਿਹਾਸ ਦੀ ਪੋਥੀ ਵਿੱਚ ਲਿਖੇ ਗਏ।
**24**ਅਤੇ ਲੇਵੀਆਂ ਦੇ ਆਗੂ-ਹਸ਼ਬਯਾਹ, ਸ਼ੇਰੇਬਯਾਹ, ਕਦਮੀਏਲ
ਦਾ ਪੁੱਤਰ ਯੇਸ਼ੂਆ ਅਤੇ ਉਨ੍ਹਾਂ ਦੇ ਭਰਾ, ਪਰਮੇਸ਼ੁਰ ਦੇ ਮਨੁੱਖ ਦਾਊਦ
ਦੇ ਹੁਕਮ ਮੁਤਾਬਕ, ਉਹ ਉਸਤਤ ਦੇ ਗੀਤ ਸ਼ੁਰੂ ਕਰਨ ਲਈ ਇੱਕ-
ਦੂਜੇ ਦੇ ਆਮ੍ਹੋ-ਸਾਹਮਣੇ ਖਲੋ ਗਏ, ਇੱਕ ਟੋਲਾ ਦੂਸਰੇ ਟੋਲੇ ਨੂੰ
ਜਵਾਬ ਦਿੰਦਿਆਂ ਹੋਇਆਂ।

**25**ਮੱਤਨਯਾਹ, ਬਕਬੁਕਯਾਹ, ਓਬਦਯਾਹ, ਮੱਸ਼ੁਲਾਮ, ਟਲਮੋਨ
ਅਤੇ ਅੱਕੂਬ ਫ਼ਾਟਕਾਂ ਦੇ ਦਰਬਾਨ ਸਨ ਅਤੇ ਫ਼ਾਟਕਾਂ ਦੇ ਗੋਦਾਮਾਂ
ਉੱਪਰ ਪਹਿਰਾ ਦਿੰਦੇ ਸਨ। **26**ਇਨ੍ਹਾਂ ਦਰਬਾਨਾਂ ਨੇ ਯੋਯਾਕੀਮ, ਯੇਸ਼ੂਆ
ਦੇ ਪੁੱਤਰ, ਜੋ ਕਿ ਯੋਸਾਦਾਕ ਦਾ ਪੁੱਤਰ ਸੀ ਅਤੇ ਰਾਜਪਾਲ ਨਹਮਯਾਹ
ਅਤੇ ਅਜ਼ਰਾ ਜਾਜਕ ਅਤੇ ਲਿਖਾਰੀ ਦੇ ਸਮੇਂ ਦੌਰਾਨ ਸੇਵਾ ਕੀਤੀ।



## ਯਰੂਸ਼ਲਮ ਦੀ ਕੰਧ ਦਾ ਸਮਰਪਣ

**27**ਲੋਕਾਂ ਨੇ ਯਰੂਸ਼ਲਮ ਦੀ ਕੰਧ ਨੂੰ ਸਮਰਪਿਤ ਕੀਤਾ। ਫ਼ੇਰ ਸਾਰੇ
ਲੇਵੀਆਂ ਨੂੰ ਯਰੂਸ਼ਲਮ ਨੂੰ ਲਿਆਂਦਾ ਗਿਆ, ਜਿਨ੍ਹਾਂ ਵੀ ਨਗਰਾਂ
ਵਿੱਚ ਉਹ ਰਹਿੰਦੇ ਸਨ। ਉਹ ਸਾਰੇ ਯਰੂਸ਼ਲਮ ਦੀ ਕੰਧ ਦੀ ਚੱਠ ਦਾ
ਜਸ਼ਨ ਮਨਾਉਣ ਲਈ ਅਤੇ ਪਰਮੇਸ਼ੁਰ ਦੀ ਉਸਤਤ ਕਰਨ ਅਤੇ
ਧੰਨਵਾਦ ਦੇਣ ਲਈ ਓੱਥੇ ਆਏ। ਇਉਂ ਉਨ੍ਹਾਂ ਨੇ ਛੈਣੇ, ਸਿਤਾਰਾਂ ਅਤੇ
ਬਰਬਤਾਂ ਵਜਾ ਕੇ ਇਸ ਖੁਸ਼ੀ ਦਾ ਪ੍ਰਗਟਾਵਾ ਕੀਤਾ।

**28-29**ਉਹ ਸਾਰੇ ਰਾਗੀ ਵੀ ਆਏ ਜੋ ਯਰੂਸ਼ਲਮ ਦੇ ਆਲੇ-
ਦੁਆਲੇ ਦੇ ਨਗਰਾਂ ਵਿੱਚ ਰਹਿੰਦੇ ਸਨ। ਇਹ ਨਟੋਫ਼ਾਥ ਦੇ ਨਗਰਾਂ,
ਬੈਤ-ਗਿਲਗਾਲ, ਗ਼ਬਾ ਦੇ ਖੇਤਾਂ ਅਤੇ ਅਜ਼ਮਾਵਥ ਤੋਂ ਇਕੱਠੇ ਹੋਏ।
ਇਨ੍ਹਾਂ ਰਾਗੀਆਂ ਨੇ ਯਰੂਸ਼ਲਮ ਦੇ ਦੁਆਲੇ ਆਪਣੇ ਖੁਦ ਦੇ ਪਿੰਡ
ਬਣਾਏ ਹੋਏ ਸਨ।

**30**ਜਾਜਕਾਂ ਅਤੇ ਲੇਵੀਆਂ ਨੇ ਆਪਣੇ-ਆਪ ਨੂੰ ਸ਼ੁੱਧ ਕੀਤਾ ਅਤੇ
ਉਨ੍ਹਾਂ ਨੇ ਲੋਕਾਂ, ਫ਼ਾਟਕਾਂ ਅਤੇ ਕੰਧ ਨੂੰ ਵੀ ਸ਼ੁੱਧ ਕੀਤਾ।

**31**ਮੈਂ ਯਹੂਦਾਹ ਦੇ ਆਗੂਆਂ ਨੂੰ ਕਿਹਾ ਕਿ ਉਹ ਕੰਧ ਦੇ ਉਤਾਂਹ ਜਾ
ਕੇ ਖਲੋ ਜਾਣ ਤੇ ਮੈਂ ਰਾਗੀਆਂ ਦੇ ਦੋ ਵੱਡੇ ਟੋਲੇ ਚੁਣੇ ਜੋ ਕਿ ਪਰਮੇਸ਼ੁਰ
ਦੇ ਧੰਨਵਾਦ ਦੇ ਗੀਤ ਗਾ ਸਕਣ ਅਤੇ ਜਲੂਸ ਵਿੱਚ ਚੱਲ ਸਕਣ।
ਇੱਕ ਟੋਲਾ ਕੰਧ ਦੇ ਉੱਤੇ ਸੱਜੇ ਹੱਥ ਕੂੜੇ ਦੇ ਫ਼ਾਟਕ ਵੱਲ ਨੂੰ ਗਿਆ।
**32**ਹੋਸ਼ਅਯਾਹ ਅਤੇ ਯਹੂਦਾਹ ਦੇ ਅੱਧੇ ਆਗੂ ਉਨ੍ਹਾਂ ਦੇ ਪਿੱਛੇ ਗਏ।
**33**ਉਨ੍ਹਾਂ ਦੇ ਨਾਲ ਉਨ੍ਹਾਂ ਪਿੱਛੇ ਅਜ਼ਰਯਾਹ, ਅਜ਼ਰਾ, ਮੱਸ਼ੁਲਾਮ,
**34**ਯਹੂਦਾਹ, ਬਿਨਯਾਮੀਨ, ਸ਼ਮਅਯਾਹ, ਯਿਰਮਿਯਾਹ, **35**ਅਤੇ
ਜਾਜਕਾਂ ਦੇ ਘਰਾਣੇ ਵਿੱਚੋਂ ਤੁਰ੍ਹੀਆਂ ਦੇ ਨਾਲ ਜ਼ਕਰਯਾਹ, ਵੀ ਉਨ੍ਹਾਂ
ਦੇ ਪਿੱਛੇ ਗਿਆ (ਜ਼ਕਰਯਾਹ ਯੋਨਾਥਾਨ ਦਾ ਪੁੱਤਰ ਸੀ, ਯੋਨਾਥਾਨ
ਸ਼ਮਅਯਾਹ ਦਾ ਪੁੱਤਰ ਸੀ, ਸ਼ਮਅਯਾਹ ਮੱਤਨਯਾਹ ਦਾ ਪੁੱਤਰ ਸੀ,
ਮੱਤਨਯਾਹ ਮੀਕਾਯਾਹ ਦਾ ਪੁੱਤਰ ਸੀ, ਮੀਕਾਯਾਹ ਜ਼ੱਕੂਰ ਦਾ ਪੁੱਤਰ
ਸੀ ਅਤੇ ਜ਼ੱਕੂਰ ਆਸਾਫ਼ ਦਾ ਪੁੱਤਰ ਸੀ।) **36**ਉਨ੍ਹਾਂ ਦੇ ਇਲਾਵਾ,
ਜ਼ਕਰਯਾਹ ਦੇ ਭਰਾ ਵੀ ਉਨ੍ਹਾਂ ਦੇ ਨਾਲ ਸਨ: ਸ਼ਮਅਯਾਹ, ਅਜ਼ਰੇਲ
ਮਿਲਲਈ, ਗਿਲਲਈ, ਮਾਈ, ਨਥਨਏਲ, ਯਹੂਦਾਹ ਅਤੇ ਹਨਾਨੀ
ਉਨ੍ਹਾਂ ਕੋਲਾਂ ਪਰਮੇਸ਼ੁਰ ਦੇ ਮਨੁੱਖ ਦਾਊਦ ਦੁਆਰਾ ਬਣਾਏ ਹੋਏ ਸਾਜ਼
ਵੀ ਸਨ। ਅਜ਼ਰਾ ਲਿਖਾਰੀ ਨੇ ਉਨ੍ਹਾਂ ਦੀ ਅਗਵਾਈ ਕੀਤੀ। **37**ਉਹ
ਫੁਵਾਰੇ ਵਾਲੇ ਫ਼ਾਟਕ ਦੇ ਕੋਲ ਗਏ। ਉਹ ਦਾਊਦ ਦੇ ਸ਼ਹਿਰ ਦੀਆਂ
ਪੌੜੀਆਂ ਉੱਤੇ ਚੜ੍ਹ ਕੇ ਜਿੱਥੇ ਕੰਧ ਉਤਾਂਹ ਨੂੰ ਜਾਂਦੀ ਸੀ, ਅਤੇ ਦਾਊਦ
ਦੇ ਘਰ ਤੋਂ ਅੱਗੇ ਲੰਘ ਕੇ ਪੂਰਬ ਵੱਲ ਜਲ ਫ਼ਾਟਕ ਨੂੰ ਗਏ।

**38**ਰਾਗੀਆਂ ਦਾ ਦੂਜਾ ਟੋਲਾ ਦੂਜੀ ਦਿਸ਼ਾ ਖੱਬੇ ਪਾਸੇ ਵੱਲ ਨੂੰ
ਗਿਆ। ਜਦੋਂ ਉਹ ਕੰਧ ਵੱਲ ਉਤਾਂਹ ਨੂੰ ਜਾ ਰਹੇ ਸਨ, ਮੈਂ ਅਤੇ ਅੱਧੇ
ਲੋਕੀਂ ਉਨ੍ਹਾਂ ਦੇ ਪਿੱਛੇ ਸਨ। ਤੇ ਉਹ ਟੋਲਾ ਤੰਦੂਰਾਂ ਦੇ ਬੁਰਜ ਤੋਂ ਅੱਗੇ
ਚੌੜੀ ਕੰਧ ਤੀਕ ਗਿਆ। **39**ਫ਼ੇਰ ਉਹ ਇਨ੍ਹਾਂ ਫ਼ਾਟਕਾਂ ਵੱਲ ਨੂੰ ਗਏ:
ਅਫ਼ਰਈਮੀ ਫ਼ਾਟਕ ਤੋਂ ਪੁਰਾਣੇ ਫ਼ਾਟਕ ਤੱਕ ਤੇ ਫ਼ਿਰ ਮੱਛੀ ਫ਼ਾਟਕ ਨੂੰ।
ਫ਼ੇਰ ਉੱਥੋਂ ਉਹ ਹਨਨੇਲ ਦੇ ਬੁਰਜ ਤੀਕ ਅਤੇ ਸੌ ਦੇ ਬੁਰਜ ਤੀਕ ਗਏ।
ਇੰਝ, ਉਹ ਭੇਡਾਂ ਦੇ ਫ਼ਾਟਕ ਜਿੰਨੀ ਦੂਰ ਗਏ ਅਤੇ ਦਰਬਾਨ ਫ਼ਾਟਕ
ਕੋਲ ਆ ਕੇ ਰੁਕੇ। **40**ਫ਼ੇਰ ਰਾਗੀਆਂ ਦੇ ਦੋ ਟੋਲੇ ਗਏ ਅਤੇ ਪਰਮੇਸ਼ੁਰ
ਦੇ ਭਵਨ ਵਿੱਚ ਆਪੋ-ਆਪਣੀਆਂ ਥਾਵਾਂ ਤੇ ਖੜ੍ਹੇ ਹੋ ਗਏ ਅਤੇ ਮੈਂ
ਅਤੇ ਅੱਧੇ ਅਧਿਕਾਰੀ ਜੋ ਕਿ ਮੇਰੇ ਨਾਲ ਸਨ ਆਪਣੀਆਂ ਥਾਵਾਂ ਤੇ
ਖਲੋ ਗਏ। **41**ਫ਼ਿਰ ਇਹ ਜਾਜਕ ਜਾ ਕੇ ਆਪੋ-ਆਪਣੀਆਂ ਥਾਵਾਂ ਤੇ
ਖਲੇ ਗਏ: ਅਲਯਾਕੀਮ, ਮਅਸੇਯਾਹ, ਮਿਨਯਾਮੀਨ, ਮੀਕਾਯਾਹ,
ਅਲਯੋਏਨੀ, ਜ਼ਕਰਯਾਹ ਅਤੇ ਹਨਨਯਾਹ। ਉਨ੍ਹਾਂ ਦੇ ਹੱਥਾਂ ਵਿੱਚ
ਆਪਣੀਆਂ ਤੁਰ੍ਹੀਆਂ ਸਨ। **42**ਅਤੇ ਫ਼ਿਰ ਜਾਜਕ ਮਅਸੇਯਾਹ
ਸ਼ਮਆਯਾਹ, ਅਲਆਜ਼ਾਰ, ਉੱਜ਼ੀ, ਯਹੋਹਾਨਨ, ਮਲਕੀਯਾਹ, ਏਲਾਮ
ਅਤੇ ਆਜ਼ਰ ਵੀ ਮੰਦਰ ਵਿੱਚ ਆਪੋ-ਆਪਣੀ ਥਾਂ ਤੇ ਜਾ ਖੜੋਤੇ।

ਫਿਰ ਯਜ਼ਰਹਯਾਹ ਦੀ ਪ੍ਰਧਾਨਗੀ ਵਿੱਚ ਇਨ੍ਹਾਂ ਦੋਹਾਂ ਟੋਲਿਆਂ ਨੇ
ਗਾਉਣਾ ਅਤੇ ਸੰਗੀਤ ਵਜਾਉਣਾ ਸ਼ੁਰੂ ਕਰ ਦਿੱਤਾ। **43**ਇਉਂ ਉਸ
ਖਾਸ ਦਿਹਾੜੇ ਲੋਕਾਂ ਨੇ ਵੱਡੀਆਂ ਬਲੀਆਂ ਚੜ੍ਹਾਈਆਂ ਅਤੇ ਖੂਬ
ਅਨੰਦ ਮਾਣਿਆ। ਪਰਮੇਸ਼ੁਰ ਨੇ ਸਭ ਨੂੰ ਪ੍ਰਸੰਨਤਾ ਬਖਸ਼ੀ। ਇੱਥੋਂ ਤੀਕ
ਕਿ ਔਰਤਾਂ ਤੇ ਬੱਚੇ ਵੀ ਖੁਸ਼ੀ ਨਾਲ ਉਮਾਹ ਵਿੱਚ ਸਨ। ਦੂਰ ਦੁਰਾਡੇ
ਲੋਕਾਂ ਨੂੰ ਵੀ ਯਰੂਸ਼ਲਮ ਤੋਂ ਖੁਸ਼ੀ ਦਾ ਗਾਨ ਸੁਣਾਈ ਦੇ ਰਿਹਾ ਸੀ।

**44**ਉਸ ਦਿਨ, ਆਦਮੀਆਂ ਨੂੰ ਗੋਦਾਮਾਂ ਦਾ ਮੁਖੀਆ ਵੀ ਚੁਣਿਆ
ਗਿਆ। ਲੋਕੀਂ ਆਪਣੇ ਨਾਲ ਆਪਣੀਆਂ ਸੁਗਾਤਾਂ ਸਮੇਤ ਪਹਿਲੇ
ਫ਼ਲਾਂ ਅਤੇ ਨਗਰਾਂ ਦੇ ਖੇਤਾਂ ਵਿੱਚੋਂ, ਸ਼ਰ੍ਹਾ ਦੁਆਰਾ ਜਾਜਕਾਂ ਅਤੇ
ਲੇਵੀਆਂ ਲਈ ਸੁਝਾਏ ਗਏ ਹਿੱਸਿਆਂ ਮੁਤਾਬਕ ਫ਼ਸਲਾਂ ਦੇ ਦਸਵੰਧ
ਲੈ ਕੇ ਆਏ ਅਤੇ ਫ਼ਿਰ ਉਨ੍ਹਾਂ ਮੁਖੀਆਂ ਨੇ ਉਹ ਸਮੱਗਰੀ ਗੋਦਾਮਾਂ
ਵਿੱਚ ਸੰਭਾਲੀ। ਯਹੂਦੀ ਲੋਕ ਜਾਜਕਾਂ ਅਤੇ ਲੇਵੀਆਂ ਦੀ ਜਿੰਮੇਵਾਰੀ
ਤੇ ਕੰਮ ਤੇ ਬੜੇ ਖੁਸ਼ ਸਨ। **45**ਜਾਜਕਾਂ ਤੇ ਲੇਵੀਆਂ ਨੇ ਆਪਣੇ
ਪਰਮੇਸ਼ੁਰ ਲਈ ਪੂਰੀ ਲਗਨ ਨਾਲ ਕੰਮ ਕੀਤਾ। ਉਨ੍ਹਾਂ ਨੇ ਸ਼ੁੱਧਤਾ
ਦੇ ਫ਼ਰਜ਼ ਨੂੰ ਪੂਰਿਆਂ ਕੀਤਾ ਅਤੇ ਰਾਗੀਆਂ ਅਤੇ ਦਰਬਾਨਾਂ ਨੇ
ਆਪਣਾ ਕੰਮ ਕੀਤਾ।। ਉਨ੍ਹਾਂ ਸਭਨਾਂ ਨੇ ਸਭ ਕੁਝ ਦਾਊਦ ਅਤੇ ਉਸ
ਦੇ ਪੁੱਤਰ ਸੁਲੇਮਾਨ ਦੇ ਹੁਕਮਾਂ ਮੁਤਾਬਕ ਕੀਤਾ। **46**ਕਿਉਂਕਿ ਬਹੁਤ
ਸਮਾਂ ਪਹਿਲਾਂ ਦਾਊਦ ਅਤੇ ਆਸਾਫ਼ ਦੇ ਦਿਨਾ ਵਿੱਚ ਰਾਗੀਆਂ ਦੇ
ਨਿਰਦੇਸ਼ਕ ਸਨ ਅਤੇ ਉਸਤਤ ਦੇ ਗੀਤ ਸਨ ਅਤੇ ਪਰਮੇਸ਼ੁਰ ਨੂੰ
ਧੰਨਵਾਦ ਸਨ।

**47**ਇਸ ਲਈ ਸਾਰਾ ਇਸਰਾਏਲ ਜ਼ਰੁੱਬਾਬਲ ਅਤੇ ਨਹਮਯਾਹ
ਦੇ ਸਮੇਂ ਦੌਰਾਨ ਰਾਗੀਆਂ ਅਤੇ ਦਰਬਾਨਾਂ ਦਾ ਹਿੱਸਾ ਹਰ ਰੋਜ਼ ਦਿੰਦਾ
ਰਿਹਾ। ਉਨ੍ਹਾਂ ਨੇ ਲੇਵੀਆਂ ਲਈ ਚੰਦੇ ਅੱਡ ਰੱਖੇ ਅਤੇ ਲੇਵੀਆਂ ਨੇ
ਆਪਣੇ ਚੰਦੇ ਹਾਰੂਨ ਦੀ ਵੰਸ਼ ਲਈ ਅੱਡ ਰੱਖੇ।

## ਨਹਮਯਾਹ ਦਾ ਆਖਰੀ ਹੁਕਮ

**13** **1**ਉਸ ਦਿਨ, *ਮੂਸਾ ਦੀ ਪੋਥੀ* ਸਾਰੇ ਲੋਕਾਂ ਨੂੰ ਉੱਚੀ
ਪੜ੍ਹ ਕੇ ਸੁਣਾਈ ਗਈ ਅਤੇ ਉਨ੍ਹਾਂ ਨੂੰ ਇਸ ਵਿੱਚ
ਇਹ ਲਿਖਿਆ ਮਿਲਿਆ: ਕਿਸੇ ਵੀ ਅੰਮੋਨੀ ਜਾਂ ਮੋਆਬੀ ਮਨੁੱਖ

ਨੂੰ ਕਦੇ ਵੀ ਪਰਮੇਸ਼ੁਰ ਦੀ ਸਭਾ ਵਿੱਚ ਨਹੀਂ ਆਉਣਾ ਚਾਹੀਦਾ।
2ਇਹ ਬਿਵਸਥਾ ਇਸ ਲਈ ਲਿਖੀ ਗਈ ਸੀ ਕਿਉਂਕਿ ਉਨ੍ਹਾਂ ਨੇ
ਇਸਰਾਏਲੀਆਂ ਨੂੰ ਭੋਜਨ ਅਤੇ ਪਾਣੀ ਨਾ ਦਿੱਤਾ ਸਗੋਂ ਬਿਲਆਮ
ਨੂੰ ਉਨ੍ਹਾਂ ਨੂੰ ਸਰਾਪ ਦੇਣ ਲਈ ਕੀਮਤ ਦਿੱਤੀ। ਪਰ ਸਾਡੇ ਪਰਮੇਸ਼ੁਰ
ਨੇ ਉਸ ਦੇ ਸਰਾਪ ਨੂੰ ਸਾਡੇ ਲਈ ਅਸੀਸ ਵਿੱਚ ਬਦਲ ਦਿੱਤਾ।
3ਇਸ ਲਈ ਇਸਰਾਏਲੀਆਂ ਨੇ ਜਦੋਂ ਉਸ ਬਿਵਸਥਾ ਨੂੰ ਸੁਣਿਆ,
ਉਨ੍ਹਾਂ ਨੇ ਇਸ ਨੂੰ ਮੰਨਿਆ ਅਤੇ ਸਾਰੇ ਵਿਦੇਸ਼ੀਆਂ ਨੂੰ ਇਸਰਾਏਲ
ਤੋਂ ਅਲੱਗ ਕਰ ਦਿੱਤਾ।

4-5ਪਰ ਇਸ ਤੋਂ ਪਹਿਲਾਂ, ਟੋਬੀਯਾਹ ਦੇ ਨਜ਼ਦੀਕੀ ਮਿੱਤਰ
ਅਲਯਾਸ਼ੀਬ ਜਾਜਕ ਨੇ ਜੋ ਕਿ ਸਾਡੇ ਪਰਮੇਸ਼ੁਰ ਦੇ ਮੰਦਰ ਦੇ ਗੋਦਾਮਾਂ
ਦਾ ਇੰਚਾਰਜ ਸੀ, ਉਸ ਲਈ ਇੱਕ ਵੱਡਾ ਕਮਰਾ ਬਣਵਾਇਆ।
ਇਸ ਕਮਰੇ ਨੂੰ ਭੇਟਾ ਦੀ ਸਮੱਗਰੀ ਰੱਖਣ ਲਈ ਵਰਤਿਆ ਜਾਂਦਾ
ਸੀ, ਜਿਸ ਵਿੱਚ ਅੰਨ ਦੀ ਭੇਟ, ਧੂਫ਼, ਭਾਂਡੇ, ਅੰਨ ਦਾ ਦਸਵੰਧ, ਨਵੀਂ
ਮੈਅ ਅਤੇ ਤੇਲ ਜੋ ਕਿ ਬਿਧੀ ਦੇ ਮੁਤਾਬਕ ਲੇਵੀਆਂ, ਰਾਗੀਆਂ ਅਤੇ
ਦਰਬਾਨਾਂ ਦਾ ਸੀ, ਅਤੇ ਉਨ੍ਹਾਂ ਨੇ ਜਾਜਕਾਂ ਦੀਆਂ ਭੇਟਾ ਵੀ ਉਸ
ਕਮਰੇ ਵਿੱਚ ਰੱਖੀਆਂ, ਪਰ ਅਲਯਾਸ਼ੀਬ ਨੇ ਉਹ ਕਮਰਾ ਟੋਬੀਯਾਹ
ਨੂੰ ਦੇ ਦਿੱਤਾ।

6ਜਦੋਂ ਇਹ ਸਭ ਕੁਝ ਵਾਪਰਿਆ ਮੈਂ ਯਰੂਸ਼ਲਮ ਵਿੱਚ ਨਹੀਂ
ਸੀ। ਉਸ ਵਕਤ ਮੈਂ ਬਾਬਲ ਦੇ ਪਾਤਸ਼ਾਹ ਕੋਲ ਗਿਆ ਹੋਇਆ
ਸੀ। ਮੈਂ ਪਾਤਸ਼ਾਹ ਅਰਤਹਸ਼ਸ਼ਤਾ ਦੇ ਬੱਤੀਵੇਂ ਵਰ੍ਹੇ ਵਿੱਚ ਬਾਬਲ
ਕੋਲ ਗਿਆ ਅਤੇ ਬਾਦ ਵਿੱਚ ਮੈਂ ਪਾਤਸ਼ਾਹ ਕੋਲੋਂ ਵਾਪਸ ਯਰੂਸ਼ਲਮ
ਵਿੱਚ ਜਾਣ ਦੀ ਇਜਾਜ਼ਤ ਮੰਗੀ। 7ਇਉਂ ਮੈਂ ਫ਼ਿਰ ਯਰੂਸ਼ਲਮ ਨੂੰ
ਮੁੜ ਆਇਆ। ਯਰੂਸ਼ਲਮ ਵਿੱਚ ਆ ਕੇ ਮੈਨੂੰ ਅਲਯਾਸ਼ੀਬ ਦੇ
ਮਾੜੇ ਕੰਮ ਬਾਰੇ ਪਤਾ ਲੱਗਾ ਕਿ ਉਸ ਨੇ ਟੋਬੀਯਾਹ ਨੂੰ ਪਰਮੇਸ਼ੁਰ
ਦੇ ਮੰਦਰ ਦੇ ਵਿਹੜੇ ਵਿੱਚ ਕਮਰਾ ਦਿੱਤਾ ਹੋਇਆ ਸੀ। 8ਮੈਨੂੰ ਬੜਾ
ਕਰੋਧ ਆਇਆ ਤੇ ਮੈਂ ਟੋਬੀਯਾਹ ਦੀਆਂ ਸਾਰੀਆਂ ਵਸਤਾਂ ਕਮਰੇ
'ਚੋਂ ਬਾਹਰ ਸੁੱਟ ਦਿੱਤੀਆਂ। 9ਤੇ ਮੈਂ ਉਨ੍ਹਾਂ ਕਮਰਿਆਂ ਨੂੰ ਮੁੜ ਪਵਿੱਤਰ
ਅਤੇ ਸਾਫ਼ ਕਰਨ ਦਾ ਹੁਕਮ ਦਿੱਤਾ ਫ਼ਿਰ ਤੋਂ ਮੈਂ ਪਰਮੇਸ਼ੁਰ ਦੇ ਮੰਦਰ
ਦੇ ਭਾਂਡੇ, ਅੰਨ ਦੀਆਂ ਭੇਟਾਂ ਅਤੇ ਧੂਪ ਨੂੰ ਵਾਪਸ ਲੈ ਆਇਆ।

10ਫ਼ਿਰ ਮੈਂ ਇਹ ਵੀ ਸੁਣਿਆ ਕਿ ਲੋਕਾਂ ਨੇ ਲੇਵੀਆਂ ਨੂੰ ਉਨ੍ਹਾਂ
ਦਾ ਹਿੱਸਾ ਨਹੀਂ ਦਿੱਤਾ ਸੀ ਇਸ ਲਈ ਲੇਵੀ ਅਤੇ ਰਾਗੀ ਜਿਨ੍ਹਾਂ ਨੇ
ਸੇਵਾ ਕੀਤੀ ਸੀ, ਮੁੜ ਆਪਣੇ ਖੇਤਾਂ ਨੂੰ ਚਲੇ ਗਏ ਸਨ। 11ਫ਼ੇਰ ਮੈਂ
ਅਧਿਕਾਰੀਆਂ ਨੂੰ ਉਨ੍ਹਾਂ ਦੇ ਗ਼ਲਤ ਕੰਮਾਂ ਕਾਰਣ ਝਿੜਕਿਆ ਅਤੇ
ਆਖਿਆ, "ਪਰਮੇਸ਼ੁਰ ਦੇ ਮੰਦਰ ਦੀ ਬੇਅਦਬੀ ਕਿਉਂ ਕੀਤੀ ਗਈ
ਹੈ?" ਫ਼ਿਰ ਮੈਂ ਉਨ੍ਹਾਂ ਸਾਰਿਆਂ ਨੂੰ ਇਕੱਠਿਆਂ ਕੀਤਾ ਅਤੇ ਇੱਕ ਵਾਰ
ਫ਼ਿਰ ਤੋਂ ਉਨ੍ਹਾਂ ਨੂੰ ਉਨ੍ਹਾਂ ਦੀ ਡਿਊਟੀ ਵਾਲੀ ਜਗ੍ਹਾ ਤੇ ਲਾ ਦਿੱਤਾ।
12ਤਦ ਯਹੂਦਾਹ ਦੇ ਹਰ ਮਨੁੱਖ ਨੇ ਆਪਣੀ ਫ਼ਸਲ ਦੇ ਅੰਨ ਦਾ
ਦਸਵੰਧ, ਨਵੀਂ ਮੈਅ ਤੇ ਮੰਦਰ ਲਈ ਤੇਲ ਲਿਆਂਦਾ। ਅਤੇ ਇਨ੍ਹਾਂ
ਵਸਤਾਂ ਨੂੰ ਗੋਦਾਮਾਂ ਵਿੱਚ ਰੱਖਿਆ ਗਿਆ।

13ਮੈਂ ਸ਼ਲਮਯਾਹ ਜਾਜਕ, ਸਾਦੋਕ ਲਿਖਾਰੀ ਅਤੇ ਲੇਵੀਆਂ ਵਿੱਚੋਂ
ਪਦਾਯਾਹ ਨੂੰ ਖਜ਼ਾਨਿਆਂ ਉੱਪਰ ਖਜਾਨਚੀ ਬਣਾਇਆ ਅਤੇ ਇਨ੍ਹਾਂ
ਦੇ ਹੇਠ ਮੱਤਨਯਾਹ ਦੇ ਪੋਤਰੇ, ਜ਼ੱਕੂਰ ਦੇ ਪੁੱਤਰ ਹਾਨਾਨ ਨੂੰ ਰੱਖਿਆ
ਕਿਉਂਕਿ ਉਹ ਇਮਾਨਦਾਰ ਹੋਣ ਵਜੋਂ ਮੰਨੇ ਜਾਂਦੇ ਸੀ ਅਤੇ ਆਪਣੇ
ਸਬੰਧੀਆਂ ਵਿੱਚ ਵੰਡਣ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਸੀ।

14ਹੇ ਪਰਮੇਸ਼ੁਰ, ਕਿਰਪਾ ਕਰਕੇ ਮੇਰੀ ਕਰਨੀ ਵਜੋਂ ਮੈਨੂੰ ਅਤੇ ਜੋ
ਵੀ ਮੈਂ ਮੇਰੇ ਪਰਮੇਸ਼ੁਰ ਦੇ ਮੰਦਰ ਦੀ ਸੇਵਾ ਵਿੱਚ ਇਮਾਨਦਾਰੀ ਅਤੇ
ਵਫ਼ਾਦਾਰੀ ਨਾਲ ਕੀਤਾ ਹੈ ਉਸ ਨੂੰ ਯਾਦ ਰੱਖੀਂ।

15ਉਨ੍ਹਾਂ ਦਿਨਾਂ ਵਿੱਚ, ਯਹੂਦਾਹ ਵਿੱਚ ਮੈਂ ਲੋਕਾਂ ਨੂੰ ਸਬਤ ਦੇ ਦਿਨ
ਵੀ ਕੰਮ ਕਰਦਿਆਂ ਵੇਖਿਆ ਤੇ ਲੋਕਾਂ ਨੂੰ ਅੰਗੂਰਾਂ ਚੋ ਦਾਖ ਰਸ
ਕੱਢਦਿਆਂ ਵੀ ਵੇਖਿਆ। ਮੈਂ ਲੋਕਾਂ ਨੂੰ ਖੋਤਿਆਂ ਉੱਪਰ ਅੰਨ ਲੱਦ
ਕੇ ਅੰਦਰ ਲਿਆਉਂਦੇ ਵੀ ਵੇਖਿਆ ਅਤੇ ਮੈਂ ਉਨ੍ਹਾਂ ਨੂੰ ਮੈਅ, ਅੰਗੂਰ,
ਅੰਜੀਰ ਅਤੇ ਹੋਰ ਵਸਤਾਂ ਸ਼ਹਿਰ ਵਿੱਚ ਲਿਆਉਂਦੇ ਵੀ ਵੇਖਿਆ।
ਉਹ ਲੋਕ ਇਹ ਸਭ ਵਸਤਾਂ ਸਬਤ ਦੇ ਦਿਨ ਯਰੂਸ਼ਲਮ ਵਿੱਚ
ਲਿਆਉਂਦੇ ਸਨ ਤਾਂ ਮੈਂ ਉਨ੍ਹਾਂ ਨੂੰ ਇਸ ਸਭ ਤੋਂ ਖਬਰਦਾਰ ਕੀਤਾ ਤੇ
ਉਨ੍ਹਾਂ ਨੂੰ ਸਬਤ ਦੇ ਦਿਨ ਵਪਾਰ ਕਰਨੋ ਵਰਜਿਆ।

16ਯਰੂਸ਼ਲਮ ਵਿੱਚ ਕੁਝ ਲੋਕ ਸੂਰ ਸ਼ਹਿਰ ਦੇ ਵੀ ਵੱਸਦੇ ਸਨ
ਅਤੇ ਉਹ ਲੋਕ ਸਬਤ ਤੇ ਯਹੂਦੀਆਂ ਲਈ ਯਰੂਸ਼ਲਮ ਵਿੱਚ
ਮੱਛੀਆਂ ਅਤੇ ਹੋਰ ਕਈ ਪ੍ਰਕਾਰ ਦੀਆਂ ਵਸਤਾਂ ਲਿਆਏ। 17ਮੈਂ
ਯਹੂਦਾਹ ਦੇ ਸੱਜਣਾਂ ਨੂੰ ਝਿੜਕਿਆ ਅਤੇ ਆਖਿਆ, "ਇਹ ਕਿਹੋ
ਜਿਹੀ ਬਦੀ ਹੈ ਜੋ ਤੁਸੀਂ ਸਬਤ ਦੀ ਮਹਾਨਤਾ ਨੂੰ ਤਬਾਹ ਕਰਕੇ
ਕਰ ਰਹੇ ਹੋਂ ਅਤੇ ਇਸ ਨੂੰ ਆਮ ਦਿਨ ਵਾਂਗ ਬਣਾ ਰਹੇ ਹੋਂ। 18ਕੀ
ਤੁਹਾਡੇ ਪੁਰਖਿਆਂ ਨੇ ਇੰਝ ਹੀ ਵਿਖਾਵਾ ਨਹੀਂ ਕੀਤਾ? ਜਿਸ ਕਾਰਣ
ਸਾਡੇ ਪਰਮੇਸ਼ੁਰ ਨੇ ਸਾਡੇ ਉੱਤੇ ਅਤੇ ਇਸ ਸ਼ਹਿਰ ਉੱਪਰ ਤਕਲੀਫ਼ਾਂ
ਅਤੇ ਕਰੋਪੀ ਲਿਆਂਦੀ ਸੀ। ਹੁਣ ਤੁਸੀਂ ਸਬਤ ਦਾ ਅਪਮਾਨ ਕਰਕੇ
ਪਰਮੇਸ਼ੁਰ ਦਾ ਗੁੱਸਾ ਇਸਰਾਏਲ ਦੇ ਖਿਲਾਫ਼ ਹੋਰ ਵੀ ਵਧਾ ਰਹੇ ਹੋ।"

19ਇਹ ਕੁਝ ਹੈ ਜੋ ਮੈਂ ਕੀਤਾ: ਹਰ ਸ਼ੁਕਰਵਾਰ ਦੀ ਸ਼ਾਮ, ਹਨੇਰਾ
ਹੋਣ ਤੋਂ ਪਹਿਲਾਂ, ਮੈਂ ਦਰਬਾਨਾਂ ਨੂੰ ਯਰੂਸ਼ਲਮ ਦੇ ਫ਼ਾਟਕਾਂ ਨੂੰ ਬੰਦ
ਕਰਕੇ ਜੰਦਰੇ ਲਾਉਣ ਦਾ ਹੁਕਮ ਦੇ ਦਿੱਤਾ। ਅਤੇ ਉਨ੍ਹਾਂ ਨੂੰ ਆਦੇਸ਼
ਦਿੱਤਾ ਕਿ ਜਦ ਤੱਕ ਸਬਤ ਦੇ ਖਤਮ ਨਾ ਹੋ ਜਾਵੇ ਉਹ ਖੋਲ੍ਹੇ ਨਾ ਜਾਣ।
ਮੈਂ ਆਪਣੇ ਕੁਝ ਖਾਸ ਲੋਕਾਂ ਨੂੰ ਫ਼ਾਟਕਾਂ ਤੇ ਬਿਠਾਇਆ ਤੇ ਉਨ੍ਹਾਂ ਨੂੰ
ਇਹ ਨਿਗਰਾਨੀ ਰੱਖਣ ਦਾ ਹੁਕਮ ਦਿੱਤਾ ਕਿ ਕੋਈ ਵੀ ਮਨੁੱਖ ਸਬਤ
ਦੇ ਦਿਨ ਯਰੂਸ਼ਲਮ ਵਿੱਚ ਕੋਈ ਭਾਰ ਅੰਦਰ ਨਾ ਲਿਆਵੇ।

20ਇੱਕ ਦੋ ਵਾਰੀ ਕੁਝ ਵਪਾਰੀਆਂ ਅਤੇ ਸੌਦਾਗਰਾਂ ਨੇ ਰਾਤ
ਯਰੂਸ਼ਲਮ ਤੋਂ ਬਾਹਰ ਗੁਜ਼ਾਰੀ। 21ਪਰ ਮੈਂ ਉਨ੍ਹਾਂ ਨੂੰ ਖਬਰਦਾਰ ਕੀਤਾ
ਅਤੇ ਆਖਿਆ, "ਤੁਸੀਂ ਰਾਤ ਵੇਲੇ ਕੰਧ ਤੋਂ ਬਾਹਰ ਕਿਉਂ ਟਿਕਦੇ ਹੋ?
ਜੇਕਰ ਦੁਬਾਰਾ ਤੁਸੀਂ ਇਵੇਂ ਕੀਤਾ, ਤਾਂ ਮੈਂ ਤੁਹਾਡੇ ਖਿਲਾਫ਼ ਤਾਕਤ
ਇਸਤੇਮਾਲ ਕਰਾਂਗਾ।" ਇਉਂ ਉਸ ਦਿਨ ਤੋਂ ਬਾਦ ਮੁੜ ਕਦੀ ਵੀ
ਉਹ ਸਬਤ ਦੇ ਦਿਨ ਆਪਣੀਆਂ ਵਸਤਾਂ ਵੇਚਣ ਨਾ ਆਏ।

22ਫ਼ਿਰ ਮੈਂ ਲੇਵੀਆਂ ਨੂੰ ਆਪਣੇ-ਆਪ ਨੂੰ ਸ਼ੁੱਧ ਕਰਨ ਦਾ ਅਤੇ
ਫ਼ਾਟਕਾਂ ਦੀ ਪਹਿਰੇਦਾਰੀ ਕਰਨ ਦਾ ਹੁਕਮ ਦਿੱਤਾ। ਇਹ ਸਭ ਕੁਝ
ਸਬਤ ਨੂੰ ਇੱਕ ਪਵਿੱਤਰ ਦਿਨ ਰੱਖਣ ਵਜੋਂ ਕੀਤਾ ਗਿਆ ਸੀ।

ਹੇ ਪਰਮੇਸ਼ੁਰ! ਕਿਰਪਾ ਕਰਕੇ ਮੇਰੀ ਕਰਨੀ ਕਰਕੇ ਮੈਨੂੰ ਚੇਤੇ ਰੱਖ,
ਮੇਰੇ ਤੇ ਦਯਾ ਕਰ ਤੇ ਮੇਰੇ ਤੇ ਆਪਣੀ ਮਹਾਨ ਵਫ਼ਾਦਾਰੀ ਵਰਸਾ।

23ਉਨ੍ਹਾਂ ਦਿਨਾਂ ਵਿੱਚ ਮੈਂ ਦੇਖਿਆ ਕਿ ਕੁਝ ਯਹੂਦੀਆਂ ਨੇ
ਅਸ਼ਦੋਦੀ, ਅੰਮੋਨੀ ਅਤੇ ਮੋਆਬੀ ਔਰਤਾਂ ਨਾਲ ਵਿਆਹ ਕਰਵਾ
ਲਏ ਸਨ। 24ਅਤੇ ਉਨ੍ਹਾਂ ਵਿਆਹਾਂ ਚੋ ਪੈਦਾ ਹੋਏ ਬੱਚਿਆਂ ਵਿੱਚੋਂ
ਅੱਧਿਆਂ ਨੂੰ ਯਹੂਦੀ ਬੋਲੀ ਬੋਲਣੀ ਨਹੀਂ ਸੀ ਆਉਂਦੀ। ਇਨ੍ਹਾਂ
ਬੱਚਿਆਂ ਨੇ ਅਸ਼ਦੋਦੀ ਅਤੇ ਵੱਖੋ-ਵੱਖ ਲੋਕਾਂ ਦੀ ਭਾਸ਼ਾ ਬੋਲੀ।
25ਤਾਂ ਫ਼ਿਰ ਮੈਂ ਉਨ੍ਹਾਂ ਆਦਮੀਆਂ ਨੂੰ ਕਿਹਾ ਕਿ ਉਹ ਗਲਤ ਕੰਮ
ਕਰ ਰਹੇ ਸਨ ਤੇ ਉਨ੍ਹਾਂ ਨੂੰ ਡਾਂਟਿਆ। ਕਈਆਂ ਨੂੰ ਤਾਂ ਮੈਂ ਕੁੱਟਿਆ
ਵੀ ਤੇ ਕਈਆਂ ਦੇ ਵਾਲ ਵੀ ਪੁੱਟੇ। ਮੈਂ ਉਨ੍ਹਾਂ ਨੂੰ ਪਰਮੇਸ਼ੁਰ ਦੇ ਨਾਂ
ਦੀ ਸੌਂਹ ਲੈਣ ਲਈ ਮਜ਼ਬੂਰ ਕੀਤਾ। ਮੈਂ ਉਨ੍ਹਾਂ ਨੂੰ ਆਖਿਆ,
"ਆਪਣੀਆਂ ਧੀਆਂ ਨੂੰ ਉਨ੍ਹਾਂ ਦੇ ਮੁੰਡਿਆਂ ਨਾਲ ਵਿਆਹ ਕਰਵਾਉਣ
ਲਈ ਨਾ ਦਿਓ। ਉਨ੍ਹਾਂ ਵਿਦੇਸ਼ੀਆਂ ਦੀਆਂ ਧੀਆਂ ਨਾਲ ਆਪਣੇ

ਪੁੱਤਰਾਂ ਦਾ ਵਿਆਹ ਨਾ ਕਰੋ। ਤੁਸੀਂ ਉਨ੍ਹਾਂ ਦੀਆਂ ਧੀਆਂ ਨਾਲ
ਵਿਆਹ ਨਾ ਕਰਿਓ। 26ਕੀ ਇਸਰਾਏਲ ਦੇ ਪਾਤਸ਼ਾਹ, ਸੁਲੇਮਾਨ
ਨੇ ਇਹੋ ਜਿਹੀਆਂ ਔਰਤਾਂ ਕਾਰਣ ਹੀ ਪਾਪ ਨਹੀਂ ਕੀਤਾ? ਸਾਰੀਆਂ
ਕੌਮਾਂ ਵਿੱਚ ਉਸ ਵਰਗਾ ਕੋਈ ਪਾਤਸ਼ਾਹ ਨਹੀਂ ਸੀ। ਉਹ ਆਪਣੇ
ਪਰਮੇਸ਼ੁਰ ਦਾ ਪਿਆਰਾ ਸੀ। ਤੇ ਪਰਮੇਸ਼ੁਰ ਨੇ ਉਸ ਨੂੰ ਸਾਰੇ
ਇਸਰਾਏਲ ਉੱਪਰ ਪਾਤਸ਼ਾਹੀ ਬਖਸ਼ੀ ਸੀ, ਪਰ ਵਿਦੇਸ਼ੀ ਔਰਤਾਂ
ਨੇ ਉਸ ਤੋਂ ਵੀ ਪਾਪ ਕਰਵਾਇਆ। 27ਤੇ ਹੁਣ ਅਸੀਂ ਇਹ ਸੁਣ ਰਹੇ
ਹਾਂ ਕਿ ਤੁਸੀਂ ਵੀ ਇਹ ਪਾਪ ਕਮਾ ਰਹੇ ਹੋ। ਤੁਸੀਂ ਸਾਡੇ ਪਰਮੇਸ਼ੁਰ
ਨਾਲ ਸੱਚੇ ਨਹੀਂ ਹੋ ਤੇ ਤੁਸੀਂ ਵਿਦੇਸ਼ੀ ਔਰਤਾਂ ਨਾਲ ਵਿਆਹ ਕਰਵਾ
ਰਹੇ ਹੋ।”

28ਪਰਧਾਨ ਜਾਜਕ ਅਲਯਾਸ਼ੀਬ ਦਾ ਪੁੱਤਰ ਯੋਯਾਦਆ ਸੀ।
ਯੋਯਾਦਆ ਦੇ ਪੁੱਤਰਾਂ ਵਿੱਚੋਂ ਇੱਕ ਹੋਰੋਨੀ ਦੇ ਸਨਬੱਲਟ ਦਾ ਜਵਾਈ
ਸੀ। ਮੈਂ ਉਸ ਆਦਮੀ ਨੂੰ ਇੱਥੋਂ ਭਜਾਅ ਦਿੱਤਾ। ਇਸ ਥਾਂ ਤੋਂ ਮੈਂ ਉਸ
ਨੂੰ ਬਾਹਰ ਕੱਢ ਦਿੱਤਾ।

29ਹੇ ਮੇਰੇ ਪਰਮੇਸ਼ੁਰ! ਉਨ੍ਹਾਂ ਨੂੰ ਚੇਤੇ ਕਰ ਕਿ ਉਨ੍ਹਾਂ ਨੇ ਜਾਜਕ
ਦੇ ਰੁਤਬੇ ਨੂੰ ਭਰਿਸ਼ਟ ਕੀਤਾ ਹੈ ਜਿਵੇਂ ਕਿ ਇਹ ਕੋਈ ਖੇਡ ਹੋਵੇ।
ਜਿਹੜਾ ਬਚਨ ਤੂੰ ਜਾਜਕਾਂ ਤੇ ਲੇਵੀਆਂ ਨਾਲ ਕੀਤਾ ਸੀ ਉਨ੍ਹਾਂ ਨੇ
ਇਸ ਨੂੰ ਪੂਰਾ ਨਹੀਂ ਕੀਤਾ। 30ਮੈਂ ਸਾਰੇ ਵਿਦੇਸ਼ੀਆਂ ਨੂੰ ਬਾਹਰ ਕੱਢ
ਕੇ ਜਾਜਕਾਂ ਅਤੇ ਲੇਵੀਆਂ ਨੂੰ ਸ਼ੁੱਧ ਬਣਾਇਆ। ਫ਼ੇਰ ਮੈਂ ਜਾਜਕਾਂ
ਅਤੇ ਲੇਵੀਆਂ ਨੂੰ ਉਨ੍ਹਾਂ ਦੇ ਫ਼ਰਜਾਂ ਅਤੇ ਜਿੰਮੇਵਾਰੀਆਂ ਮੁਤਾਬਕ ਕੰਮ
ਦਿੱਤਾ। 31ਅਤੇ ਮੈਂ ਲੋਕਾਂ ਨੂੰ ਨਿਯਮਿਤ ਸਮੇਂ ਤੇ ਲੱਕੜ ਚੜ੍ਹਾਵਿਆਂ
ਅਤੇ ਪਹਿਲੇ ਫ਼ਲਾਂ ਬਾਰੇ ਯਾਦ ਕਰਵਾਇਆ।

ਹੇ ਮੇਰੇ ਪਰਮੇਸ਼ੁਰ, ਕਿਰਪਾ ਕਰਕੇ ਨੇਕੀ ਕਰਨ ਲਈ ਮੈਨੂੰ ਚੇਤੇ
ਰੱਖੀਂ।



## ਨੋਟਸ